Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ

ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 129 Chief Editor : Chowdhary Prabhjit Singh, Editor : Chhatarpal Singh 98146-32807, Friday 6 November 2026 Price : 2 Rs. Page : 6

ਪੰਜਾਬ ਤੇ ਚੰਡੀਗੜ੍ਹ ਸਮੇਤ 6 ਸੂਬਿਆਂ 'ਚ ਐੱਸ ਐੱਸ ਆਰ 20 ਨਵੰਬਰ ਤੋਂ: 21 ਜਨਵਰੀ ਨੂੰ ਆਵੇਗੀ ਅੰਤਿਮ ਲਿਸਟ

ਚੋਣ ਕਮਿਸ਼ਨ ਵੱਲੋਂ ਨਵਾਂ ਸ਼ਡਿਊਲ ਜਾਰੀ; 30 ਨਵੰਬਰ ਤੋਂ 30 ਦਸੰਬਰ ਤੱਕ ਦਰਜ ਕਰਵਾਏ ਜਾ ਸਕਣਗੇ ਦਾਅਵੇ ਤੇ ਇਤਰਾਜ਼

ਨਵੀਂ ਦਿੱਲੀ, 5 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਭਾਰਤੀ ਚੋਣ ਕਮਿਸ਼ਨ ਨੇ ਵੀਰਵਾਰ ਨੂੰ ਐਲਾਨ ਕੀਤਾ ਹੈ ਕਿ ਚੰਡੀਗੜ੍ਹ ਸਮੇਤ ਛੇ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਸਰਸਰੀ ਸੁਧਾਈ 20 ਨਵੰਬਰ ਤੋਂ ਸ਼ੁਰੂ ਹੋਵੇਗੀ, ਜਦੋਂ ਕਿ ਅੰਤਿਮ ਵੋਟਰ ਸੂਚੀ 21 ਜਨਵਰੀ 2027 ਨੂੰ ਜਾਰੀ ਕੀਤੀ ਜਾਵੇਗੀ। ਚੋਣ ਕਮਿਸ਼ਨ ਵੱਲੋਂ ਜਾਰੀ ਸ਼ਡਿਊਲ ਅਨੁਸਾਰ 20 ਨਵੰਬਰ 2026 ਤੱਕ ਪੋਲਿੰਗ ਸਟੇਸ਼ਨਾਂ ਦਾ ਯੂਕਤੀਕਰਨ (ਤਰਕਸੰਗਤ ਬਣਾਉਣਾ) ਕੀਤਾ ਜਾਵੇਗਾ।



ਏਕੀਕ੍ਰਿਤ ਡਰਾਫਟ ਵੋਟਰ ਸੂਚੀ 30 ਨਵੰਬਰ 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ, ਜਦੋਂ ਕਿ ਦਾਅਵੇ ਅਤੇ ਇਤਰਾਜ਼ ਦਰਜ ਕਰਵਾਉਣ ਦਾ ਸਮਾਂ 30 ਨਵੰਬਰ 2026 ਤੋਂ 30 ਦਸੰਬਰ 2026 ਤੱਕ ਹੋਵੇਗਾ। ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ 16 ਜਨਵਰੀ 2027 ਤੱਕ ਕੀਤਾ ਜਾਵੇਗਾ।

ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨ 21 ਜਨਵਰੀ 2027 ਨੂੰ ਕੀਤੀ ਜਾਵੇਗੀ। ਜਿਨ੍ਹਾਂ ਛੇ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਲਈ ਐੱਸਐੱਸਆਰ ਸ਼ਡਿਊਲ ਦਾ ਐਲਾਨ ਕੀਤਾ ਗਿਆ ਹੈ, ਉਹ ਉਨ੍ਹਾਂ 17 ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਤੋਂ ਇਲਾਵਾ ਹਨ, ਜਿਨ੍ਹਾਂ ਦੇ ਸ਼ਡਿਊਲ ਦਾ ਐਲਾਨ ਚੋਣ ਸੰਸਥਾ ਵੱਲੋਂ ਪਿਛਲੇ ਮਹੀਨੇ ਕੀਤਾ ਗਿਆ ਸੀ।

ਇਸ ਤਰ੍ਹਾਂ, ਹੁਣ ਕੁੱਲ ਮਿਲਾ ਕੇ 23 ਸੂਬੇ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਹਨ, ਜਿੱਥੇ ਐੱਸਐੱਸਆਰ ਕਰਵਾਇਆ ਜਾਣਾ ਹੈ। ਜ਼ਿਕਰਯੋਗ ਹੈ ਕਿ ਇਹ ਉਹ ਸੂਬੇ ਹਨ ਜਿੱਥੇ ਵੋਟਰ ਸੂਚੀਆਂ ਦੀ ਵਿਸ਼ੇਸ਼ ਸੰਘਣੀ ਸੁਧਾਈ ਪੂਰੀ ਹੋ ਚੁੱਕੀ ਹੈ। ਇਨ੍ਹਾਂ ਵਿੱਚ ਉਹ ਸੂਬੇ ਵੀ ਸ਼ਾਮਲ ਹਨ ਜਿੱਥੇ ਅਗਲੇ ਸਾਲ ਦੇ ਸ਼ੁਰੂ ਵਿੱਚ ਵਿਧਾਨ ਸਭਾ ਚੋਣਾਂ ਹੋਣੀਆਂ ਹਨ, ਜਿਨ੍ਹਾਂ ਵਿੱਚ ਪੰਜਾਬ ਵੀ ਸ਼ਾਮਲ ਹੈ। ਇਹ 23 ਸੂਬੇ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ (ਉੱਪਰ ਦੱਸੇ ਗਏ ਛੇ ਸਮੇਤ) ਇਸ ਪ੍ਰਕਾਰ ਹਨ: ਪੰਜਾਬ, ਚੰਡੀਗੜ੍ਹ, ਅੰਡੇਮਾਨ ਤੇ ਨਿਕੋਬਾਰ ਦੀਪ ਸਮੂਹ, ਅਸਾਮ, ਬਿਹਾਰ, ਛੱਤੀਸਗੜ੍ਹ, ਗੋਆ, ਗੁਜਰਾਤ, ਕੇਰਲ, ਲਕਸ਼ਦੀਪ, ਮੱਧ ਪ੍ਰਦੇਸ਼, ਮਨੀਪੁਰ, ਪੁਡੂਚੇਰੀ, ਰਾਜਸਥਾਨ, ਤਾਮਿਲਨਾਡੂ, ਉੱਤਰ ਪ੍ਰਦੇਸ਼, ਉੱਤਰਾਖੰਡ, ਪੱਛਮੀ ਬੰਗਾਲ, ਅਰੁਣਾਚਲ ਪ੍ਰਦੇਸ਼, ਦਾਦਰਾ ਨਗਰ ਹਵੇਲੀ ਤੇ ਦਮਨ ਦੀਵ, ਮਿਜ਼ੋਰਮ, ਉੜੀਸਾ ਅਤੇ ਸਿੱਕਮ।

ਐੱਸਐੱਸਆਰ ਆਮ ਤੌਰ 'ਤੇ ਨਵੰਬਰ-ਜਨਵਰੀ ਦੇ ਸ਼ਡਿਊਲ ਅਨੁਸਾਰ ਹੁੰਦਾ ਹੈ। ਇਹ ਪਿਛਲੀ ਵਾਰ ਨਵੰਬਰ 2024 ਤੋਂ ਜਨਵਰੀ 2025 ਦੇ ਚੱਕਰ ਦੌਰਾਨ ਕਰਵਾਇਆ ਗਿਆ ਸੀ। ਨਵੰਬਰ 2025 ਤੋਂ ਜਨਵਰੀ 2026 ਦੀ ਮਿਆਦ ਦੌਰਾਨ ਇਹ ਨਹੀਂ ਕਰਵਾਇਆ ਗਿਆ ਸੀ ਕਿਉਂਕਿ ਉਸ ਸਮੇਂ ਉਪਰੋਕਤ ਸੂਬਿਆਂ ਵਿੱਚ ਐੱਸਆਈਆਰ ਚੱਲ ਰਿਹਾ ਸੀ। ਐੱਸਐੱਸਆਰ ਹਰ ਸਾਲ 1 ਜਨਵਰੀ ਦੀ ਯੋਗਤਾ ਮਿਤੀ ਦੇ ਹਵਾਲੇ ਨਾਲ ਯੋਗ ਵੋਟਰਾਂ ਅਤੇ ਨਵੇਂ ਵੋਟਰਾਂ ਦੀ ਰਜਿਸਟਰੇਸ਼ਨ ਦੀ ਸੁਵਿਧਾ ਲਈ ਕਰਵਾਇਆ ਜਾਂਦਾ ਹੈ, ਨਾਲ ਹੀ ਅਗਲੀਆਂ ਤਿੰਨ ਯੋਗਤਾ ਮਿਤੀਆਂ 1 ਅਪਰੈਲ, 1 ਜੁਲਾਈ ਅਤੇ 1 ਅਕਤੂਬਰ ਲਈ ਵੀ ਅਗਾਊਂ ਅਰਜ਼ੀਆਂ ਮੰਗੀਆਂ ਜਾਂਦੀਆਂ ਹਨ।

ਚੋਣ ਕਮਿਸ਼ਨ ਨੇ ਅੱਗੇ ਦੱਸਿਆ ਕਿ ਜਿਨ੍ਹਾਂ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚ ਐੱਸਆਈਆਰ ਚੱਲ ਰਿਹਾ ਹੈ ਜਾਂ ਹੁਣੇ ਹੀ ਪੂਰਾ ਹੋਇਆ ਹੈ, ਉਨ੍ਹਾਂ ਲਈ ਐੱਸਐੱਸਆਰ ਸ਼ਡਿਊਲ ਦਾ ਐਲਾਨ ਬਾਅਦ ਵਿੱਚ ਕੀਤਾ ਜਾਵੇਗਾ। ਇਹ ਸੂਬੇ ਆਂਧਰਾ ਪ੍ਰਦੇਸ਼, ਹਰਿਆਣਾ, ਝਾਰਖੰਡ, ਕਰਨਾਟਕ, ਮਹਾਰਾਸ਼ਟਰ, ਮੇਘਾਲਿਆ, ਨਾਗਾਲੈਂਡ, ਰਾਸ਼ਟਰੀ ਰਾਜਧਾਨੀ ਖੇਤਰ ਦਿੱਲੀ, ਤ੍ਰਿਪੁਰਾ ਅਤੇ ਤੇਲੰਗਾਨਾ ਹਨ। ਇਸ ਤੋਂ ਇਲਾਵਾ, ਤਿੰਨ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਯਾਨੀ ਹਿਮਾਚਲ ਪ੍ਰਦੇਸ਼, ਜੰਮੂ-ਕਸ਼ਮੀਰ ਅਤੇ ਲੱਦਾਖ, ਜਿੱਥੇ ਅਜੇ ਤੱਕ ਐੱਸਆਈਆਰ ਸ਼ੁਰੂ ਨਹੀਂ ਹੋਇਆ ਹੈ, ਲਈ ਐੱਸਐੱਸਆਰ ਸ਼ਡਿਊਲ ਦਾ ਐਲਾਨ ਮੌਸਮ ਦੀਆਂ ਸਥਿਤੀਆਂ ਨੂੰ ਧਿਆਨ ਵਿੱਚ ਰੱਖਦੇ ਹੋਏ ਢੁਕਵੇਂ ਸਮੇਂ 'ਤੇ ਕੀਤਾ ਜਾਵੇਗਾ।

ਪਿਛਲੇ ਮਹੀਨੇ ਚੋਣ ਕਮਿਸ਼ਨ ਨੇ ਐਲਾਨ ਕੀਤਾ ਸੀ ਕਿ 17 ਸੂਬਿਆਂ ਵਿੱਚ, ਜਿੱਥੇ ਐੱਸਆਈਆਰ ਪੂਰਾ ਹੋ ਚੁੱਕਾ ਹੈ, ਐੱਸਐੱਸਆਰ 2 ਨਵੰਬਰ 2026 ਤੋਂ ਸ਼ੁਰੂ ਹੋਵੇਗਾ ਅਤੇ ਅੰਤਿਮ ਵੋਟਰ ਸੂਚੀ 4 ਜਨਵਰੀ 2027 ਨੂੰ ਸਾਹਮਣੇ ਆਵੇਗੀ। ਇਹ 17 ਸੂਬੇ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਅੰਡੇਮਾਨ ਤੇ ਨਿਕੋਬਾਰ ਦੀਪ ਸਮੂਹ, ਅਸਾਮ, ਬਿਹਾਰ, ਛੱਤੀਸਗੜ੍ਹ, ਗੋਆ, ਗੁਜਰਾਤ, ਕੇਰਲ, ਲਕਸ਼ਦੀਪ, ਮੱਧ ਪ੍ਰਦੇਸ਼, ਮਨੀਪੁਰ, ਪੁਡੂਚੇਰੀ, ਪੰਜਾਬ, ਰਾਜਸਥਾਨ, ਤਾਮਿਲਨਾਡੂ, ਉੱਤਰ ਪ੍ਰਦੇਸ਼, ਉੱਤਰਾਖੰਡ ਅਤੇ ਪੱਛਮੀ ਬੰਗਾਲ ਸਨ।

ਕਰਾਰੀ ਹਾਰ ਤੋਂ ਬਾਅਦ ਪੱਲਾ ਝਾੜਦੇ ਨਜ਼ਰ ਆਏ ਡੋਨਾਲਡ ਟਰੰਪ, ਦੂਜਿਆਂ 'ਤੇ ਮੜ੍ਹਿਆ ਠੀਕਰਾ

ਵਾਸ਼ਿੰਗਟਨ, 5 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਅਮਰੀਕੀ ਮੱਧ-ਕਾਲੀ ਚੋਣਾਂ ਵਿੱਚ ਰਿਪਬਲੀਕਨ ਪਾਰਟੀ ਨੂੰ ਮਿਲੀ ਕਰਾਰੀ ਹਾਰ ਤੋਂ ਬਾਅਦ ਰਾਸ਼ਟਰਪਤੀ ਡੋਨਲਡ ਟਰੰਪ ਵੱਲੋਂ ਇਸ ਦੀ ਜ਼ਿੰਮੇਵਾਰੀ ਲੈਣ ਤੋਂ ਸਾਫ਼ ਇਨਕਾਰ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਚੋਣ ਪ੍ਰਚਾਰ ਦੌਰਾਨ ਟਰੰਪ ਨੇ ਖ਼ੁਦ ਧੂੰਆਂਧਾਰ ਸਭਾਵਾਂ ਕੀਤੀਆਂ ਸਨ ਅਤੇ ਵੋਟਰਾਂ ਨੂੰ ਅਪੀਲ ਕੀਤੀ ਸੀ ਕਿ ਉਹ ਉਨ੍ਹਾਂ ਨੂੰ ਹੀ ਉਮੀਦਵਾਰ ਸਮਝ ਕੇ ਵੋਟ ਪਾਉਣ, ਪਰ ਹਾਰ ਮਗਰੋਂ ਹੁਣ ਉਹ ਇਸ ਦਾ ਠੀਕਰਾ ਦੂਜਿਆਂ ਦੇ ਸਿਰ ਭੰਨ ਰਹੇ ਹਨ। ਇਨ੍ਹਾਂ ਚੋਣ ਨਤੀਜਿਆਂ ਕਾਰਨ ਅਮਰੀਕੀ ਸੰਸਦ (ਕਾਂਗਰਸ) ਵਿੱਚ ਡੈਮੋਕ੍ਰੇਟਿਕ ਪਾਰਟੀ ਦਾ ਦਬਦਬਾ ਮੁੜ ਕਾਇਮ ਹੋ ਗਿਆ ਹੈ। ਡੈਮੋਕ੍ਰੇਟਸ ਨੇ ਉਨ੍ਹਾਂ ਕਈ ਸੀਟਾਂ 'ਤੇ ਵੀ ਜਿੱਤ ਦਰਜ ਕੀਤੀ ਹੈ ਜਿਨ੍ਹਾਂ ਨੂੰ ਰਿਪਬਲੀਕਨ ਪਾਰਟੀ ਦਾ ਗੜ੍ਹ ਮੰਨਿਆ ਜਾਂਦਾ ਸੀ। ਸਾਊਥ ਕੈਰੋਲਾਇਨਾ ਅਤੇ ਕੰਸਾਸ ਵਿੱਚ ਵੀ ਡੈਮੋਕ੍ਰੇਟਿਕ ਉਮੀਦਵਾਰ ਜੇਤੂ ਰਹੇ, ਜਿੱਥੇ 1932 ਤੋਂ ਬਾਅਦ ਕੋਈ ਡੈਮੋਕ੍ਰੇਟਿਕ ਸੈਨੇਟਰ ਨਹੀਂ ਚੁਣਿਆ ਗਿਆ ਸੀ। ਇਸ ਤੋਂ ਇਲਾਵਾ ਟੈਕਸਾਸ ਵਿੱਚ ਵੀ ਡੈਮੋਕ੍ਰੇਟਸ ਨੇ ਕਈ ਦਹਾਕਿਆਂ ਬਾਅਦ ਜਿੱਤ ਦਰਜ ਕੀਤੀ ਹੈ।



ਚੋਣ ਨਤੀਜਿਆਂ ਤੋਂ ਬਾਅਦ ਫ਼ੌਕਸ ਨਿਊਜ਼ ਨਾਲ ਗੱਲਬਾਤ ਕਰਦਿਆਂ ਟਰੰਪ ਨੇ ਕਿਹਾ, ਮੈਂ ਇਸ ਨੂੰ ਆਪਣੀ ਹਾਰ ਨਹੀਂ ਮੰਨਣਾ ਚਾਹੁੰਦਾ, ਮੈਂ ਖ਼ੁਦ ਚੋਣ ਮੈਦਾਨ ਵਿੱਚ ਨਹੀਂ ਸੀ। ਉਨ੍ਹਾਂ ਦਾਅਵਾ ਕੀਤਾ ਕਿ ਵੋਟਰਾਂ ਨੂੰ ਚੋਣ ਲੜ ਰਹੇ ਉਮੀਦਵਾਰ ਪਸੰਦ ਨਹੀਂ ਆਏ। ਹਾਲਾਂਕਿ, 'ਏਪੀ ਵੋਟਰ ਪੋਲ' ਦੇ ਅੰਕੜੇ ਦੱਸਦੇ ਹਨ ਕਿ ਖ਼ੁਦ ਟਰੰਪ ਹੀ ਰਿਪਬਲੀਕਨ ਉਮੀਦਵਾਰਾਂ ਲਈ ਵੱਡੀ ਕਮਜ਼ੋਰੀ ਸਾਬਤ ਹੋਏ, ਕਿਉਂਕਿ ਦੇਸ਼ ਭਰ ਵਿੱਚ ਸਿਰਫ਼ 40 ਫ਼ੀਸਦੀ ਵੋਟਰਾਂ ਨੇ ਹੀ ਉਨ੍ਹਾਂ ਦੇ ਕੰਮਕਾਜ ਦੀ ਸ਼ਲਾਘਾ ਕੀਤੀ।

ਆਪਣੇ ਪਹਿਲੇ ਕਾਰਜਕਾਲ ਦੌਰਾਨ 2018 ਦੀਆਂ ਚੋਣਾਂ ਵਿੱਚ ਹਾਰ ਮੌਕੇ ਵੀ ਉਨ੍ਹਾਂ ਨੇ ਆਪਣੀ ਹੀ ਪਾਰਟੀ ਦੇ ਹਾਰੇ ਹੋਏ ਉਮੀਦਵਾਰਾਂ ਦਾ ਮਜ਼ਾਕ ਉਡਾਇਆ ਸੀ। ਇਸ ਵਾਰ ਵੀ ਚੋਣ ਪ੍ਰਚਾਰ ਦੌਰਾਨ 'ਏਪੀ' ਦੇ ਵਿਸ਼ਲੇਸ਼ਣ ਮੁਤਾਬਕ ਟਰੰਪ ਨੇ ਘੱਟੋ-ਘੱਟ 40 ਮੌਕਿਆਂ 'ਤੇ ਵੋਟਰਾਂ ਨੂੰ ਕਿਹਾ ਸੀ ਕਿ ਉਹ ਉਨ੍ਹਾਂ ਨੂੰ ਹੀ ਉਮੀਦਵਾਰ ਸਮਝ ਕੇ ਵੋਟ ਪਾਉਣ, ਪਰ ਹੁਣ ਨਤੀਜੇ ਉਲਟ ਆਉਣ 'ਤੇ ਉਹ ਆਪਣਾ ਬਿਆਨ ਬਦਲ ਰਹੇ ਹਨ।

2010 ਵਿੱਚ ਬਾਰਕ ਹੁਸੈਨ ਓਬਾਮਾ ਅਤੇ 2006 ਵਿੱਚ ਜਾਰਜ ਡਬਲਯੂ. ਬੁਸ਼ ਨੇ ਆਪਣੀਆਂ ਪਾਰਟੀਆਂ ਦੀ ਹਾਰ ਨੂੰ 'ਕਰਾਰਾ ਝਟਕਾ' ਮੰਨਿਆ ਸੀ। ਪਰ ਟਰੰਪ ਨੇ ਚੋਣਾਂ ਤੋਂ ਪਹਿਲਾਂ ਹੀ ਰਣਨੀਤੀ ਬਣਾ ਲਈ ਸੀ ਕਿ ਹਾਰ ਦਾ ਦੋਸ਼ ਉਨ੍ਹਾਂ ਦੇ ਸਿਰ ਨਹੀਂ ਆਉਣਾ ਚਾਹੀਦਾ। ਉਨ੍ਹਾਂ ਟੈਕਸਾਸ ਅਤੇ ਹੋਰਨਾਂ ਥਾਵਾਂ 'ਤੇ ਹਾਰਨ ਵਾਲੇ ਉਮੀਦਵਾਰਾਂ ਅਤੇ ਨੇਤਾਵਾਂ ਨੂੰ ਕਮਜ਼ੋਰ ਦੱਸਦਿਆਂ ਉਨ੍ਹਾਂ ਨੂੰ ਹੀ ਇਸ ਲਈ ਜ਼ਿੰਮੇਵਾਰ ਠਹਿਰਾਇਆ ਹੈ।

ਪੰਜਾਬ ਦੇ ਮੁੱਖ ਸਕੱਤਰ ਵਿਰੁੱਧ ਅਦਾਲਤੀ ਤੌਹੀਨ ਦੀਆਂ ਕਾਰਵਾਈਆਂ 'ਤੇ ਸੁਪਰੀਮ ਕੋਰਟ ਵੱਲੋਂ ਰੋਕ

ਨਵੀਂ ਦਿੱਲੀ, 5 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸੁਪਰੀਮ ਕੋਰਟ ਨੇ ਵੀਰਵਾਰ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਮੁਲਾਜ਼ਮਾਂ ਦੇ ਬਕਾਇਆ ਮਹਿੰਗਾਈ ਭੱਤੇ (ਡੀਏ) ਅਤੇ ਮਹਿੰਗਾਈ ਰਾਹਤ ਦੀ ਅਦਾਇਗੀ ਨਾਲ ਸਬੰਧਤ ਮਾਮਲੇ ਵਿੱਚ ਪੰਜਾਬ ਦੇ ਮੁੱਖ ਸਕੱਤਰ ਅਤੇ ਹੋਰਾਂ ਵਿਰੁੱਧ ਸ਼ੁਰੂ ਕੀਤੀਆਂ ਅਦਾਲਤੀ ਤੌਹੀਨ ਦੀਆਂ ਅਪਰਾਧਿਕ ਕਾਰਵਾਈਆਂ 'ਤੇ ਰੋਕ ਲਗਾ ਦਿੱਤੀ ਹੈ।



ਜਸਟਿਸ ਬੀ.ਵੀ. ਨਾਗਰਤਨਾ ਅਤੇ ਜਸਟਿਸ ਆਰ. ਮਹਾਦੇਵਨ ਦੇ ਬੈਂਚ ਨੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਅਤੇ ਹੋਰਾਂ ਵਿਰੁੱਧ ਅਦਾਲਤੀ ਤੌਹੀਨ ਦੀਆਂ ਅਪਰਾਧਿਕ ਕਾਰਵਾਈਆਂ ਸ਼ੁਰੂ ਕਰਨ ਦੇ ਹਾਈ ਕੋਰਟ ਦੇ ਹੁਕਮਾਂ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ 'ਤੇ ਸੁਣਵਾਈ ਕਰਦਿਆਂ ਇਹ ਹੁਕਮ ਜਾਰੀ ਕੀਤੇ। ਬੈਂਚ ਨੇ ਨੋਟ ਕੀਤਾ ਕਿ ਹਾਈ ਕੋਰਟ ਨੇ ਵੀਰਵਾਰ ਨੂੰ ਇਸ ਮਾਮਲੇ ਵਿੱਚ ਮੁੱਖ ਸਕੱਤਰ ਨੂੰ ਵਿਅਕਤੀਗਤ ਤੌਰ 'ਤੇ ਅਦਾਲਤ ਵਿੱਚ ਪੇਸ਼ ਹੋਣ ਦਾ ਨਿਰਦੇਸ਼ ਦਿੱਤਾ ਸੀ।

ਦੱਸ ਦਈਏ ਕਿ ਸੁਪਰੀਮ ਕੋਰਟ ਨੇ ਬੁੱਧਵਾਰ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਉਸ ਫੈਸਲੇ ਨੂੰ ਚੁਣੌਤੀ ਦੇਣ ਵਾਲੀ ਇੱਕ ਤਾਜ਼ਾ ਅਰਜ਼ੀ 'ਤੇ ਸੁਣਵਾਈ ਕਰਨ ਲਈ ਸਹਿਮਤੀ ਜਤਾਈ ਸੀ ,ਜਿਸ ਵਿੱਚ ਕਰਮਚਾਰੀਆਂ ਦੇ ਬਕਾਇਆ ਮਹਿੰਗਾਈ ਭੱਤੇ (41) ਅਤੇ ਮਹਿੰਗਾਈ ਰਾਹਤ ਦੇਸ਼ਾਂ ਦੇ ਭੁਗਤਾਨ ਨਾਲ ਸਬੰਧਤ ਮਾਮਲੇ ਵਿੱਚ ਪੰਜਾਬ ਦੇ ਮੁੱਖ ਸਕੱਤਰ ਵਿਰੁੱਧ ਫੌਜਦਾਰੀ ਤੌਹੀਨ ਦੀ ਕਾਰਵਾਈ ਸ਼ੁਰੂ ਕੀਤੀ ਗਈ ਸੀ।

ਸਰਵਉੱਚ ਅਦਾਲਤ ਨੇ ਕਿਹਾ, ਅਗਲੇ ਹੁਕਮਾਂ ਤੱਕ ਅੱਗੇ ਦੀਆਂ ਕਾਰਵਾਈਆਂ 'ਤੇ ਰੋਕ ਲਗਾਈ ਜਾਂਦੀ ਹੈ।

'ਆਪ' ਵਿਧਾਇਕਾ ਤੋਂ ਬਾਅਦ ਹੁਣ ਜ਼ੀਰਾ 'ਚ ਮੁਅੱਤਲ ਪਟਵਾਰੀ ਦੇ ਘਰ ਈਡੀ ਦੀ ਰੇਡ

ਚੰਡੀਗੜ੍ਹ, 5 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਵਿੱਚ ਐਨਫੋਰਸਮੈਂਟ ਡਾਇਰੈਕਟੋਰੇਟ ਦੀਆਂ ਟੀਮਾਂ ਵੱਲੋਂ ਲਗਾਤਾਰ ਛਾਪੇਮਾਰੀ ਦੀ ਕਾਰਵਾਈ ਜਾਰੀ ਹੈ। ਮੋਗਾ ਤੋਂ ਆਮ ਆਦਮੀ ਪਾਰਟੀ) ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਦੇ ਘਰ ਅਤੇ ਹੋਰ ਟਿਕਾਣਿਆਂ 'ਤੇ ਮਾਰੇ ਗਏ ਛਾਪੇ ਤੋਂ ਬਾਅਦ, ਅੱਜ ਵੀਰਵਾਰ ਸਵੇਰੇ ਈਡੀ ਦੀ ਟੀਮ ਨੇ ਫਿਰੋਜ਼ਪੁਰ ਦੇ ਜ਼ੀਰਾ ਵਿਖੇ ਇੱਕ ਮੁਅੱਤਲ ਪਟਵਾਰੀ ਦੇ ਘਰ 'ਤੇ ਰੇਡ ਕੀਤੀ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਵੀਰਵਾਰ ਸਵੇਰੇ ਕਰੀਬ 6 ਵਜੇ ਈਡੀ ਦੀ ਟੀਮ ਜ਼ੀਰਾ ਸਥਿਤ ਨਿਵਾਸ ਵਿਖੇ ਨਿਜੀ ਤੌਰ 'ਤੇ ਤਾਇਨਾਤ ਰਹੇ ਮੁਅੱਤਲ ਪਟਵਾਰੀ ਨਵਦੀਪ ਸਿੰਘ ਦੇ ਘਰ ਪਹੁੰਚੀ। ਈਡੀ ਦੀ ਟੀਮ ਨਾਲ ਸੁਰੱਖਿਆ ਏਜੰਸੀਆਂ ਦੇ ਜਵਾਨ ਵੀ ਮੌਜੂਦ ਸਨ, ਜਿਨ੍ਹਾਂ ਨੇ ਪੂਰੇ ਘਰ ਨੂੰ ਘੇਰੇ ਵਿੱਚ ਲੈ ਲਿਆ ਅਤੇ ਕਿਸੇ ਵੀ ਬਾਹਰੀ ਵਿਅਕਤੀ ਦੇ ਅੰਦਰ ਜਾਣ ਜਾਂ ਬਾਹਰ ਆਉਣ 'ਤੇ ਮੁਕੰਮਲ ਰੋਕ ਲਗਾ ਦਿੱਤੀ। ਨਵਦੀਪ ਸਿੰਘ ਜ਼ਿਲ੍ਹਾ ਮੋਗਾ ਦੇ ਧਰਮਕੋਟ ਵਿਖੇ ਪਟਵਾਰੀ ਵਜੋਂ ਤਾਇਨਾਤ ਸੀ ਅਤੇ ਉਸ ਦੇ ਖ਼ਿਲਾਫ਼ 16 ਜੂਨ 2024 ਨੂੰ ਧਰਮਕੋਟ ਥਾਣੇ ਵਿੱਚ ਕਰੋੜਾਂ ਰੁਪਏ ਦੀ ਧੋਖਾਧੜੀ ਦਾ ਕੇਸ ਦਰਜ ਹੋਇਆ ਸੀ। ਇਸ ਤੋਂ ਬਾਅਦ ਪੁਲੀਸ ਨੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਸੀ ਅਤੇ ਮਾਲ ਵਿਭਾਗ ਵੱਲੋਂ ਉਸ ਨੂੰ ਮੁਅੱਤਲ ਕਰ ਦਿੱਤਾ ਗਿਆ ਸੀ।

ਕਾਫ਼ੀ ਸਮਾਂ ਫਰੀਦਕੋਟ ਜੇਲ੍ਹ ਵਿੱਚ ਬੰਦ ਰਹਿਣ ਤੋਂ ਬਾਅਦ ਨਵਦੀਪ ਸਿੰਘ 7 ਜੁਲਾਈ 2026 ਨੂੰ ਜ਼ਮਾਨਤ 'ਤੇ ਬਾਹਰ ਆਇਆ ਸੀ। ਈਡੀ ਦੀਆਂ ਟੀਮਾਂ ਫਿਲਹਾਲ ਉਸ ਦੇ ਘਰ 'ਚ ਮੌਜੂਦ ਦਸਤਾਵੇਜ਼ਾਂ ਅਤੇ ਵਿੱਤੀ ਰਿਕਾਰਡ ਦੀ ਤਲਾਸ਼ੀ ਲੈ ਰਹੀਆਂ ਹਨ। ਹਾਲਾਂਕਿ, ਅਜੇ ਤੱਕ ਏਜੰਸੀ ਵੱਲੋਂ ਇਹ ਸਪੱਸ਼ਟ ਨਹੀਂ ਕੀਤਾ ਗਿਆ ਕਿ ਇਹ ਜਾਂਚ ਕਿਸ ਖਾਸ ਵਿੱਤੀ ਲੈਣ-ਦੇਣ ਨਾਲ ਜੁੜੀ ਹੋਈ ਹੈ ਅਤੇ ਤਲਾਸ਼ੀ ਦੌਰਾਨ ਕੀ ਬਰਾਮਦ ਹੋਇਆ ਹੈ। ਇਸ ਤੋਂ ਪਹਿਲਾਂ ਬੁੱਧਵਾਰ ਸਵੇਰੇ 6 ਵਜੇ ਈਡੀ ਦੀਆਂ ਦਿੱਲੀ ਅਤੇ ਚੰਡੀਗੜ੍ਹ ਯੂਨਿਟਾਂ ਨੇ ਮੋਗਾ ਤੋਂ 'ਆਪ' ਵਿਧਾਇਕਾ ਅਤੇ ਪਾਰਟੀ ਦੇ ਪੰਜਾਬ ਮਹਿਲਾ ਵਿੰਗ ਦੀ ਪ੍ਰਧਾਨ ਡਾ. ਅਮਨਦੀਪ ਕੌਰ ਅਰੋੜਾ ਦੇ ਦੋਵਾਂ ਨਿਵਾਸ ਸਥਾਨਾਂ 'ਤੇ ਤਲਾਸ਼ੀ ਅਭਿਆਨ ਚਲਾਇਆ ਸੀ।

ਸੁਰੱਖਿਆ ਪ੍ਰਬੰਧਾਂ ਹੇਠ ਦਲਜੀਤ ਸਿੰਘ ਦਾ ਪਿੰਡ ਵਿੱਚ ਹੋਇਆ ਸਸਕਾਰ

ਮਾਨਸਾ, 5 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਮਾਨਸਾ ਨੇੜਲੇ ਪਿੰਡ ਭੰਮੇ ਕਲਾਂ ਦੇ ਨੌਜਵਾਨ ਦਲਜੀਤ ਸਿੰਘ ਦਾ ਹਾਈ ਕੋਰਟ ਦੇ ਆਦੇਸ਼ਾਂ ਤੋਂ ਬਾਅਦ ਪੀ ਜੀ ਆਈ ਤੋਂ ਪੋਸਟਮਾਰਟਮ ਹੋਣ ਉਪਰੰਤ ਵੀਰਵਾਰ ਬਾਅਦ ਦੁਪਹਿਰ ਪੁਲੀਸ ਸੁਰੱਖਿਆ ਪ੍ਰਬੰਧਾਂ ਹੇਠ ਪਰਿਵਾਰ ਵੱਲੋਂ ਅੰਤਿਮ ਸਸਕਾਰ ਕਰ ਦਿੱਤਾ ਗਿਆ। ਇਸ ਦੌਰਾਨ ਅਦਾਲਤ ਦੇ ਆਦੇਸ਼ਾਂ ਮੁਤਾਬਕ ਕੋਈ ਵੀ ਰਾਜਨੇਤਾ ਨਹੀਂ ਪਹੁੰਚਿਆ। ਪਿਤਾ ਜਰਨੈਲ ਸਿੰਘ ਨੇ ਕਿਹਾ ਕਿ ਅਦਾਲਤ ਦੇ ਆਦੇਸ਼ਾਂ ਮੁਤਾਬਕ ਸਾਰੇ ਪਰਿਵਾਰ ਨੇ ਸਹਿਮਤੀ ਨਾਲ ਦਲਜੀਤ ਦਾ ਅੰਤਿਮ ਸਸਕਾਰ ਕੀਤਾ ਹੈ। ਮੌਤ ਦੇ 10 ਦਿਨਾਂ ਬਾਅਦ ਜਦੋਂ ਅੰਤਿਮ ਸਸਕਾਰ ਲਈ ਪੀ ਜੀ ਆਈ ਤੋਂ ਪੋਸਟਮਾਰਟਮ ਹੋਣ ਉਪਰੰਤ ਦਲਜੀਤ ਦੀ ਮ੍ਰਿਤਕ ਦੇਹ ਪਿੰਡ ਪਹੁੰਚੀ ਤਾਂ ਪਰਿਵਾਰ ਅਤੇ ਪਿੰਡ ਵਾਸੀ ਬਿਲਕ ਉੱਠੇ। ਦਲਜੀਤ ਦਾ ਮੂੰਹ ਦੇਖਦੇ ਹੀ ਪਰਿਵਾਰ ਕੁਰਲਾ ਉੱਠਿਆ ਅਤੇ ਭੈਣ ਅਮਰਜੀਤ ਕੌਰ ਨੇ ਕਿਹਾ ਕਿ ਨਸ਼ੇ ਅਤੇ ਸਰਕਾਰ ਦੀ ਲਾਪਰਵਾਹੀ ਕਰਕੇ ਹੀ ਦਲਜੀਤ ਦੀ ਮੌਤ ਹੋਈ ਹੈ। ਉਹ ਸਾਡਾ ਇਕਲੌਤਾ ਭਰਾ ਸੀ। ਉਨ੍ਹਾਂ ਕਿਹਾ ਕਿ ਸਰਕਾਰ ਜੇ ਕੁਝ ਕਰ ਸਕਦੀ ਹੈ ਤਾਂ ਨਸ਼ੇ ਨੂੰ ਲਗਾਮ ਪਾਵੇ ਤਾਂ ਜੋ ਦਲਜੀਤ ਵਾਂਗ ਕੋਈ ਹੋਰ ਨੌਜਵਾਨ ਨਸ਼ੇ ਦੀ ਭੇਟ ਨਾ ਚੜ੍ਹੇ।

ਜ਼ਿਕਰਯੋਗ ਹੈ ਕਿ 27 ਅਕਤੂਬਰ ਨੂੰ ਦਲਜੀਤ ਦੀ ਭੇਦਭਰੀ ਹਾਲਤ ਵਿੱਚ ਮੌਤ ਹੋ ਗਈ ਸੀ ਅਤੇ ਕੁਝ ਵਿਅਕਤੀ ਉਸ ਨੂੰ ਸੜਕ ਕਿਨਾਰੇ ਸੁੱਟ ਕੇ ਚਲੇ ਗਏ ਸਨ। ਪੁਲੀਸ ਨੇ ਉਸ ਦੀ ਮੌਤ ਨੂੰ ਲੈ ਕੇ ਤਿੰਨ ਵਿਅਕਤੀਆਂ 'ਤੇ ਇਰਾਦਾ ਕਤਲ ਦਾ ਮਾਮਲਾ ਦਰਜ ਕੀਤਾ ਹੈ, ਜਦੋਂ ਕਿ ਪਰਿਵਾਰ ਦਾ ਕਹਿਣਾ ਹੈ ਕਿ ਦਲਜੀਤ ਦੀ ਮੌਤ ਨਸ਼ੇ ਦੀ ਓਵਰਡੋਜ਼ ਨਾਲ ਹੋਈ ਹੈ। ਉਸ ਦਾ ਏਮਜ਼ ਬਠਿੰਡਾ ਅਤੇ ਬਾਅਦ ਵਿੱਚ ਹਾਈ ਕੋਰਟ ਦੇ ਆਦੇਸ਼ਾਂ 'ਤੇ ਪੀ ਜੀ ਆਈ ਚੰਡੀਗੜ੍ਹ ਵਿਖੇ ਦੋ ਵਾਰ ਪੋਸਟਮਾਰਟਮ ਕਰਵਾਇਆ ਗਿਆ।

ਸਿੱਖਿਆ ਸਕੱਤਰ ਪ੍ਰੇਰਣਾ ਪੁਰੀ ਨੇ ਸਰਕਾਰੀ ਮਾਡਲ ਹਾਈ ਸਕੂਲ, ਮਲੋਆ ਵਿਖੇ ਬੱਚਿਆਂ ਨੂੰ ਦੀਵਾਲੀ ਦੇ ਤੋਹਫ਼ੇ ਵੰਡੇ



ਚੰਡੀਗੜ੍ਹ, 5 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਦੀਵਾਲੀ ਤੋਂ ਪਹਿਲਾਂ ਬੱਚਿਆਂ ਵਿੱਚ ਤਿਉਹਾਰਾਂ ਦੀ ਖੁਸ਼ੀ ਲਿਆਉਂਦੇ ਹੋਏ, ਟ੍ਰਾਇਸਿਟੀ ਇੰਟੈਲੀਜੈਂਸੀਆ ਨੇ ਕੌਸ਼ਲ ਫਾਊਂਡੇਸ਼ਨ ਦੇ ਸਹਿਯੋਗ ਨਾਲ ਸਰਕਾਰੀ ਮਾਡਲ ਹਾਈ ਸਕੂਲ, ਰੀਹੈਬਿਲਿਟੇਸ਼ਨ ਕਲੋਨੀ ਨੰਬਰ 2, ਮਲੋਆ ਦੇ 58 ਵਿਦਿਆਰਥੀਆਂ ਲਈ ਇੱਕ ਤੋਹਫ਼ੇ ਵੰਡ ਪ੍ਰੋਗਰਾਮ ਦਾ ਆਯੋਜਨ ਕੀਤਾ।

ਸ਼੍ਰੀਮਤੀ ਪ੍ਰੇਰਣਾ ਪੁਰੀ, ਆਈਏਐੱਸ, ਸਕੱਤਰ ਸਿੱਖਿਆ, ਚੰਡੀਗੜ੍ਹ ਪ੍ਰਸ਼ਾਸਨ, ਮੁੱਖ ਮਹਿਮਾਨ ਦੇ ਰੂਪ ਵਿੱਚ ਸ਼ਾਮਲ ਹੋਏ ਅਤੇ ਬੱਚਿਆਂ ਨੂੰ ਦੀਵਾਲੀ ਦੇ ਤੋਹਫ਼ੇ ਅਤੇ ਮਿਠਾਈਆਂ ਵੰਡੀਆਂ। ਉਨ੍ਹਾਂ ਨੇ ਵਿਦਿਆਰਥੀਆਂ ਨਾਲ ਗਰਮਜੋਸ਼ੀ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੇ ਭਵਿੱਖ ਲਈ ਆਪਣੀਆਂ ਅਸੀਸਾਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ।

ਇਹ ਪਹਿਲ ਉਨ੍ਹਾਂ ਅੱਠ ਬੱਚਿਆਂ ਤੱਕ ਪਹੁੰਚੀ ਜਿਨ੍ਹਾਂ ਨੇ ਆਪਣੇ ਦੋਹਾਂ ਮਾਪਿਆਂ ਨੂੰ ਗੁਆ ਦਿੱਤਾ ਹੈ ਅਤੇ 50 ਉਨ੍ਹਾਂ ਬੱਚਿਆਂ ਤੱਕ ਜਿਨ੍ਹਾਂ ਨੇ ਆਪਣੇ ਪਿਤਾ ਨੂੰ ਗੁਆ ਦਿੱਤਾ ਹੈ, ਤਿਉਹਾਰਾਂ ਦੇ ਸੀਜ਼ਨ ਦੌਰਾਨ ਉਤਸ਼ਾਹ, ਦੇਖਭਾਲ ਅਤੇ ਅਪਣੱਤ ਦੀ ਭਾਵਨਾ ਪ੍ਰਦਾਨ ਕਰਨ ਦੀ ਕੋਸ਼ਿਸ਼ ਕੀਤੀ।

ਪ੍ਰੋਗਰਾਮ ਨੂੰ ਸਾਦਾ ਰੱਖਿਆ ਗਿਆ, ਜਿਸ ਵਿੱਚ ਬੱਚਿਆਂ ਨਾਲ ਸਮਾਂ ਬਿਤਾਉਣ ਅਤੇ ਉਨ੍ਹਾਂ ਨੂੰ ਭਾਈਚਾਰੇ ਦੇ ਨਿਰੰਤਰ ਸਮਰਥਨ ਦਾ ਭਰੋਸਾ ਦਿਵਾਉਣ 'ਤੇ ਧਿਆਨ ਕੇਂਦ੍ਰਿਤ ਕੀਤਾ ਗਿਆ। ਟ੍ਰਾਇਸਿਟੀ ਇੰਟੈਲੀਜੈਂਸੀਆ ਦੇ ਮੈਂਬਰ ਇਸ ਅਵਸਰ 'ਤੇ ਸ਼ਾਮਲ ਹੋਏ ਅਤੇ ਵਿਦਿਆਰਥੀਆਂ ਨਾਲ ਤਿਉਹਾਰ ਦੀਆਂ ਸ਼ੁਭਕਾਮਨਾਵਾਂ ਸਾਂਝੀਆਂ ਕੀਤੀਆਂ।

ਟ੍ਰਾਇਸਿਟੀ ਇੰਟੈਲੀਜੈਂਸੀਆ ਨੇ ਸਕੂਲ ਦੇ ਵਿਦਿਆਰਥੀਆਂ ਦੀ ਸਿੱਖਿਆ, ਸਿਹਤ ਅਤੇ ਸ਼ਖ਼ਸੀਅਤ ਵਿਕਾਸ ਵਿੱਚ ਸਹਾਇਤਾ ਲਈ ਇਸ ਸਕੂਲ ਨੂੰ ਅਪਣਾਇਆ ਹੈ। ਦੀਵਾਲੀ ਪ੍ਰੋਗਰਾਮ ਉਨ੍ਹਾਂ ਦੀ ਓਵਰਆਲ ਵੈੱਲ-ਬਿਇੰਗ ਵਿੱਚ ਯੋਗਦਾਨ ਦੇਣ ਦੇ ਨਿਰੰਤਰ ਪ੍ਰਯਾਸਾਂ ਦਾ ਹਿੱਸਾ ਸੀ। ਪ੍ਰਬੰਧਕਾਂ ਨੇ ਸ਼੍ਰੀਮਤੀ ਪ੍ਰੇਰਣਾ ਪੁਰੀ ਦਾ ਉਨ੍ਹਾਂ ਦੀ ਮੌਜੂਦਗੀ ਅਤੇ ਬੱਚਿਆਂ ਦੀ ਭਲਾਈ ਅਤੇ ਸਿੱਖਿਆ ਪ੍ਰਤੀ ਉਨ੍ਹਾਂ ਦੀ ਪ੍ਰਤੀਬੱਧਤਾ ਨੂੰ ਸਵੀਕਾਰ ਕਰਦੇ ਹੋਏ ਸਮਰਥਨ ਲਈ ਆਭਾਰ ਵਿਅਕਤ ਕੀਤਾ।

ਦਿੱਲੀ ਵਿਖੇ ਬਾਜ਼ਾਰ 'ਚ ਇਮਾਰਤ ਡਿੱਗੀ, 2 ਦੀ ਦਰਦਨਾਕ ਮੌਤ

ਉਸਾਰੀ ਅਧੀਨ ਇਮਾਰਤ ਡਿੱਗਣ ਦੇ ਮਾਮਲੇ ਚ ਜ਼ਿੰਮੇਵਾਰ ਠੇਕੇਦਾਰ ਵਿਰੁੱਧ ਐਫ.ਆਈ.ਆਰ. ਦਰਜ - ਰੇਖਾ ਗੁਪਤਾ

ਨਵੀਂ ਦਿੱਲੀ, 4 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਪੁਰਾਣੀ ਦਿੱਲੀ ਦੇ ਚਾਵੜੀ ਬਾਜ਼ਾਰ ਖੇਤਰ ਵਿੱਚ ਇੱਕ ਤਿੰਨ ਮੰਜ਼ਿਲਾ ਨਿਰਮਾਣ ਅਧੀਨ ਇਮਾਰਤ ਦਾ ਹਿੱਸਾ ਅਚਾਨਕ ਡਿੱਗਣ ਕਾਰਨ ਵੱਡਾ ਹਾਦਸਾ ਵਾਪਰ ਗਿਆ ਹੈ। ਇਸ ਦੁਖਦਾਈ ਘਟਨਾ ਵਿੱਚ ਦੋ ਦੀ ਮੌਤ ਹੋ ਗਈ ਹੈ, ਜਦੋਂ ਕਿ ਇੱਕ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਇਆ ਹੈ, ਜਿਸ ਨੂੰ ਤੁਰੰਤ ਇਲਾਜ ਲਈ ਨੇੜਲੇ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਹੈ। ਘਟਨਾ ਦੀ ਗੰਭੀਰਤਾ ਨੂੰ ਦੇਖਦਿਆਂ ਰਾਸ਼ਟਰੀ ਆਫ਼ਤ ਪ੍ਰਤੀਕਿਰਿਆ ਬਲ ਦੀਆਂ ਟੀਮਾਂ ਨੇ ਦਿੱਲੀ ਪੁਲਿਸ ਨਾਲ ਮਿਲ ਕੇ ਮਲਬੇ ਹੇਠ ਫਸੇ ਹੋਰ ਲੋਕਾਂ ਨੂੰ ਬਾਹਰ ਕੱਢਣ ਲਈ ਜੰਗੀ ਪੱਧਰ 'ਤੇ ਖੋਜ ਅਤੇ ਬਚਾਅ ਅਭਿਆਨ ਸ਼ੁਰੂ ਕਰ ਦਿੱਤਾ ਹੈ। ਦਿੱਲੀ ਪੁਲਿਸ ਅਨੁਸਾਰ ਮਲਬੇ ਹੇਠੋਂ ਕੱਢੇ ਗਏ ਦੋ ਵਿਅਕਤੀਆਂ ਨੂੰ ਡਾਕਟਰਾਂ ਨੇ ਮ੍ਰਿਤਕ ਐਲਾਨ ਦਿੱਤਾ ਹੈ। ਪੁਰਾਣੀ ਦਿੱਲੀ ਦੀਆਂ ਤੰਗ ਗਲੀਆਂ ਕਾਰਨ ਬਚਾਅ ਕਾਰਜ ਵਿੱਚ ਚੁਣੌਤੀਆਂ ਆ ਰਹੀਆਂ ਹਨ, ਪਰ ਐੱਨਡੀਆਰਐੱਫ ਵੱਲੋਂ ਆਧੁਨਿਕ ਉਪਕਰਣਾਂ ਦੀ ਵਰਤੋਂ ਕਰਕੇ ਮਲਬਾ ਹਟਾਇਆ ਜਾ ਰਿਹਾ ਹੈ। ਇਮਾਰਤ ਡਿੱਗਣ ਦੇ ਅਸਲ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ।



ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾ ਸੌਰਭ ਭਾਰਦਵਾਜ ਨੇ ਇਸ ਹਾਦਸੇ ਲਈ ਰੇਖਾ ਗੁਪਤਾ ਸਰਕਾਰ ਅਤੇ ਦਿੱਲੀ ਨਗਰ ਨਿਗਮ ਨੂੰ ਜ਼ਿੰਮੇਵਾਰ ਠਹਿਰਾਇਆ ਹੈ। ਉਨ੍ਹਾਂ ਦੋਸ਼ ਲਾਇਆ ਕਿ ਸੁਰੱਖਿਆ ਆਡਿਟ ਦੇ ਨਾਮ 'ਤੇ ਸਿਰਫ਼ ਵਸੂਲੀ ਕੀਤੀ ਜਾ ਰਹੀ ਹੈ ਅਤੇ ਜ਼ਮੀਨੀ ਪੱਧਰ 'ਤੇ ਕੋਈ ਠੋਸ ਕਾਰਵਾਈ ਨਹੀਂ ਹੁੰਦੀ। ਸੌਰਭ ਭਾਰਦਵਾਜ ਨੇ ਦੋਸ਼ ਲਗਾਇਆ ਕਿ ਐੱਮਸੀਡੀ ਵੱਲੋਂ ਨਿਯਮਾਂ ਦੀ ਵਰਤੋਂ ਪੱਖਪਾਤੀ ਢੰਗ ਨਾਲ ਕੀਤੀ ਜਾ ਰਹੀ ਹੈ ਅਤੇ ਰਿਸ਼ਵਤ ਨਾ ਦੇਣ ਵਾਲਿਆਂ ਦੀਆਂ ਸੰਪਤੀਆਂ ਨੂੰ ਸੀਲ ਕੀਤਾ ਜਾਂਦਾ ਹੈ, ਜਦੋਂ ਕਿ ਬਿਲਡਿੰਗ ਸੁਰੱਖਿਆ ਨਾਲ ਜੁੜੇ ਅਸਲ ਖ਼ਤਰਿਆਂ ਵੱਲ ਧਿਆਨ ਨਹੀਂ ਦਿੱਤਾ ਜਾ ਰਿਹਾ।

ਮੁੱਖ ਮੰਤਰੀ ਰੇਖਾ ਗੁਪਤਾ ਉਸ ਸਥਾਨ 'ਤੇ ਪਹੁੰਚੇ ਜਿੱਥੇ ਦਿੱਲੀ ਦੇ ਚਾਵੜੀ ਬਾਜ਼ਾਰ ਇਲਾਕੇ ਵਿਚ ਉਸਾਰੀ ਅਧੀਨ ਇਮਾਰਤ ਦਾ ਇਕ ਹਿੱਸਾ ਡਿੱਗ ਗਿਆ। ਇਸ ਮੌਕੇ ਉਨ੍ਹਾਂ ਕਿਹਾ, ਹੁਣ ਤੱਕ ਦੋ ਲਾਸ਼ਾਂ ਬਰਾਮਦ ਕੀਤੀਆਂ ਗਈਆਂ ਹਨ ਅਤੇ ਇਕ ਜ਼ਖਮੀ ਵਿਅਕਤੀ ਨੂੰ ਸੁਰੱਖਿਅਤ ਬਾਹਰ ਕੱਢ ਲਿਆ ਗਿਆ ਹੈ। ਇਹ ਇਮਾਰਤ ਜ਼ਮੀਨੀ ਮੰਜ਼ਿਲ ਸਮੇਤ ਤਿੰਨ ਮੰਜ਼ਿਲਾ (ਗਰਾਊਂਡ ਪਲੱਸ ਟੂ ਸਟੋਰੀ) ਸੀ। ਘਟਨਾ ਦੇ ਅਸਲ ਕਾਰਨਾਂ ਦਾ ਪਤਾ ਅਗਲੇਰੀ ਜਾਂਚ ਤੋਂ ਲੱਗੇਗਾ। ਫਿਲਹਾਲ, ਨਗਰ ਨਿਗਮ ਨੇ ਸੰਬੰਧਿਤ ਜੂਨੀਅਰ ਇੰਜੀਨੀਅਰ (ਜੇ.ਈ.) ਅਤੇ ਸਹਾਇਕ ਇੰਜੀਨੀਅਰ (ਏ.ਈ.) ਨੂੰ ਮੁਅੱਤਲ ਕਰ ਦਿੱਤਾ ਹੈ, ਅਤੇ ਉਸਾਰੀ ਲਈ ਜ਼ਿੰਮੇਵਾਰ ਠੇਕੇਦਾਰ ਵਿਰੁੱਧ ਐਫ.ਆਈ.ਆਰ. ਦਰਜ ਕੀਤੀ ਗਈ ਹੈ। ਮੈਂ ਇਸ ਗੱਲ 'ਤੇ ਜ਼ੋਰ ਦੇਣਾ ਚਾਹੁੰਦੀ ਹਾਂ ਕਿ ਲੋਕ ਅਕਸਰ ਆਪਣੇ ਘਰ ਬਣਾਉਣ ਵੇਲੇ ਸੁਰੱਖਿਆ ਨਿਯਮਾਂ ਨੂੰ ਨਜ਼ਰਅੰਦਾਜ਼ ਕਰ ਦਿੰਦੇ ਹਨ, ਜੋ ਉਨ੍ਹਾਂ ਦੀ ਆਪਣੀ ਜਾਨ ਲਈ ਘਾਤਕ ਸਾਬਤ ਹੋ ਸਕਦਾ ਹੈ।

'ਇੰਟਰ-ਸਕੂਲ ਪੰਜਾਬੀ ਫੈਸਟ' ਵਿੱਚ ਡਾ. ਬੀ. ਐੱਸ. ਸੰਧੂ ਸਕੂਲ ਦੀਆਂ 4 ਟੀਮਾਂ ਰਹੀਆਂ ਜੇਤੂ



ਦੇਵੀਗੜ੍ਹ, 5 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸ਼੍ਰੀ ਹਰਗੋਬਿੰਦ ਸਾਹਿਬ ਖ਼ਾਲਸਾ ਗਰਲਜ਼ ਕਾਲਜ, ਕਰਹਾਲੀ ਸਾਹਿਬ ਵਿਖੇ ਆਯੋਜਿਤ ਹੋਏ ਇੰਟਰ-ਸਕੂਲ ਪੰਜਾਬੀ ਫੈਸਟ-2026 ਵਿੱਚ ਡਾ. ਬੀ. ਐੱਸ. ਸੰਧੂ ਮੈਮੋਰੀਅਲ ਪਬਲਿਕ ਸਕੂਲ, ਘੜਾਮ ਰੋਡ, ਜੁਲਾਹ ਖੇੜੀ ਦੇ ਹੋਣਹਾਰ ਵਿਦਿਆਰਥੀਆਂ ਨੇ ਆਪਣੀ ਕਲਾ ਅਤੇ ਪ੍ਰਤਿਭਾ ਦਾ ਧਮਾਕੇਦਾਰ ਪ੍ਰਦਰਸ਼ਨ ਕੀਤਾ। ਇਸ ਫੈਸਟ ਵਿੱਚ ਵੱਖ-ਵੱਖ ਸਕੂਲਾਂ ਦੀਆਂ ਕੁੱਲ 17 ਟੀਮਾਂ ਨੇ ਭਾਗ ਲਿਆ, ਜਿਨ੍ਹਾਂ ਵਿੱਚੋਂ ਸਖ਼ਤ ਮੁਕਾਬਲੇ ਦੌਰਾਨ ਡਾ. ਬੀ. ਐੱਸ. ਸੰਧੂ ਮੈਮੋਰੀਅਲ ਸਕੂਲ ਦੀਆਂ 4 ਟੀਮਾਂ ਜੇਤੂ ਰਹੀਆਂ।

ਇਸ ਫੈਸਟ ਦੌਰਾਨ ਸਕੂਲ ਦੀਆਂ ਟੀਮਾਂ ਨੇ ਆਪਣੀ ਸਿਰਜਣਾਤਮਕਤਾ ਅਤੇ ਮਾਂ-ਬੋਲੀ ਪੰਜਾਬੀ ਪ੍ਰਤੀ ਲਗਨ ਦਾ ਮੁਜ਼ਾਹਰਾ ਕਰਦੇ ਹੋਏ ਪੇਂਟਿੰਗ ਮੁਕਾਬਲੇ ਵਿੱਚ ਅਰਸ਼ਜੋਤ ਕੌਰ ਅਤੇ ਜੈਸਮੀਨ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ।

ਰੋਜ਼ਾਨਾ ਸ਼ਹੀਦ-ਏ-ਆਜ਼ਮ
Shaheedeazamnews.com
SHAHEEDEAZAMNEWS.COM PRINT & DIGITAL MEDIA
शहीद-ए-आजम
Shaheedeazamnewsnational.com
ਅਦਾਰਾ ਸ਼ਹੀਦ-ਏ-ਆਜ਼ਮ ਵੱਲੋਂ ਗੁ: ਸਿੰਘ ਸਾਹਿਬ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਜੀ, ਅਰਬਨ ਅਸਟੇਟ ਫੇਜ਼-2, ਪਟਿਆਲਾ ਵਿਖੇ ਚਲ ਰਹੇ ਰੋਜ਼ਾਨਾ ਗੁਰਮਤਿ ਸਮਾਗਮ ਲਾਈਵ ਦੇਖੋ
ਗੁਰੂ ਗੋਬਿੰਦ ਸਿੰਘ ਪ੍ਰੀਵਾਰ ਸੰਸਥਾ ਦੇ ਅਨਾਥ ਬੱਚਿਆਂ ਵੱਲੋਂ ਗੁਰਬਾਣੀ ਦੇ 25-30 ਰਾਗਾਂ ਵਿਚ
ਅਨੰਦਮਈ ਅੰਮ੍ਰਿਤ ਵੇਲੇ ਆਸਾ ਦੀ ਵਾਰ ਅਤੇ ਕੀਰਤਨ ਸਵੇਰੇ 5:30 ਵਜੇ
ਸੰਧਿਆ ਸਮੇਂ ਕਥਾ: ਪ੍ਰਾਚੀਨ ਪੰਥ ਪ੍ਰਕਾਸ਼ ਸ਼ਾਮ 6 ਵਜੇ ਸਿੱਖ ਪੰਥ ਦੇ ਮਹਾਨ ਕਥਾਕਾਰ ਗਿਆਨੀ ਪ੍ਰਿਤਪਾਲ ਸਿੰਘ ਜੀ ਦੇ ਪਰਮ ਸੇਵਕ: ਭਾਈ ਬਲੀ ਸਿੰਘ ਜੀ ਵੱਲੋਂ
ਰਹਿਰਾਸ ਸਾਹਿਬ, ਆਰਤੀ ਅਤੇ ਕੀਰਤਨ ਸ਼ਾਮ 7:00 ਵਜੇ
YOUTUBE | WHATSAPP | THREAD | Twitter X | TELEGRAM | INSTAGRAM | FACEBOOK | E-Paper Shaheed-e-Azam
ਅਦਰਾ ਸ਼ਹੀਦ-ਏ-ਆਜ਼ਮ 1982 ਤੋਂ ਸੱਚੀ, ਨਿਰਪੱਖ ਤੇ ਜ਼ਿੰਮੇਵਾਰ ਪੱਤਰਕਾਰਤਾ ਰਾਹੀਂ ਲੋਕਾਂ ਦੀ ਆਵਾਜ਼ ਬਣਿਆ ਹੋਇਆ ਹੈ। ਚੌਧਰੀ ਪ੍ਰਭਜੀਤ ਸਿੰਘ ਵੱਲੋਂ ਸਥਾਪਿਤ ਇਹ ਮੀਡੀਆ ਸੰਸਥਾ ਅੱਜ ਪ੍ਰਿੰਟ ਅਤੇ ਸ਼ੋਸਲ ਮੀਡੀਆ, ਡਿਜ਼ੀਟਲ ਪਲੇਟਫਾਰਮ ਰਾਹੀਂ ਪੰਜਾਬ, ਭਾਰਤ ਅਤੇ ਵਿਦੇਸ਼ਾਂ ਤਕ ਗੁਰਬਾਣੀ, ਖ਼ਬਰਾਂ, ਲੋਕ ਭਲਾਈ ਦੇ ਮੁੱਦੇ, ਲੋਕਾਂ ਤੱਕ ਨਿਰੰਤਰ ਪਹੁੰਚਾ ਰਿਹਾ ਹੈ।

ਸੰਪਾਦਕੀ

ਏ ਆਈ ਕੰਪਨੀਆਂ ਦਾ ਵਿੱਤੀ ਬੁਲਬੁਲਾ

ਮਸ਼ਹੂਰ ਅਮਰੀਕੀ ਪੱਤਰਕਾਰ ਚਾਰਲਸ ਗੈਸਪਰੀਨੋ ਨੇ ਪਿੱਛੇ ਜਿਹੇ ‘ਨਿਊਯਾਰਕ ਪੋਸਟ’ ਵਿੱਚ ‘ਏ ਆਈ ਗੁਬਾਰਾ ਫੁੱਟਣ ਵਾਲਾ ਹੈ’ ਸਿਰਲੇਖ ਹੇਠ ਛਪੇ ਆਪਣੇ ਲੇਖ ਵਿੱਚ ਦੱਸਿਆ ਹੈ ਕਿ ਸਾਲ 2000 ਵਿੱਚ ਇੰਟਰਨੈੱਟ ਬਾਰੇ ਅਜਿਹੀਆਂ ਹੀ ਗੱਲਾਂ ਕਹੀਆਂ ਜਾ ਰਹੀਆਂ ਸਨ, ਜਿਹੋ ਜਿਹੀਆਂ ਅੱਜ ਏ ਆਈ ਬਾਰੇ ਆਖੀਆਂ ਜਾ ਰਹੀਆਂ ਹਨ। ਉਦੋਂ ਕਿਹਾ ਜਾ ਰਿਹਾ ਸੀ ਕਿ ਇੰਟਰਨੈੱਟ ਨਾਮ ਦੀ ਸ਼ੈਅ ਪੂਰੀ ਦੁਨੀਆ ਦੇ ਕਾਰੋਬਾਰਾਂ ਨੂੰ ਬਦਲ ਕੇ ਰੱਖ ਦੇਵੇਗੀ ਤੇ ਇਸ ਹੋਣ ਵਾਲੇ ਮੁਨਾਫ਼ੇ ਨਾਲ ਅਮੀਰ ਤੇ ਗ਼ਰੀਬ ਦੋਵੇਂ ਵਰਗਾਂ ਨੂੰ ਲਾਭ ਮਿਲੇਗਾ। ਇਹ ਲਾਹਾ ਲੈਣ ਲਈ ਲੋਕਾਂ ਨੂੰ ਉਦੋਂ ਇੰਟਰਨੈੱਟ ਕੰਪਨੀਆਂ ਦੇ ਸ਼ੇਅਰ ਖਰੀਦਣ ਲਈ ਕਿਹਾ ਗਿਆ ਸੀ ਅਤੇ ਹੁਣ ਏ ਆਈ ਤੇ ਤਕਨੀਕੀ ਕੰਪਨੀਆਂ ਦੇ ਸ਼ੇਅਰ ਖਰੀਦਣ ਲਈ ਕਿਹਾ ਜਾ ਰਿਹਾ ਹੈ। ਗੈਸਪਰੀਨੋ ਅਨੁਸਾਰ ਸਾਲ 2000 ਵਿੱਚ ਇੰਟਰਨੈੱਟ ਨਾਲ ਸਬੰਧਿਤ ਵਿੱਤੀ ਬੁਲਬੁਲਾ ਫੁੱਟਣ ਨਾਲ ਕਿੰਨੇ ਹੀ ਨਿਵੇਸ਼ਕਾਂ ਦਾ ਨੁਕਸਾਨ ਹੋਇਆ ਤੇ ਹੁਣ ਸੱਟਾ ਬਾਜ਼ਾਰ ਅਜਿਹੇ ਹੀ ਸੁਨੇਹੇ ਏ ਆਈ ਦੇ ਸਬੰਧ ਵਿੱਚ ਦੇ ਰਿਹਾ ਹੈ। ਆਓ, ਗੈਸਪਰੀਨੋ ਦੇ ਲੇਖ ਵਿੱਚ ਕੀਤੀ ਭਵਿੱਖਬਾਣੀ ਦੇ ਸੰਦਰਭ ਨੂੰ ਵਾਚਦੇ ਹਾਂ। ਅਸਲ ਵਿੱਚ ਪਿਛਲੇ ਸਮੇਂ ਦੌਰਾਨ ਅਮਰੀਕੀ ਸੱਟਾ ਬਾਜ਼ਾਰ ਵਿੱਚ ਏ ਆਈ ਤੇ ਤਕਨੀਕ ਨਾਲ ਸਬੰਧਿਤ ਕੰਪਨੀਆਂ ਦੇ ਸ਼ੇਅਰਾਂ ਵਿੱਚ ਗਿਰਾਵਟ ਦੇਖਣ ਨੂੰ ਮਿਲ ਰਹੀ ਹੈ, ਭਾਵੇਂ ਪੂਰੇ ਸਾਲ ਦੌਰਾਨ ਇਨ੍ਹਾਂ ਵਿੱਚ ਕਾਫ਼ੀ ਵਾਧਾ ਹੋਇਆ ਸੀ। ਕੋਰਵੀਵ ਨਾਮ ਦੀ ਕੰਪਨੀ ਦੇ ਸ਼ੇਅਰਾਂ ਵਿੱਚ ਵੱਡੀ ਗਿਰਾਵਟ ਆਈ। ਸ਼ੇਅਰ ਬਾਜ਼ਾਰ ਵਿੱਚ ਇਸ ਕੰਪਨੀ ਦੇ ਸ਼ੇਅਰਾਂ ਦੇ ਮੁੱਲ ਵਿੱਚ ਕੁੱਲ 51 ਫ਼ੀਸਦੀ ਦਾ ਘਾਟਾ ਦਰਜ ਹੋਇਆ। ਇੰਝ ਹੀ ਅਕਤੂਬਰ ਦੇ ਮੱਧ ਵਿੱਚ ਏ ਆਈ ਨਾਲ ਸਬੰਧਿਤ ਹੋਰ ਕਈ ਕੰਪਨੀਆਂ ਦੇ ਸ਼ੇਅਰਾਂ ਵਿੱਚ ਵੀ ਵੱਡੀ ਗਿਰਾਵਟ ਆਈ, ਜਿਨ੍ਹਾਂ ਵਿੱਚੋਂ ਕੁਝ ਹਨ: ਨੇਬਿਊਸ ਗਰੁੱਪ, ਅਪਲਾਈਡ ਡਿਜੀਟਲ ਤੇ ਆਇਰਿਸ ਐਨਰਜੀ ਆਦਿ। ਪਿਛਲੇ ਕੁਝ ਸਮੇਂ ਦੌਰਾਨ ਸੱਟਾ ਬਾਜ਼ਾਰ ’ਚ ਏ ਆਈ ਕੰਪਨੀਆਂ ਅਤੇ ਏ ਆਈ ਨੂੰ ਹੁਲਾਰਾ ਦੇਣ ਵਾਲੀਆਂ ਤਕਨੀਕੀ ਕੰਪਨੀਆਂ ਦੇ ਸ਼ੇਅਰਾਂ ਵਿੱਚ ਵੱਡੇ ਪੱਧਰ ’ਤੇ ਵਾਧਾ ਦਰਜ ਹੋ ਰਿਹਾ ਸੀ ਅਤੇ ਸੱਟਾ ਬਾਜ਼ਾਰ ਦੀਆਂ ਹਾਲੀਆਂ ਕੁਝ ਘਟਨਾਵਾਂ ਨੇ ਇਸ ਗੱਲ ’ਤੇ ਮੋਹਰ ਲਾ ਦਿੱਤੀ ਹੈ ਕਿ ਇਸ ਰੁਝਾਨ ਨੇ ਵਿੱਤੀ ਬੁਲਬੁਲੇ ਨੂੰ ਜਨਮ ਦਿੱਤਾ ਹੈ। ਵਿੱਤੀ ਬੁਲਬੁਲੇ ਤੋਂ ਭਾਵ ਸੱਟਾ ਬਾਜ਼ਾਰ ’ਚ ਕਿਸੇ ਕੰਪਨੀ ਦੇ ਉਸ ਮੁਲਾਂਕਣ ਤੋਂ ਹੁੰਦਾ ਹੈ, ਜੋ ਉਸ ਦੀ ਅਸਲ ਕਮਾਈ/ਮੁਨਾਫ਼ਾਯੋਗਤਾ ਤੋਂ ਬਹੁਤ ਵੱਧ ਹੋਵੇ। ਇਸ ਗੱਲ ਨੂੰ ਥੋੜ੍ਹਾ ਹੋਰ ਵਿਸਥਾਰ ਨਾਲ ਸਮਝਦੇ ਹਾਂ। ਇਸ ਸਾਲ ਸੰਯੁਕਤ ਰਾਜ ਅਮਰੀਕਾ ਦੀ ਵਾਧਾ ਦਰ ਵਿੱਚ ਵੱਡਾ ਹਿੱਸਾ ਏ ਆਈ ਤਾਣੇ-ਬਾਣੇ (ਜਿਸ ਵਿੱਚ ਵੱਡੇ ਡੇਟਾ ਕੇਂਦਰ ਮੁੱਖ ਹਨ) ਨੇ ਪਾਇਆ ਹੈ। ਹਾਲ ਦੀ ਘੜੀ ਵੱਡੀਆਂ ਤਕਨੀਕੀ ਕੰਪਨੀਆਂ ਜਿਵੇਂ ਐਮਾਜ਼ੋਨ, ਮਾਈਕਰੋਸੌਫਟ ਅਤੇ ਐਲਫਾਬੈਟ ਆਦਿ ਇਸ ਤਾਣੇ-ਬਾਣੇ ਨੂੰ ਉਸਾਰਨ ਵਿੱਚ ਅਰਬਾਂ ਖਰਬਾਂ ਅਮਰੀਕੀ ਡਾਲਰ ਲਾ ਕੇ ਵੱਡਾ ਨਿਵੇਸ਼ ਕਰ ਰਹੀਆਂ ਹਨ, ਜਿਸ ਨਾਲ ਹਾਲ ਦੀ ਘੜੀ ਰੁਜ਼ਗਾਰ ਵੀ ਮਿਲ ਰਿਹਾ ਹੈ ਤੇ ਕਈ ਨਵੀਆਂ ਕੰਪਨੀਆਂ ਵੀ ਵਧ ਫੁਲ ਰਹੀਆਂ ਹਨ। ਇਸ ਨਿਵੇਸ਼ ਨਾਲ ਸ਼ੇਅਰ ਬਾਜ਼ਾਰ ਨੂੰ ਇਸ਼ਾਰਾ ਮਿਲ ਰਿਹਾ ਸੀ ਕਿ ਅਗਲੇਰੇ ਸਮੇਂ ਵਿੱਚ ਏ ਆਈ ਨਾਲ ਸਬੰਧਿਤ ਕੰਪਨੀਆਂ ਦੇ ਹੋਰ ਵੀ ਵਧੇਰੇ ਵਧਣ ਦੀ ਆਸ ਹੈ, ਜਿਸ ਕਰਕੇ ਕੋਰਵੀਵ ਵਰਗੀਆਂ ਕੰਪਨੀਆਂ ਦੇ ਸ਼ੇਅਰਾਂ ਦੀ ਕੀਮਤ ਕਾਫ਼ੀ ਵਧੀ। ਗ਼ੌਰਤਲਬ ਹੈ ਕਿ ਐਮਾਜ਼ੋਨ, ਮਾਈਕਰੋਸੌਫਟ, ਐਲਫਾਬੈਟ ਤੇ ਹੋਰ ਕੰਪਨੀਆਂ ਵੱਲੋਂ ਏ ਆਈ ਤਾਣੇ-ਬਾਣੇ ਵਿੱਚ ਕੀਤੇ ਨਿਵੇਸ਼ ਉੱਤੇ ਹਾਲ ਦੀ ਘੜੀ ਮੁਨਾਫ਼ਾ ਨਹੀਂ ਮਿਲ ਰਿਹਾ। ਇਹ ਨਿਵੇਸ਼ ਭਵਿੱਖ ਵਿੱਚ ਹੋਣ ਵਾਲੇ ਮੁਨਾਫ਼ੇ ਦੀ ਆਸ ਵਿੱਚ ਕੀਤੇ ਜਾ ਰਹੇ ਹਨ। ਇਹ ਮੁਨਾਫ਼ਾ ਅੱਗੇ ਇਸ ਆਸ ਉੱਤੇ ਟਿਕਿਆ ਹੋਇਆ ਹੈ ਕਿ ਆਉਣ ਵਾਲੇ ਸਮੇਂ ਵਿੱਚ ਏ ਆਈ ਦੀ ਵਰਤੋਂ ਵੱਡੇ ਪੱਧਰ ਉੱਤੇ ਕੁੱਲ ਦੁਨੀਆ ਦੇ ਅਰਥਚਾਰੇ ਨੂੰ ਪ੍ਰਭਾਵਿਤ ਕਰੇਗੀ। ਏ ਆਈ ਦੀ ਹੋਣ ਵਾਲੀ ਭਵਿੱਖੀ ਮੰਗ ਨੂੰ ਇਹ ਕੰਪਨੀਆਂ ਵੱਧ ਕੀਮਤਾਂ ’ਤੇ ਪੂਰਾ ਕਰਕੇ ਆਪਣੇ ਨਿਵੇਸ਼ ਉੱਤੇ ਮੋਟਾ ਮੁਨਾਫ਼ਾ ਕਮਾਉਣਾ ਲੋਚਦੀਆਂ ਹਨ। ਨਾਲ ਹੀ ਨਿਵੇਸ਼ਕਾਂ (ਜਿਸ ਵਿੱਚ ਆਮ ਲੋਕਾਂ ਦਾ ਵੀ ਕਾਫ਼ੀ ਹਿੱਸਾ ਸ਼ਾਮਿਲ ਹੈ) ਨੂੰ ਏ ਆਈ ਦੀ ਭਵਿੱਖੀ ਵਰਤੋਂ ਵਿੱਚ ਵਿਸ਼ਵਾਸ ਦਿਵਾਉਣ ਲਈ ਕਾਫ਼ੀ ਪ੍ਰਚਾਰ ਕੀਤਾ ਜਾ ਰਿਹਾ ਹੈ ਕਿ ਕਿਵੇਂ ਕੁਝ ਸਮੇਂ ਬਾਅਦ ਏ ਆਈ ਦੀ ਮਦਦ ਤੋਂ ਬਿਨਾਂ ਕੋਈ ਵੀ ਕੰਮ ਤੇ ਕਾਰੋਬਾਰ ਨਹੀਂ ਚੱਲ ਸਕੇਗਾ। ਇਸ ਪ੍ਰਚਾਰ ਦੇ ਹੋਰ ਪੱਖਾਂ ਨੂੰ ਛੱਡ ਦੇਈਏ ਤਾਂ ਇਸ ਪਿੱਛੇ ਅਹਿਮ ਕਾਰਨ ਸੱਟਾ ਬਾਜ਼ਾਰ ਵਿੱਚ ਇਨ੍ਹਾਂ ਕੰਪਨੀਆਂ ਦੇ ਸ਼ੇਅਰਾਂ ਵਿੱਚ ਨਿਵੇਸ਼ਕਾਂ ਦਾ ਵਿਸ਼ਵਾਸ ਬਣਾਈ ਰੱਖਣਾ ਹੈ ਪਰ ਇਸ ਸਾਰੇ ਲੰਮੇ-ਚੌੜੇ ਪ੍ਰਚਾਰ ਦੇ ਬਾਵਜੂਦ ਇਨ੍ਹਾਂ ਕੰਪਨੀਆਂ ਦੇ ਸ਼ੇਅਰਾਂ ’ਚ ਗਿਰਾਵਟ ਦਰਜ ਕੀਤੀ ਜਾ ਰਹੀ ਹੈ।

ਦਰਅਸਲ, ਏ ਆਈ ਲਾਜ਼ਮੀ ਤਕਨੀਕ ਵਜੋਂ ਵੱਡਾ ਮਹੱਤਵ ਰੱਖਦੀ ਹੈ ਪਰ ਇਸ ਦੀ ਕੁੱਲ ਤਾਕਤ ਅਤੇ ਫੌਰੀ ਪ੍ਰਭਾਵ ਨੂੰ ਵਧਾ ਚੜ੍ਹਾ ਕੇ ਦੇਖਿਆ ਜਾ ਰਿਹਾ ਹੈ। ਪਹਿਲੀ ਗੱਲ, ਜਦੋਂ ਵੀ ਕੋਈ ਨਵੀਂ ਤਕਨੀਕ ਕਿਸੇ ਖੇਤਰ ਵਿੱਚੋਂ ਮਨੁੱਖੀ ਕਿਰਤ ਨੂੰ ਮਨਫ਼ੀ ਕਰਦੀ ਹੈ ਤਾਂ ਨਾਲ ਹੀ ਅਜਿਹੇ ਕਈ ਹੋਰ ਖੇਤਰ ਵੀ ਪੈਦਾ ਕਰਦੀ ਹੈ, ਜਿੱਥੇ ਮਨੁੱਖੀ ਕਿਰਤ ਦੀ ਲੋੜ ਹੁੰਦੀ ਹੈ। ਦੁਨੀਆ ਭਰ ਦੇ ਮਾਹਿਰਾਂ ਨੇ ਇਹ ਸਾਬਿਤ ਕਰ ਦਿੱਤਾ ਹੈ ਕਿ ਇਹ ਦਾਅਵਾ ਬੇਬੁਨਿਆਦ ਹੈ ਕਿ ਏ ਆਈ ਮਨੁੱਖੀ ਕਿਰਤ ਨੂੰ ਲਾਂਭੇ ਕਰ ਦੇਵੇਗੀ। ਦੂਜੀ ਗੱਲ, ਜਿਸ ਦਾ ਅਸਰ ਸਿੱਧਾ ਵੱਡੀਆਂ ਤਕਨੀਕੀ ਅਤੇ ਏ ਆਈ ਕੰਪਨੀਆਂ ਉੱਤੇ ਪਵੇਗਾ, ਉਹ ਇਹ ਹੈ ਕਿ ਜਿੰਨਾ ਕੁ ਏ ਆਈ ਤਕਨੀਕ ਹਾਲ ਹੀ ਵਿੱਚ ਵਿਕਸਿਤ ਹੋਈ ਹੈ ਉਹ ਮੁੱਖ ਤੌਰ ਉੱਤੇ ਸੇਵਾ ਖੇਤਰ ਅਤੇ ਕੁਝ ਹੱਦ ਤੱਕ ਸਨਅਤੀ ਖੇਤਰ ਲਈ ਹੀ ਹੈ। ਮਾਹਿਰਾਂ ਅਨੁਸਾਰ ਇਨ੍ਹਾਂ ਖੇਤਰਾਂ ਵਿੱਚ ਵੀ ਕੁੱਲ ਕੰਮ ਦੇ ਗਿਣਨਯੋਗ ਹਿੱਸੇ ਨੂੰ ਪ੍ਰਭਾਵਿਤ ਕਰਨ ਤੋਂ ਇਹ ਤਕਨੀਕ ਹਾਲੇ ਕੋਹਾਂ ਦੂਰ ਹੈ। ਇਸ ਦਾ ਭਾਵ ਇਹ ਹੈ ਕਿ ਕੁੱਲ ਅਰਥਚਾਰੇ ਵਿੱਚ ਇਸ ਦਾ ਵੱਡੇ ਪੱਧਰ ਉੱਤੇ ਇਸਤੇਮਾਲ ਹਾਲੇ ਸੰਭਵ ਨਹੀਂ। ਇਸ ਦਾ ਮਤਲਬ ਹੈ ਕਿ ਇਸ ’ਤੇ ਨਿਵੇਸ਼ ਕੀਤੇ ਗਏ ਖਰਬਾਂ ਅਮਰੀਕੀ ਡਾਲਰਾਂ ਬਦਲੇ ਆਮਦਨ ਆਉਣ ਵਿੱਚ ਹਾਲੇ ਕਾਫ਼ੀ ਸਮਾਂ ਲੱਗੇਗਾ। ਨਾਲ ਹੀ ਇਨ੍ਹਾਂ ਅਮਰੀਕੀ ਕੰਪਨੀਆਂ ਨੂੰ ਚੀਨੀ ਕੰਪਨੀਆਂ ਵੱਲੋਂ ਦਿੱਤੇ ਜਾ ਰਹੇ ਮੁਕਾਬਲੇ ਨਾਲ ਵੀ ਸਿੱਝਣਾ ਪੈ ਰਿਹਾ ਹੈ, ਜਿਸ ਨਾਲ ਏ ਆਈ ਉਤਪਾਦਾਂ ਦੀ ਮੁਕਾਬਲਤਨ ਕੀਮਤ ਹੇਠਾਂ ਜਾ ਸਕਦੀ ਹੈ। ਇਹ ਮੁਕਾਬਲਾ ਅੱਗੇ ਜਾ ਕੇ ਹੋਰ ਤੀਬਰ ਵੀ ਹੋ ਸਕਦਾ ਹੈ। ਏ ਆਈ ’ਤੇ ਲਗਾਤਾਰ ਵਧ ਰਿਹਾ ਖ਼ਰਚ ਤੇ ਉੱਪਰ ਵਿਚਾਰੇ ਗਏ ਕਾਰਨਾਂ ਕਰਕੇ ਭਵਿੱਖੀ ਮੁਨਾਫ਼ੇ ਦੀ ਅਸਥਿਰਤਾ ਕਾਰਨ ਵਿੱਤੀ ਬਾਜ਼ਾਰ ਵਿੱਚ ਇਨ੍ਹਾਂ ਕੰਪਨੀਆਂ ਵਿੱਚ ਵਿਸ਼ਵਾਸ ਕੁਝ ਘਟ ਰਿਹਾ ਹੈ। ਏ ਆਈ ਨਾਲ ਸਬੰਧਿਤ ਇਹ ਵਿੱਤੀ ਬੁਲਬੁਲਾ ਜਦੋਂ ਵੀ ਫੁੱਟੇਗਾ ਤਾਂ ਲਾਜ਼ਮੀ ਹੀ ਪਿਛਲੇ ਬੁਲਬੁਲਿਆਂ ਵਾਂਗ ਕੁੱਲ ਦੁਨੀਆ ਦੇ ਅਰਥਚਾਰੇ ਤੇ ਖ਼ਾਸਕਰ ਆਮ ਲੋਕਾਂ ਨੂੰ ਇਸ ਦਾ ਸੇਕ ਝੱਲਣਾ ਪਵੇਗਾ।



Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ ’ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

ਸੱਤਾ ਦਾ ਮਰਜ਼, ਪੰਜਾਬ ਸਿਰ ਕਰਜ਼



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ.
9855221193

ਤਿੰਨ ਦਹਾਕਿਆਂ ਦੀ ਵਿੱਤੀ ਕਾਰਗੁਜ਼ਾਰੀ, ਕਰਜ਼ੇ ਦੀ ਅਸਲ ਤਸਵੀਰ ਅਤੇ ਪੰਜਾਬ ਦੇ ਆਰਥਿਕ ਭਵਿੱਖ ਬਾਰੇ ਗੰਭੀਰ ਪੜਚੋਲ

ਪੰਜਾਬ ਦੀ ਆਰਥਿਕਤਾ ਅੱਜ ਇੱਕ ਅਜਿਹੇ ਮੋੜ ’ਤੇ ਖੜ੍ਹੀ ਹੈ, ਜਿੱਥੇ ਕਰਜ਼ੇ ਦਾ ਵਧਦਾ ਚੱਕਰਵਰਤੀ ਅੰਕੜਾ ਸਿਰਫ਼ ਸਰਕਾਰੀ ਖ਼ਜ਼ਾਨੇ ਦਾ ਮਸਲਾ ਨਹੀਂ ਰਿਹਾ, ਸਗੋਂ ਇਹ ਸੂਬੇ ਦੇ ਭਵਿੱਖ, ਵਿਕਾਸ, ਰੁਜ਼ਗਾਰ, ਸਿੱਖਿਆ, ਸਿਹਤ ਸੇਵਾਵਾਂ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੀ ਆਰਥਿਕ ਆਜ਼ਾਦੀ ਨਾਲ ਜੁੜਿਆ ਸਵਾਲ ਬਣ ਚੁੱਕਾ ਹੈ। ਚਿੰਤਾ ਦੀ ਗੱਲ ਇਹ ਹੈ ਕਿ ਪਿਛਲੇ ਤੀਹ ਸਾਲਾਂ ਦੌਰਾਨ ਪੰਜਾਬ ਵਿੱਚ ਸਰਕਾਰਾਂ ਬਦਲਦੀਆਂ ਰਹੀਆਂ, ਸਿਆਸੀ ਪਾਰਟੀਆਂ ਨੇ ਆਪੋ-ਆਪਣੇ ਵਿਕਾਸ ਮਾਡਲ ਪੇਸ਼ ਕੀਤੇ, ਚੋਣਾਂ ਵਿੱਚ ਵੱਡੇ ਵਾਅਦੇ ਕੀਤੇ, ਪਰ ਸੂਬੇ ਦੇ ਕਰਜ਼ੇ ਦੀ ਰਫ਼ਤਾਰ ਨੂੰ ਕਾਬੂ ਕਰਨ ਵਿੱਚ ਕੋਈ ਵੀ ਸਰਕਾਰ ਸਫ਼ਲਤਾ ਹਾਸਲ ਨਹੀਂ ਕਰ ਸਕੀ।

ਇਸ ਮਸਲੇ ਨੂੰ ਕਿਸੇ ਇੱਕ ਸਰਕਾਰ ਦੀ ਅਸਫ਼ਲਤਾ ਦੱਸ ਕੇ ਨਜ਼ਰਅੰਦਾਜ਼ ਕਰਨਾ ਵੀ ਠੀਕ ਨਹੀਂ ਅਤੇ ਸਾਰੀਆਂ ਸਰਕਾਰਾਂ ਨੂੰ ਬਰਾਬਰ ਦਾ ਜ਼ਿੰਮੇਵਾਰ ਠਹਿਰਾਉਣਾ ਵੀ ਤੱਥਾਂ ਨਾਲ ਇਨਸਾਫ਼ ਨਹੀਂ ਹੋਵੇਗਾ। ਇਸ ਲਈ ਲੋੜ ਹੈ ਕਿ ਪੰਜਾਬ ਦੀ ਵਿੱਤੀ ਸਥਿਤੀ ਨੂੰ ਇਤਿਹਾਸਕ ਅੰਕੜਿਆਂ, ਸਰਕਾਰੀ ਦਸਤਾਵੇਜ਼ਾਂ ਅਤੇ ਆਰਥਿਕ ਹਕੀਕਤਾਂ ਦੇ ਆਧਾਰ ’ਤੇ ਸਮਝਿਆ ਜਾਵੇ।

ਤਿੰਨ ਦਹਾਕਿਆਂ ਦੀ ਸਿਆਸਤ ਅਤੇ ਕਰਜ਼ੇ ਦਾ ਸਫ਼ਰ: 1997 ਵਿੱਚ ਅਕਾਲੀ ਦਲ-ਭਾਜਪਾ ਗੱਠਜੋੜ ਦੀ ਸਰਕਾਰ ਬਣੀ। ਉਸ ਸਮੇਂ ਪੰਜਾਬ ਦੀ ਵਿੱਤੀ ਸਥਿਤੀ ਪਹਿਲਾਂ ਹੀ ਚੁਣੌਤੀਆਂ ਨਾਲ ਘਿਰੀ ਹੋਈ ਸੀ। ਦਹਾਕੇ ਦੀ ਅਸ਼ਾਂਤੀ, ਸਰਕਾਰੀ ਖ਼ਰਚਿਆਂ ਅਤੇ ਆਮਦਨ ਦੇ ਸੀਮਤ ਸਰੋਤਾਂ ਨੇ ਸੂਬੇ ਦੀ ਆਰਥਿਕਤਾ ਨੂੰ ਪ੍ਰਭਾਵਿਤ ਕੀਤਾ ਹੋਇਆ ਸੀ। ਉਸ ਦੌਰਾਨ ਕੇਂਦਰੀ ਵਿੱਤੀ ਰਾਹਤ ਅਤੇ ਕਰਜ਼ੇ ਦੇ ਪੁਨਰਗਠਨ ਨਾਲ ਜੁੜੇ ਫ਼ੈਸਲਿਆਂ ਦਾ ਵੀ ਜ਼ਿਕਰ ਮਿਲਦਾ ਹੈ। ਪਰ 2002 ਵਿੱਚ ਜਦੋਂ ਸਰਕਾਰ ਬਦਲੀ ਤਾਂ ਸੂਬੇ ਸਿਰ ਕਰਜ਼ੇ ਦਾ ਬੋਝ ਪਹਿਲਾਂ ਨਾਲੋਂ ਕਾਫ਼ੀ ਵਧ ਚੁੱਕਾ ਸੀ।

2002 ਤੋਂ 2007 ਤੱਕ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਹੇਠ ਕਾਂਗਰਸ ਸਰਕਾਰ ਰਹੀ। ਇਸ ਸਮੇਂ ਦੌਰਾਨ ਵੀ ਸਰਕਾਰੀ ਵਿੱਤੀ ਘਾਟੇ ਅਤੇ ਕਰਜ਼ੇ ਵਿੱਚ ਵਾਧੇ ਦਾ ਸਿਲਸਿਲਾ ਜਾਰੀ ਰਿਹਾ। ਇਸ ਤੋਂ ਬਾਅਦ 2007 ਤੋਂ 2017 ਤੱਕ ਅਕਾਲੀ ਦਲ-ਭਾਜਪਾ ਗੱਠਜੋੜ ਨੇ ਲਗਾਤਾਰ ਦੋ ਕਾਰਜਕਾਲ ਪੂਰੇ ਕੀਤੇ। ਇਸ ਦਹਾਕੇ ਦੌਰਾਨ ਵੀ ਪੰਜਾਬ ਦੀਆਂ ਦੇਣਦਾਰੀਆਂ ਵਿੱਚ ਵੱਡਾ ਵਾਧਾ ਹੋਇਆ।

2017 ਤੋਂ 2022 ਤੱਕ ਮੁੜ ਕਾਂਗਰਸ ਦੀ ਸਰਕਾਰ ਰਹੀ। ਇਸ ਕਾਰਜਕਾਲ ਵਿੱਚ ਵੀ ਕਰਜ਼ੇ ਦਾ ਗ੍ਰਾਫ਼ ਹੇਠਾਂ ਆਉਣ ਦੀ ਬਜਾਏ ਉੱਪਰ ਵੱਲ ਜਾਂਦਾ ਰਿਹਾ। 2022 ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਸੱਤਾ ਵਿੱਚ ਆਈ ਤਾਂ ਉਸ ਨੂੰ ਪਹਿਲਾਂ ਤੋਂ ਹੀ ਵੱਡੀਆਂ ਦੇਣਦਾਰੀਆਂ, ਮੁਲਾਜ਼ਮਾਂ ਦੇ ਬਕਾਏ, ਪੈਨਸ਼ਨਾਂ ਅਤੇ ਵਿਆਜ ਦੀਆਂ ਅਦਾਇਗੀਆਂ ਵਾਲੀ ਆਰਥਿਕਤਾ ਵਿਰਾਸਤ ਵਿੱਚ ਮਿਲੀ।

ਇੱਥੇ ਇੱਕ ਗੱਲ ਸਪਸ਼ਟ ਕਰਨੀ ਜ਼ਰੂਰੀ ਹੈ: ਵੱਖ-ਵੱਖ ਸਰਕਾਰਾਂ ਦੇ ਕਾਰਜਕਾਲ ਦੌਰਾਨ ਕਰਜ਼ੇ ਵਿੱਚ ਹੋਏ ਵਾਧੇ ਦੀ ਸਹੀ ਤੁਲਨਾ ਲਈ ਹਰ ਸਾਲ 31 ਮਾਰਚ ਨੂੰ ਦਰਜ ਸਰਕਾਰੀ ਦੇਣਦਾਰੀਆਂ ਦੇ ਅੰਕੜੇ ਇੱਕੋ ਮਾਪਦੰਡ ਨਾਲ ਦੇਖਣੇ ਚਾਹੀਦੇ ਹਨ। ਬਜਟ ਅਨੁਮਾਨ, ਸੋਧੇ ਹੋਏ ਅਨੁਮਾਨ ਅਤੇ ਅਸਲ ਅੰਕੜਿਆਂ ਨੂੰ ਆਪਸ ਵਿੱਚ ਮਿਲਾ ਕੇ ਪੇਸ਼ ਕਰਨਾ ਗੁੰਮਰਾਹਕੁਨ ਹੋਵੇਗਾ।

ਰਿਜ਼ਰਵ ਬੈਂਕ ਆਫ਼ ਇੰਡੀਆ ਅਤੇ ਪੰਜਾਬ ਸਰਕਾਰ ਦੇ ਵਿੱਤੀ ਦਸਤਾਵੇਜ਼ਾਂ ’ਤੇ ਆਧਾਰਿਤ ਅਧਿਐਨਾਂ ਵਿੱਚ ਕਰਜ਼ੇ ਦੇ ਅੰਕੜੇ ਇਸ ਤੋਂ ਕਿਤੇ ਵੱਧ ਗੰਭੀਰ ਤਸਵੀਰ ਪੇਸ਼ ਕਰਦੇ ਹਨ। ਮਿਸਾਲ ਵਜੋਂ, ਪੰਜਾਬ ਦਾ ਸਰਕਾਰੀ ਜਨਤਕ ਕਰਜ਼ਾ 2001-02 ਵਿੱਚ ਲਗਭਗ 34,063 ਕਰੋੜ ਰੁਪਏ, 2006-07 ਵਿੱਚ 51,155 ਕਰੋੜ, 2011-12 ਵਿੱਚ 83,099 ਕਰੋੜ ਅਤੇ 2016-17 ਵਿੱਚ 1,82,526 ਕਰੋੜ ਰੁਪਏ ਦਰਜ ਕੀਤਾ ਗਿਆ। 2021-22 ਤੱਕ ਇਹ ਅੰਕੜਾ ਲਗਭਗ 2,81,773 ਕਰੋੜ ਰੁਪਏ ਤੱਕ ਪਹੁੰਚ ਗਿਆ। ਇਨ੍ਹਾਂ ਅੰਕੜਿਆਂ ਤੋਂ ਸਪਸ਼ਟ ਹੈ ਕਿ ਕਰਜ਼ੇ ਦੀ ਸਮੱਸਿਆ ਕਿਸੇ ਇੱਕ ਸਰਕਾਰ ਦੇ ਕਾਰਜਕਾਲ ਵਿੱਚ ਪੈਦਾ ਨਹੀਂ ਹੋਈ, ਸਗੋਂ ਕਈ ਸਰਕਾਰਾਂ ਦੇ ਦੌਰਾਨ ਲਗਾਤਾਰ ਗੰਭੀਰ ਹੁੰਦੀ ਗਈ।

ਇੱਕ ਹੋਰ ਮਹੱਤਵਪੂਰਨ ਤੱਥ ਇਹ ਹੈ ਕਿ 2016-17 ਵਿੱਚ ਕਰਜ਼ੇ ਵਿੱਚ ਅਚਾਨਕ ਹੋਏ ਵੱਡੇ ਵਾਧੇ ਦਾ ਇੱਕ ਕਾਰਨ ਲਗਭਗ 30,584 ਕਰੋੜ ਰੁਪਏ ਦੀ ਅਨਾਜ ਖ਼ਰੀਦ ਨਾਲ ਸਬੰਧਤ ਨਕਦੀ ਕਰਜ਼ਾ ਹੱਦ (ਕੈਸ਼ ਕ੍ਰੈਡਿਟ ਲਿਮਿਟ) ਦੀ ਦੇਣਦਾਰੀ ਨੂੰ ਲੰਮੇ ਸਮੇਂ ਦੇ ਕਰਜ਼ੇ ਵਿੱਚ ਤਬਦੀਲ ਕਰਨਾ ਅਤੇ ਉਦੈ (ਯੂ.ਡੀ.ਏ.ਵਾਈ) ਯੋਜਨਾ ਤਹਿਤ ਬਿਜਲੀ ਖੇਤਰ ਦੀਆਂ ਦੇਣਦਾਰੀਆਂ ਆਪਣੇ ਸਿਰ ਲੈਣਾ ਵੀ ਸੀ। ਇਸ ਲਈ ਸਿਰਫ਼ ਸਾਲ-ਦਰ-ਸਾਲ ਕਰਜ਼ੇ ਦਾ ਵਾਧਾ ਦੇਖਣਾ ਕਾਫ਼ੀ ਨਹੀਂ ਸਗੋਂ ਇਹ ਵੀ ਜਾਣਨਾ ਜ਼ਰੂਰੀ ਹੈ ਕਿ ਕਰਜ਼ਾ ਕਿਉਂ ਲਿਆ ਗਿਆ ਅਤੇ ਉਸ ਦੀ ਵਰਤੋਂ ਕਿੱਥੇ ਹੋਈ।

ਸਾਢੇ ਚਾਰ ਲੱਖ ਕਰੋੜ ਦਾ ਅੰਕੜਾ: ਅਸਲ ਸਥਿਤੀ ਕੀ ਹੈ ?: ਪੰਜਾਬ ਵਿਧਾਨ ਸਭਾ ਵਿੱਚ 8 ਮਾਰਚ 2026 ਨੂੰ ਪੇਸ਼ ਕੀਤੇ ਗਏ 2026-27 ਦੇ ਬਜਟ ਅਤੇ ਪੀਆਰਐੱਸ ਲੈਜਿਸਲੇਟਿਵ ਰਿਸਰਚ ਦੇ ਵਿਸ਼ਲੇਸ਼ਣ ਅਨੁਸਾਰ, 31 ਮਾਰਚ 2027 ਤੱਕ ਪੰਜਾਬ ਦੀਆਂ ਕੁੱਲ ਬਕਾਇਆ ਦੇਣਦਾਰੀਆਂ ਲਗਭਗ 4,47,754 ਕਰੋੜ ਰੁਪਏ ਹੋਣ ਦਾ ਅਨੁਮਾਨ ਹੈ। ਇਹ ਅੰਕੜਾ ਲਗਭਗ ਸਾਢੇ ਚਾਰ ਲੱਖ ਕਰੋੜ ਰੁਪਏ ਬਣਦਾ ਹੈ। ਪਰ ਇੱਥੇ ਇਹ ਫ਼ਰਕ ਸਮਝਣਾ ਜ਼ਰੂਰੀ ਹੈ ਕਿ ਇਹ 4 ਨਵੰਬਰ 2026 ਨੂੰ ਦਰਜ ਅੰਤਿਮ ਅਸਲ ਕਰਜ਼ੇ ਦਾ ਅੰਕੜਾ ਨਹੀਂ, ਸਗੋਂ ਮਾਲੀ ਸਾਲ ਦੇ ਅੰਤ ਲਈ ਬਜਟ ਅਨੁਮਾਨ ਹੈ।

ਇਸੇ ਬਜਟ ਅਨੁਸਾਰ 2026-27 ਵਿੱਚ ਪੰਜਾਬ ਦਾ ਕੁੱਲ ਰਾਜ ਘਰੇਲੂ ਉਤਪਾਦ (ਜੀ ਐੱਸ ਡੀ ਪੀ) 9,80,635 ਕਰੋੜ ਰੁਪਏ ਰਹਿਣ ਦਾ ਅਨੁਮਾਨ ਹੈ ਅਤੇ ਕੁੱਲ ਬਕਾਇਆ ਦੇਣਦਾਰੀਆਂ ਇਸ ਦਾ ਲਗਭਗ 45.1 ਫ਼ੀਸਦੀ ਬਣਦੀਆਂ ਹਨ। ਇਹ ਅਨੁਪਾਤ ਆਪਣੇ ਆਪ ਵਿੱਚ ਚਿੰਤਾ ਦਾ ਵਿਸ਼ਾ ਹੈ, ਕਿਉਂਕਿ ਕਰਜ਼ੇ ਦੀ ਅਦਾਇਗੀ ਲਈ ਸਰਕਾਰ ਨੂੰ ਹਰ ਸਾਲ ਆਪਣੀ ਆਮਦਨ ਦਾ ਵੱਡਾ ਹਿੱਸਾ ਰੱਖਣਾ ਪੈਂਦਾ ਹੈ।

ਆਮਦਨ ਦਾ ਵੱਡਾ ਹਿੱਸਾ ਵਿਆਜ, ਤਨਖ਼ਾਹਾਂ ਅਤੇ ਪੈਨਸ਼ਨਾਂ ਵਿੱਚ: ਪੰਜਾਬ ਦੀ ਆਰਥਿਕ ਸਮੱਸਿਆ ਦਾ ਸਭ ਤੋਂ ਗੰਭੀਰ ਪਹਿਲੂ ਇਹ ਹੈ ਕਿ ਸਰਕਾਰ ਦੀ ਆਮਦਨ ਦਾ ਵੱਡਾ ਹਿੱਸਾ ਪਹਿਲਾਂ ਹੀ ਨਿਰਧਾਰਤ ਖ਼ਰਚਿਆਂ ਵਿੱਚ ਚਲਾ ਜਾਂਦਾ ਹੈ। 2026-27 ਦੇ ਬਜਟ ਅਨੁਮਾਨਾਂ ਮੁਤਾਬਕ ਤਨਖ਼ਾਹਾਂ ਲਈ 39,115 ਕਰੋੜ, ਪੈਨਸ਼ਨਾਂ ਲਈ 22,465 ਕਰੋੜ ਅਤੇ ਕਰਜ਼ੇ ਦੇ ਵਿਆਜ ਦੀ ਅਦਾਇਗੀ ਲਈ 28,755 ਕਰੋੜ ਰੁਪਏ ਰੱਖੇ ਗਏ ਹਨ। ਇਹ ਤਿੰਨੇ ਖ਼ਰਚੇ ਮਿਲਾ ਕੇ 90,335 ਕਰੋੜ ਰੁਪਏ ਬਣਦੇ ਹਨ।

ਦੂਜੇ ਪਾਸੇ, ਇਸੇ ਸਾਲ ਸਰਕਾਰ ਦੀਆਂ ਕੁੱਲ ਮਾਲੀਆ ਪ੍ਰਾਪਤੀਆਂ 1,26,190 ਕਰੋੜ ਰੁਪਏ ਅਨੁਮਾਨਿਤ ਹਨ। ਇਸ ਦਾ ਮਤਲਬ ਹੈ ਕਿ ਮਾਲੀਆ ਪ੍ਰਾਪਤੀਆਂ ਦਾ ਲਗਭਗ 72 ਫ਼ੀਸਦੀ ਹਿੱਸਾ ਸਿਰਫ਼ ਤਨਖ਼ਾਹਾਂ, ਪੈਨਸ਼ਨਾਂ ਅਤੇ ਵਿਆਜ ਦੀ ਅਦਾਇਗੀ ਵਿੱਚ ਖ਼ਰਚ ਹੋ ਜਾਵੇਗਾ। ਇਸ ਤੋਂ ਬਾਅਦ ਸਿੱਖਿਆ, ਸਿਹਤ, ਸੜਕਾਂ, ਪੇਂਡੂ ਵਿਕਾਸ, ਖੇਤੀਬਾੜੀ, ਉਦਯੋਗ ਅਤੇ ਹੋਰ ਲੋਕ ਭਲਾਈ ਦੇ ਕੰਮਾਂ ਲਈ ਸਰਕਾਰ ਕੋਲ ਸੀਮਤ ਆਰਥਿਕ ਗੁੰਜਾਇਸ਼ ਬਚਦੀ ਹੈ। ਇੱਥੇ ਇੱਕ ਹੋਰ ਤੱਥ ਵੱਲ ਧਿਆਨ ਦੇਣਾ ਲਾਜ਼ਮੀ ਹੈ। ਪੰਜਾਬ ਦੀ ਆਪਣੀ ਟੈਕਸ ਆਮਦਨ 2026-27 ਲਈ 70,851 ਕਰੋੜ ਰੁਪਏ ਅਨੁਮਾਨੀ ਗਈ ਹੈ, ਪਰ ਇਹ ਸੂਬੇ ਦੀ ਕੁੱਲ ਆਮਦਨ ਨਹੀਂ ਹੈ। ਇਸ ਤੋਂ ਇਲਾਵਾ ਕੇਂਦਰੀ ਟੈਕਸਾਂ ਵਿੱਚ ਹਿੱਸਾ, ਗੈਰ-ਟੈਕਸ ਆਮਦਨ ਅਤੇ ਕੇਂਦਰੀ ਗ੍ਰਾਂਟਾਂ ਵੀ ਮਾਲੀਆ ਪ੍ਰਾਪਤੀਆਂ ਦਾ ਹਿੱਸਾ ਹਨ। ਇਸ ਲਈ ਆਪਣੀ ਟੈਕਸ ਆਮਦਨ ਨੂੰ ਕੁੱਲ ਆਮਦਨ ਦੱਸਣਾ ਵਿੱਤੀ ਤਸਵੀਰ ਨੂੰ ਅਧੂਰਾ ਕਰ ਦੇਵੇਗਾ।

ਇਸੇ ਤਰ੍ਹਾਂ ਬਿਜਲੀ ਸਬਸਿਡੀ ਪੰਜਾਬ ਦੇ ਖ਼ਜ਼ਾਨੇ ਉੱਤੇ ਇੱਕ ਵੱਡੀ ਜ਼ਿੰਮੇਵਾਰੀ ਹੈ। ਕਿਸਾਨਾਂ, ਘਰੇਲੂ ਖਪਤਕਾਰਾਂ ਅਤੇ ਹੋਰ ਵਰਗਾਂ ਨੂੰ ਦਿੱਤੀ ਜਾਣ ਵਾਲੀ ਸਬਸਿਡੀ ਦਾ ਆਪਣਾ ਸਮਾਜਿਕ ਮਹੱਤਵ ਹੈ। ਪਰ ਸਬਸਿਡੀ ਦੀ ਅਦਾਇਗੀ ਸਮੇਂ ਸਿਰ ਹੋਵੇ, ਇਸ ਦਾ ਲਾਭ ਅਸਲ ਹੱਕਦਾਰਾਂ ਤੱਕ ਪਹੁੰਚੇ ਅਤੇ ਬਿਜਲੀ ਵੰਡ ਪ੍ਰਣਾਲੀ ਵਿੱਚ ਨੁਕਸਾਨ ਘਟੇ, ਇਹ ਵੀ ਉਨਾ ਹੀ ਜ਼ਰੂਰੀ ਹੈ। ਲੋਕ ਭਲਾਈ ਦੀਆਂ ਯੋਜਨਾਵਾਂ ਅਤੇ ਵਿੱਤੀ ਅਨੁਸ਼ਾਸਨ ਇੱਕ-ਦੂਜੇ ਦੇ ਵਿਰੋਧੀ ਨਹੀਂ ਹੋਣੇ ਚਾਹੀਦੇ।

ਕਰਜ਼ਾ ਕਿੱਥੇ ਖ਼ਰਚ ਹੋ ਰਿਹਾ ਹੈ, ਇਹ ਜਾਣਨਾ ਵੀ ਜ਼ਰੂਰੀ: ਕਰਜ਼ਾ ਲੈਣਾ ਆਪਣੇ ਆਪ ਵਿੱਚ ਮਾੜੀ ਗੱਲ ਨਹੀਂ। ਦੁਨੀਆ ਦੀਆਂ ਸਰਕਾਰਾਂ ਕਰਜ਼ਾ ਲੈਂਦੀਆਂ ਹਨ। ਪਰ ਆਰਥਿਕ ਮਾਹਿਰਾਂ ਅਨੁਸਾਰ ਕਰਜ਼ੇ ਦੀ ਵਰਤੋਂ ਅਤੇ ਉਸ ਤੋਂ ਮਿਲਣ ਵਾਲਾ ਲਾਭ ਸਭ ਤੋਂ ਮਹੱਤਵਪੂਰਨ ਹੁੰਦਾ ਹੈ। ਜੇਕਰ ਕਰਜ਼ੇ ਨਾਲ ਨਵੇਂ ਉਦਯੋਗ ਸਥਾਪਤ ਹੋਣ, ਰੁਜ਼ਗਾਰ ਪੈਦਾ ਹੋਵੇ, ਸਿੰਜਾਈ ਪ੍ਰਬੰਧ ਸੁਧਰੇ, ਸਿੱਖਿਆ ਅਤੇ ਸਿਹਤ ਸਹੂਲਤਾਂ ਦਾ ਵਿਸਥਾਰ ਹੋਵੇ ਅਤੇ ਸੂਬੇ ਦੀ ਉਤਪਾਦਕ ਸਮਰੱਥਾ ਵਧੇ ਤਾਂ ਇਹ ਭਵਿੱਖ ਦੀ ਆਮਦਨ ਦਾ ਸਾਧਨ ਬਣਦਾ ਹੈ।

ਪਰ ਜੇਕਰ ਕਰਜ਼ਾ ਮੁੱਖ ਤੌਰ ’ਤੇ ਰੋਜ਼ਾਨਾ ਦੇ ਸਰਕਾਰੀ ਖ਼ਰਚੇ, ਪੁਰਾਣੇ ਕਰਜ਼ੇ ਦਾ ਵਿਆਜ, ਚੋਣਾਂ ਦੌਰਾਨ ਕੀਤੇ ਵਾਅਦਿਆਂ ਦੀ ਪੂਰਤੀ ਅਤੇ ਘਾਟੇ ਪੂਰੇ ਕਰਨ ਲਈ ਵਰਤਿਆ ਜਾਵੇ ਤਾਂ ਇਹ ਸਮੱਸਿਆ ਨੂੰ ਹੋਰ ਡੂੰਘਾ ਕਰਦਾ ਹੈ।

ਇਸੇ ਸੰਦਰਭ ਵਿੱਚ ਦੋ ਆਰਥਿਕ ਸ਼ਬਦ ਸਮਝਣੇ ਜ਼ਰੂਰੀ ਹਨ। ਪਹਿਲਾ ਹੈ ਮਾਲੀਆ ਘਾਟਾ (ਰੈਵੇਨਿਊ ਡੈਫਿਕਟ), ਜਿਸ ਦਾ ਅਰਥ ਹੈ ਕਿ ਸਰਕਾਰ ਦੀ ਰੋਜ਼ਾਨਾ ਆਮਦਨ ਉਸ ਦੇ ਰੋਜ਼ਾਨਾ ਖ਼ਰਚਿਆਂ ਨੂੰ ਪੂਰਾ ਕਰਨ ਲਈ ਕਾਫ਼ੀ ਨਹੀਂ। ਦੂਜਾ ਹੈ ਵਿੱਤੀ ਘਾਟਾ (ਫਿਸਕਲ ਡੈਫਿਕਟ), ਜਿਸ ਦਾ ਅਰਥ ਹੈ ਕਿ ਸਰਕਾਰ ਦੀ ਕੁੱਲ ਆਮਦਨ ਅਤੇ ਗੈਰ-ਕਰਜ਼ਾ ਪ੍ਰਾਪਤੀਆਂ ਦੇ ਮੁਕਾਬਲੇ ਕੁੱਲ ਖ਼ਰਚਾ ਕਿੰਨਾ ਵੱਧ ਹੈ।

ਪੰਜਾਬ ਦੇ 2026-27 ਦੇ ਬਜਟ ਵਿੱਚ ਮਾਲੀਆ ਘਾਟਾ 21,955 ਕਰੋੜ ਅਤੇ ਵਿੱਤੀ ਘਾਟਾ 39,971 ਕਰੋੜ ਰੁਪਏ ਅਨੁਮਾਨਿਆ ਗਿਆ ਹੈ। ਵਿੱਤੀ ਘਾਟਾ ਸੂਬੇ ਦੇ ਘਰੇਲੂ ਉਤਪਾਦ ਦਾ 4.1 ਫ਼ੀਸਦੀ ਬਣਦਾ ਹੈ, ਜਦਕਿ ਸੋਲ੍ਹਵੇਂ ਵਿੱਤ ਕਮਿਸ਼ਨ ਨੇ 2026 ਤੋਂ 2031 ਦੇ ਸਮੇਂ ਲਈ ਸੂਬਿਆਂ ਦਾ ਸਾਲਾਨਾ ਵਿੱਤੀ ਘਾਟਾ ਆਮ ਤੌਰ ’ਤੇ 3 ਫ਼ੀਸਦੀ ਤੱਕ ਰੱਖਣ ਦੀ ਸਿਫ਼ਾਰਸ਼ ਕੀਤੀ ਹੈ। ਇਹ ਅੰਕੜੇ ਸਰਕਾਰ ਸਾਹਮਣੇ ਮੌਜੂਦ ਆਰਥਿਕ ਚੁਣੌਤੀ ਨੂੰ ਸਪਸ਼ਟ ਕਰਦੇ ਹਨ।

ਕੀ ਪੰਜਾਬ ਵਿੱਚ ਵਿੱਤੀ ਐਮਰਜੈਂਸੀ ਲੱਗ ਸਕਦੀ ਹੈ ?: ਇਸ ਮਾਮਲੇ ਵਿੱਚ ਸੰਵਿਧਾਨ ਦੀ ਧਾਰਾ 360 ਦਾ ਹਵਾਲਾ ਦੇ ਕੇ ਵਿੱਤੀ ਐਮਰਜੈਂਸੀ ਲਾਗੂ ਹੋਣ ਦੇ ਖ਼ਦਸ਼ੇ ਪ੍ਰਗਟਾਏ ਜਾ ਰਹੇ ਹਨ। ਪਰ ਇਸ ਵਿਸ਼ੇ ਨੂੰ ਸਿਆਸੀ ਬਿਆਨਬਾਜ਼ੀ ਦੀ ਬਜਾਏ ਸੰਵਿਧਾਨਕ ਪ੍ਰਬੰਧਾਂ ਦੀ ਰੌਸ਼ਨੀ ਵਿੱਚ ਸਮਝਣਾ ਚਾਹੀਦਾ ਹੈ।

ਭਾਰਤੀ ਸੰਵਿਧਾਨ ਦੀ ਧਾਰਾ 360 ਅਨੁਸਾਰ, ਜੇਕਰ ਰਾਸ਼ਟਰਪਤੀ ਇਸ ਗੱਲ ਤੋਂ ਸੰਤੁਸ਼ਟ ਹੋਣ ਕਿ ਭਾਰਤ ਜਾਂ ਉਸ ਦੇ ਕਿਸੇ ਹਿੱਸੇ ਦੀ ਵਿੱਤੀ ਸਥਿਰਤਾ ਜਾਂ ਸਾਖ਼ ਨੂੰ ਖ਼ਤਰਾ ਪੈਦਾ ਹੋ ਗਿਆ ਹੈ ਤਾਂ ਉਹ ਵਿੱਤੀ ਐਮਰਜੈਂਸੀ ਦਾ ਐਲਾਨ ਕਰ ਸਕਦੇ ਹਨ। ਪਰ ਇਸ ਲਈ ਸੰਵਿਧਾਨ ਵਿੱਚ ਨਿਰਧਾਰਤ ਪ੍ਰਕਿਰਿਆ ਦੀ ਪਾਲਣਾ ਲਾਜ਼ਮੀ ਹੈ। ਅਜਿਹੇ ਐਲਾਨ ਨੂੰ ਦੋ ਮਹੀਨਿਆਂ ਦੇ ਅੰਦਰ ਸੰਸਦ ਦੇ ਦੋਵਾਂ ਸਦਨਾਂ ਦੀ ਮਨਜ਼ੂਰੀ ਲੈਣੀ ਪੈਂਦੀ ਹੈ।

ਵਿੱਤੀ ਐਮਰਜੈਂਸੀ ਦੌਰਾਨ ਕੇਂਦਰ ਸਰਕਾਰ ਸੂਬਿਆਂ ਨੂੰ ਵਿੱਤੀ ਅਨੁਸ਼ਾਸਨ ਸਬੰਧੀ ਨਿਰਦੇਸ਼ ਦੇ ਸਕਦੀ ਹੈ। ਇਨ੍ਹਾਂ ਵਿੱਚ ਸਰਕਾਰੀ ਮੁਲਾਜ਼ਮਾਂ ਦੀਆਂ ਤਨਖ਼ਾਹਾਂ ਅਤੇ ਭੱਤਿਆਂ ਵਿੱਚ ਕਟੌਤੀ ਕਰਨ ਦੇ ਨਿਰਦੇਸ਼ ਵੀ ਸ਼ਾਮਲ ਹੋ ਸਕਦੇ ਹਨ। ਇਸ ਲਈ ਇਹ ਕੋਈ ਮਾਮੂਲੀ ਸੰਵਿਧਾਨਕ ਵਿਵਸਥਾ ਨਹੀਂ ਹੈ। ਹਾਲਾਂਕਿ ਪੰਜਾਬ ਉੱਤੇ ਕਰਜ਼ੇ ਦਾ ਵੱਡਾ ਬੋਝ ਹੋਣ ਮਾਤਰ ਨਾਲ ਧਾਰਾ 360 ਆਪਣੇ ਆਪ ਲਾਗੂ ਨਹੀਂ ਹੋ ਜਾਂਦੀ। ਭਾਰਤ ਵਿੱਚ ਅੱਜ ਤੱਕ ਵਿੱਤੀ ਐਮਰਜੈਂਸੀ ਲਾਗੂ ਨਹੀਂ ਕੀਤੀ ਗਈ।

ਪੰਜਾਬ ਨੂੰ ਵਿੱਤੀ ਸੰਕਟ ਵਿੱਚੋਂ ਕੱਢਣ ਲਈ ਕੀ ਕਰਨਾ ਪਵੇਗਾ ?: ਸਭ ਤੋਂ ਪਹਿਲਾਂ ਪੰਜਾਬ ਸਰਕਾਰ ਨੂੰ ਇੱਕ ਵਿਆਪਕ ਅਤੇ ਪਾਰਦਰਸ਼ੀ ਵਿੱਤੀ ਸ਼ਵੇਤ ਪੱਤਰ ਜਾਰੀ ਕਰਨਾ ਚਾਹੀਦਾ ਹੈ, ਜਿਸ ਵਿੱਚ ਪਿਛਲੇ ਤਿੰਨ ਦਹਾਕਿਆਂ ਦੌਰਾਨ ਲਏ ਗਏ ਕਰਜ਼ੇ, ਉਨ੍ਹਾਂ ਦੀ ਵਰਤੋਂ, ਵਿਆਜ ਦੀਆਂ ਅਦਾਇਗੀਆਂ, ਸਰਕਾਰੀ ਗਾਰੰਟੀਆਂ ਅਤੇ ਵੱਖ-ਵੱਖ ਵਿਭਾਗਾਂ ਦੀਆਂ ਦੇਣਦਾਰੀਆਂ ਦਾ ਪੂਰਾ ਵੇਰਵਾ ਹੋਵੇ।

ਦੂਜਾ, ਸੂਬੇ ਦੀ ਆਮਦਨ ਵਧਾਉਣ ਲਈ ਖੇਤੀਬਾੜੀ ਆਧਾਰਿਤ ਉਦਯੋਗਾਂ, ਛੋਟੇ ਅਤੇ ਦਰਮਿਆਨੇ ਉਦਯੋਗਾਂ, ਸੈਰ-ਸਪਾਟੇ, ਸੂਚਨਾ ਤਕਨਾਲੋਜੀ ਅਤੇ ਨਿਰਯਾਤ ਨੂੰ ਉਤਸ਼ਾਹਿਤ ਕਰਨਾ ਪਵੇਗਾ। ਸਿਰਫ਼ ਟੈਕਸ ਵਧਾ ਕੇ ਜਾਂ ਜਾਇਦਾਦ ਵੇਚ ਕੇ ਸਥਾਈ ਆਰਥਿਕ ਖ਼ੁਸ਼ਹਾਲੀ ਨਹੀਂ ਆ ਸਕਦੀ।

ਤੀਜਾ, ਸਰਕਾਰੀ ਵਿਭਾਗਾਂ ਅਤੇ ਜਨਤਕ ਖੇਤਰ ਦੇ ਅਦਾਰਿਆਂ ਦੇ ਵਿੱਤੀ ਪ੍ਰਬੰਧਾਂ ਦਾ ਆਡਿਟ ਹੋਣਾ ਚਾਹੀਦਾ ਹੈ। ਘਾਟੇ ਵਿੱਚ ਚੱਲ ਰਹੇ ਅਦਾਰਿਆਂ ਦੀ ਕਾਰਗੁਜ਼ਾਰੀ ਸੁਧਾਰੀ ਜਾਵੇ ਅਤੇ ਸਰਕਾਰੀ ਖ਼ਰਚਿਆਂ ਵਿੱਚ ਬੇਲੋੜੀ ਫ਼ਜ਼ੂਲਖ਼ਰਚੀ ਰੋਕੀ ਜਾਵੇ।

ਚੌਥਾ, ਸਬਸਿਡੀਆਂ ਅਤੇ ਲੋਕ ਭਲਾਈ ਦੀਆਂ ਯੋਜਨਾਵਾਂ ਨੂੰ ਬੰਦ ਕਰਨ ਦੀ ਬਜਾਏ ਉਨ੍ਹਾਂ ਦੀ ਪਾਰਦਰਸ਼ੀ ਅਤੇ ਨਿਸ਼ਾਨਾਬੱਧ ਵੰਡ ਯਕੀਨੀ ਬਣਾਈ ਜਾਵੇ। ਇਸ ਦੇ ਨਾਲ ਹੀ ਨਵੇਂ ਕਰਜ਼ੇ ਦੀ ਵਰਤੋਂ ਵਿਕਾਸਮੁਖੀ ਅਤੇ ਆਮਦਨ ਪੈਦਾ ਕਰਨ ਵਾਲੇ ਪ੍ਰਾਜੈਕਟਾਂ ਲਈ ਕੀਤੀ ਜਾਵੇ।

ਸਭ ਤੋਂ ਅਹਿਮ ਗੱਲ ਇਹ ਹੈ ਕਿ ਸਰਕਾਰ ਨੂੰ ਮੁਲਾਜ਼ਮਾਂ ਦੇ ਡੀਏ, ਤਨਖ਼ਾਹਾਂ, ਪੈਨਸ਼ਨਾਂ ਅਤੇ ਹੋਰ ਕਾਨੂੰਨੀ ਦੇਣਦਾਰੀਆਂ ਬਾਰੇ ਸਪਸ਼ਟ ਸਮਾਂਬੱਧ ਯੋਜਨਾ ਜਨਤਕ ਕਰਨੀ ਚਾਹੀਦੀ ਹੈ। ਇਨ੍ਹਾਂ ਲੋਕਾਂ ਦੇ ਹੱਕਾਂ ਨੂੰ ਸੂਬੇ ਦੀ ਆਰਥਿਕ ਅਸਫ਼ਲਤਾ ਦੀ ਕੀਮਤ ਨਹੀਂ ਬਣਾਇਆ ਜਾ ਸਕਦਾ।

ਪੰਜਾਬ ਦਾ ਕਰਜ਼ਾ ਕਿਸੇ ਇੱਕ ਪਾਰਟੀ, ਇੱਕ ਮੁੱਖ ਮੰਤਰੀ ਜਾਂ ਇੱਕ ਸਰਕਾਰ ਦੀ ਦੇਣ ਨਹੀਂ। ਇਹ ਲੰਮੇ ਸਮੇਂ ਤੋਂ ਚੱਲ ਰਹੀ ਵਿੱਤੀ ਅਣਗਹਿਲੀ, ਨੀਤੀਗਤ ਕਮਜ਼ੋਰੀਆਂ, ਸੀਮਤ ਆਮਦਨੀ ਸਰੋਤਾਂ ਅਤੇ ਸਰਕਾਰੀ ਖ਼ਰਚਿਆਂ ਦੇ ਗ਼ੈਰਜ਼ਿੰਮੇਵਾਰਾਨਾ ਕਰਤੂਤਾਂ ਦਾ ਨਤੀਜਾ ਹੈ। ਇਸ ਲਈ ਪਿਛਲੀਆਂ ਸਰਕਾਰਾਂ ਨੂੰ ਵੀ ਆਪਣੇ ਕਾਰਜਕਾਲ ਦਾ ਹਿਸਾਬ ਦੇਣਾ ਪਵੇਗਾ ਅਤੇ ਮੌਜੂਦਾ ਸਰਕਾਰ ਨੂੰ ਵੀ ਆਪਣੀ ਕਾਰਗੁਜ਼ਾਰੀ ਲਈ ਜਵਾਬਦੇਹ ਹੋਣਾ ਪਵੇਗਾ।

ਸਿਆਸੀ ਧਿਰਾਂ ਨੂੰ ਵੀ ਸਮਝਣਾ ਪਵੇਗਾ ਕਿ ਮੁਫ਼ਤ ਸਹੂਲਤਾਂ, ਰਿਆਇਤਾਂ ਅਤੇ ਚੋਣ ਮਨੋਰਥ ਪੱਤਰਾਂ ਵਿੱਚ ਕੀਤੇ ਵਾਅਦੇ ਉਦੋਂ ਹੀ ਟਿਕਾਊ ਹੋ ਸਕਦੇ ਹਨ, ਜਦੋਂ ਉਨ੍ਹਾਂ ਦੇ ਪਿੱਛੇ ਆਮਦਨ ਦਾ ਪੱਕਾ ਸਰੋਤ ਅਤੇ ਆਰਥਿਕ ਪ੍ਰਬੰਧ ਹੋਵੇ।

ਪੰਜਾਬ ਦੀ ਜਵਾਨੀ ਰੁਜ਼ਗਾਰ ਲਈ ਵਿਦੇਸ਼ਾਂ ਵੱਲ ਜਾ ਰਹੀ ਹੈ, ਕਿਸਾਨੀ ਆਰਥਿਕ ਦਬਾਅ ਹੇਠ ਹੈ, ਉਦਯੋਗ ਹੋਰ ਸੂਬਿਆਂ ਵੱਲ ਰੁਖ਼ ਕਰ ਰਹੇ ਹਨ ਅਤੇ ਸਰਕਾਰੀ ਖ਼ਜ਼ਾਨਾ ਕਰਜ਼ੇ ਦੀਆਂ ਅਦਾਇਗੀਆਂ ਵਿੱਚ ਉਲਝਿਆ ਹੋਇਆ ਹੈ। ਅਜਿਹੇ ਹਾਲਾਤ ਵਿੱਚ ਸੂਬੇ ਦੀ ਤਰਜੀਹ ਸਿਰਫ਼ ਅਗਲੀਆਂ ਚੋਣਾਂ ਜਿੱਤਣਾ ਨਹੀਂ, ਸਗੋਂ ਅਗਲੀਆਂ ਪੀੜ੍ਹੀਆਂ ਲਈ ਆਰਥਿਕ ਤੌਰ ’ਤੇ ਮਜ਼ਬੂਤ ਪੰਜਾਬ ਤਿਆਰ ਕਰਨਾ ਹੋਣਾ ਚਾਹੀਦਾ ਹੈ।

ਅੱਜ ਪੰਜਾਬ ਦੇ ਲੋਕਾਂ ਨੂੰ ਸਰਕਾਰ ਤੋਂ ਸਿਰਫ਼ ਇਹ ਜਵਾਬ ਨਹੀਂ ਚਾਹੀਦਾ ਕਿ ਪਿਛਲੀ ਸਰਕਾਰ ਨੇ ਕਿੰਨਾ ਕਰਜ਼ਾ ਛੱਡਿਆ ਸੀ। ਉਹ ਇਹ ਵੀ ਜਾਣਨਾ ਚਾਹੁੰਦੇ ਹਨ ਕਿ ਮੌਜੂਦਾ ਸਰਕਾਰ ਨੇ ਕਿੰਨਾ ਨਵਾਂ ਕਰਜ਼ਾ ਲਿਆ, ਉਸ ਵਿੱਚੋਂ ਕਿੰਨਾ ਵਿਕਾਸ ਉੱਤੇ ਖ਼ਰਚਿਆ, ਕਿੰਨੀ ਆਮਦਨ ਪੈਦਾ ਹੋਈ ਅਤੇ ਆਉਣ ਵਾਲੇ ਪੰਜ ਸਾਲਾਂ ਵਿੱਚ ਕਰਜ਼ੇ ਨੂੰ ਕਾਬੂ ਕਰਨ ਦੀ ਕੀ ਯੋਜਨਾ ਹੈ।

ਇੱਥੇ ਇਹ ਨੁਕਤਾ ਨੋਟ ਕਰੋ ਕਿ ਕਰਜ਼ਾ ਲੈ ਕੇ ਸਰਕਾਰ ਚਲਾਈ ਜਾ ਸਕਦੀ ਹੈ, ਪਰ ਕਰਜ਼ੇ ਸਹਾਰੇ ਕਿਸੇ ਸੂਬੇ ਦਾ ਭਵਿੱਖ ਨਹੀਂ ਉਸਾਰਿਆ ਜਾ ਸਕਦਾ। ਪੰਜਾਬ ਨੂੰ ਕਰਜ਼ੇ ਦੀ ਨਹੀਂ, ਆਮਦਨ, ਉਦਯੋਗ, ਰੁਜ਼ਗਾਰ, ਉਤਪਾਦਨ ਅਤੇ ਜਵਾਬਦੇਹ ਸ਼ਾਸਨ ਦੀ ਨਵੀਂ ਦਿਸ਼ਾ ਅਤੇ ਨਵੇਂ ਦ੍ਰਿਸ਼ਟੀਕੋਣ ਦੀ ਲੋੜ ਹੈ।

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਦੀਵਾਲੀ ਮੇਲੇ ਦਾ ਉਤਸ਼ਾਹ ਅਤੇ ਸੱਭਿਆਚਾਰਕ ਰੰਗਾਂ ਨਾਲ ਆਯੋਜਨ

ਫ਼ਤਹਿਗੜ੍ਹ ਸਾਹਿਬ, 4 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ,ਫ਼ਤਹਿਗੜ੍ਹ ਸਾਹਿਬ ਵਿਖੇ ਦੀਵਾਲੀ ਮੇਲਾ ਬੜੇ ਉਤਸ਼ਾਹ ਅਤੇ ਸੱਭਿਆਚਾਰਕ ਰੰਗਾਂ ਨਾਲ ਲਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਦਿਆਂ ਆਪਣੀ ਸਿਰਜਣਾਤਮਕਤਾ ਅਤੇ ਉੱਦਮੀ ਸਮਰੱਥਾ ਦਾ ਪ੍ਰਗਟਾਵਾ ਕੀਤਾ।

ਐਡਵੋਕੇਟ ਸ. ਅਮਰਦੀਪ ਸਿੰਘ ਧਾਰਨੀ, ਮੈਂਬਰ ਯੂਨੀਵਰਸਿਟੀ ਟਰੱਸਟ ਅਤੇ ਪ੍ਰਧਾਨ, ਅਕਾਲੀ ਦਲ ਕਾਨੂੰਨੀ ਵਿੰਗ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਵਾਈਸ-ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਅਤੇ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਵੀ ਹਾਜ਼ਰ ਸਨ। ਸ. ਧਾਰਨੀ ਨੇ ਵਿਦਿਆਰਥੀਆਂ ਦੀ ਸਿਰਜਣਾਤਮਕਤਾ ਅਤੇ ਉਤਸ਼ਾਹ ਦੀ ਸ਼ਲਾਘਾ ਕਰਦਿਆਂ ਆਪਣੇ ਜੀਵਨ ਦੇ ਤਜਰਬੇ ਸਾਂਝੇ ਕੀਤੇ।



ਡਾ. ਸਿਕੰਦਰ ਸਿੰਘ, ਡੀਨ ਵਿਦਿਆਰਥੀ ਭਲਾਈ ਨੇ ਸਵਾਗਤੀ ਸ਼ਬਦ ਸਾਂਝੇ ਕਰਦਿਆਂ ਕਿਹਾ ਕਿ ਅਜਿਹੇ ਸੱਭਿਆਚਾਰਕ ਸਮਾਗਮ ਯੂਨੀਵਰਸਿਟੀ ਦੇ ਮਾਹੌਲ ਨੂੰ ਜੀਵੰਤ ਬਣਾਉਂਦੇ ਹਨ ਅਤੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਆਪਣੀਆਂ ਰੁਚੀਆਂ ਅਤੇ ਪ੍ਰਤਿਭਾ ਨਿਖਾਰਨ ਦੇ ਮੌਕੇ ਦਿੰਦੇ ਹਨ।

ਮੇਲੇ ਦੇ ਕਨਵੀਨਰ ਡਾ. ਹਰਨੀਤ ਬਿਲਿੰਗ, ਮੁਖੀ, ਸਿੱਖਿਆ ਵਿਭਾਗ ਨੇ ਇਸ ਉਪਰਾਲੇ ਦੇ ਉਦੇਸ਼ ਸਾਂਝੇ ਕਰਦਿਆਂ ਕਿਹਾ ਕਿ ਇਸ ਦਾ ਮੁੱਖ ਮੰਤਵ ਵਿਦਿਆਰਥੀਆਂ ਨੂੰ ਆਪਣੀ ਸਿਰਜਣਾਤਮਕ ਅਤੇ ਉੱਦਮੀ ਸੋਚ ਦੇ ਪ੍ਰਗਟਾਵੇ ਆਰਥੀਆਂ ਵਿੱਚ ਆਤਮ-ਵਿਸ਼ਵਾਸ, ਰਲ਼ ਕੇ ਕੰਮ ਕਰਨ ਦੀ ਭਾਵਨਾ, ਅਗਵਾਈ ਅਤੇ ਪ੍ਰਬੰਧਕੀ ਹੁਨਰ ਪੈਦਾ ਕਰਦੀਆਂ ਹਨ।

ਮੇਲੇ ਦੌਰਾਨ ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀਆਂ ਵੱਲੋਂ ਰਵਾਇਤੀ ਪਕਵਾਨਾਂ, ਖਾਣ-ਪੀਣ ਦੀਆਂ ਵਸਤਾਂ, ਹੱਥੀਂ ਤਿਆਰ ਕੀਤੀਆਂ ਕਲਾਕ੍ਰਿਤੀਆਂ ਅਤੇ ਸਜਾਵਟੀ ਸਮਾਨ ਦੇ ਸਟਾਲ ਲਗਾਏ ਗਏ। ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਵੰਨਗੀਆਂ ਵੀ ਪੇਸ਼ ਕੀਤੀਆਂ ਗਈਆਂ। ਇਸ ਤੋਂ ਇਲਾਵਾ ਰਵਾਇਤੀ ਖੇਡਾਂ ਅਤੇ ਵੱਖ-ਵੱਖ ਮੁਕਾਬਲੇ ਵੀ ਕਰਵਾਏ ਗਏ, ਜਿਨ੍ਹਾਂ ਵਿੱਚ ਵਿਦਿਆਰਥੀਆਂ ਨੇ ਬੜੇ ਚਾਅ ਨਾਲ ਭਾਗ ਲਿਆ।

ਵਾਈਸ-ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਪ੍ਰਬੰਧਕਾਂ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਪੜ੍ਹਾਈ ਤੋਂ ਇਲਾਵਾ ਕਰਵਾਈਆਂ ਜਾਂਦੀਆਂ ਗਤੀਵਿਧੀਆਂ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਵਿੱਚ ਅਹਿਮ ਯੋਗਦਾਨ ਪਾਉਂਦੀਆਂ ਹਨ। ਅਜਿਹੇ ਸਮਾਗਮ ਵਿਦਿਆਰਥੀਆਂ ਵਿੱਚ ਸੱਭਿਆਚਾਰਕ ਚੇਤਨਾ, ਆਪਸੀ ਸਤਿਕਾਰ ਅਤੇ ਸਾਂਝ ਦੀ ਭਾਵਨਾ ਨੂੰ ਹੋਰ ਪੱਕਾ ਕਰਦੇ ਹਨ।

ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ ਨੇ ਵੀ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਮੰਚ ਵਿਦਿਆਰਥੀਆਂ ਵਿੱਚ ਆਤਮ- ਵਿਸ਼ਵਾਸ, ਸਿਰਜਣਾਤਮਕਤਾ, ਸੰਚਾਰ ਕਲਾ ਅਤੇ ਪ੍ਰਬੰਧਕੀ ਹੁਨਰਾਂ ਨੂੰ ਨਿਖਾਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਨੇ ਤਜਰਬੇ ਰਾਹੀਂ ਸਿੱਖਣ ਦੀ ਮਹੱਤਤਾ ਉੱਤੇ ਵੀ ਜ਼ੋਰ ਦਿੱਤਾ।

ਅੰਤ ਵਿੱਚ ਡਾ. ਰਮਨਦੀਪ ਕੌਰ, ਮੁਖੀ, ਰਾਜਨੀਤੀ ਵਿਗਿਆਨ ਵਿਭਾਗ ਅਤੇ ਮੇਲਾ ਕੋਆਰਡੀਨੇਟਰ ਨੇ ਧੰਨਵਾਦ ਦਾ ਮਤਾ ਪੇਸ਼ ਕਰਦਿਆਂ ਯੂਨੀਵਰਸਿਟੀ ਪ੍ਰਬੰਧਨ, ਵਿਸ਼ੇਸ਼ ਮਹਿਮਾਨ, ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਇਸ ਉਪਰਾਲੇ ਨੂੰ ਸਫਲ ਬਣਾਉਣ ਲਈ ਧੰਨਵਾਦ ਕੀਤਾ। ਇਹ ਸਮਾਗਮ ਖ਼ੁਸ਼ੀ ਅਤੇ ਉਤਸ਼ਾਹ ਦੇ ਮਾਹੌਲ ਵਿੱਚ ਸਫਲਤਾਪੂਰਵਕ ਨੇਪਰੇ ਚੜ੍ਹਿਆ।



ਜ਼ਿਲ੍ਹਾ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਦਾ ਹੋਇਆ ਆਗਾਜ਼

ਪਟਿਆਲਾ, 5 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਮਮਤਾ ਖੁਰਾਣਾ ਦੀ ਯੋਗ ਅਗਵਾਈ ਹੇਠ ਜ਼ਿਲ੍ਹਾ ਪੱਧਰੀ ਸਕੂਲ ਪ੍ਰਾਇਮਰੀ ਖੇਡਾਂ ਦਾ ਹੋਇਆ ਆਗਾਜ਼ ਪ੍ਰੋਫੈਸਰ ਗੁਰਸੇਵਕ ਸਿੰਘ ਸਰਕਾਰੀ ਸਰੀਰਕ ਸਿੱਖਿਆ ਕਾਲਜ ਵਿਖੇ ਹੋਇਆ।ਅੱਜ ਮੁਖ ਮਹਿਮਾਨ ਦੇ ਤੌਰ ਤੇ ਡਾ ਪੁਸ਼ਪਿੰਦਰ ਸਿੰਘ ਗਿੱਲ (ਵਾਈਸ ਚਾਂਸਲਰ ਮਹਾਰਾਜਾ ਭੁਪਿੰਦਰ ਸਿੰਘ ਸਪੋਰਟਸ ਯੂਨੀਵਰਸਿਟੀ),ਡਾ. ਹਰਮਨਜੋਤ ਕੌਰ (ਪ੍ਰਿੰਸੀਪਲ ਫਿਜੀਕਲ ਕਾਲਜ ਪਟਿਆਲਾ) ਅਤੇ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਮਮਤਾ ਖੁਰਾਣਾ ਨੇ ਅਸਮਾਨ ਵਿੱਚ ਗੁਬਾਰੇ ਛੱਡਦੇ ਹੋਏ ਜ਼ਿਲ੍ਹਾ ਪੱਧਰੀ ਪ੍ਰਾਇਮਰੀ ਖੇਡਾਂ ਦਾ ਆਗਾਜ਼ ਕੀਤਾ।

ਇਹਨਾਂ ਪ੍ਰਾਇਮਰੀ ਖੇਡਾਂ ਵਿੱਚ 16 ਬਲਾਕਾਂ ਦੇ ਖਿਡਾਰੀ ਭਾਗ ਲੈ ਰਹੇ ਹਨ। ਖਿਡਾਰੀਆਂ ਦੀ ਗਿਣਤੀ ਲਗਭਗ 3000 ਹੈ। ਇਹਨਾਂ ਖੇਡਾਂ ਵਿੱਚ ਅਥਲੈਟਿਕਸ, ਲੰਬੀਛਾਲ, ਬੈਡਮਿੰਟਨ, ਕੁਸ਼ਤੀਆਂ, ਸ਼ਤਰੰਜ, ਤੈਰਾਕੀ, ਕਬੱਡੀ ਨੈਸ਼ਨਲ ਸਟਾਈਲ ਤੇ ਸਰਕਲ ਸਟਾਈਲ, ਜਿਮਨਾਸਟਿਕ, ਰੱਸਾਕੱਸੀ ਖੇਡਾਂ ਕਰਵਾਈਆਂ ਜਾਣਗੀਆਂ। ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਮਮਤਾ ਖੁਰਾਣਾ ਨੇ ਸਾਰੇ ਆਏ ਮੁੱਖ ਮਹਿਮਾਨਾਂ ਦਾ ਧੰਨਵਾਦ ਕੀਤਾ। ਸਮੂਹ ਜ਼ਿਲ੍ਹਾ ਖੇਡ ਕਮੇਟੀ ਅਤੇ ਸਮੂਹ ਬੀਪੀਈਓ ਸਾਹਿਬਾਨ ਪ੍ਰੈੱਸ ਇੰਚਾਰਜ ਜਸਵਿੰਦਰ ਸਿੰਘ ਹਾਜ਼ਰ ਸਨ।



ਪੋਲੀਟਿਕਸ



ਮੁਲਾਜ਼ਮਾਂ ਨੇ ਠੁਕਰਾਇਆ ਮੁੱਖ ਮੰਤਰੀ ਮਾਨ ਦਾ 3 ਫੀਸਦ ਡੀਏ ਦਾ ਦੀਵਾਲੀ ਤੋਹਫਾ; 'ਮਹੀਨਾ ਭਰ ਚੱਲੇਗਾ ਵਿਰੋਧ ਪ੍ਰਦਰਸ਼ਨ

ਚੰਡੀਗੜ੍ਹ, 5 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਦੀਵਾਲੀ ਦੇ ਤੋਹਫ਼ੇ ਵਜੋਂ ਐਲਾਨੇ ਤਿੰਨ ਫੀਸਦੀ ਡੀਏ ਵਾਧੇ ਨੂੰ ਰੱਦ ਕਰਦਿਆਂ, ਪੰਜਾਬ ਸਰਕਾਰ ਦੇ ਲਗਪਗ 4 ਲੱਖ ਮੁਲਾਜ਼ਮਾਂ ਅਤੇ 3.50 ਲੱਖ ਪੈਨਸ਼ਨਰਾਂ ਨੇ 13 ਨਵੰਬਰ ਤੋਂ ਮਹੀਨਾ ਭਰ ਚੱਲਣ ਵਾਲੇ ਅੰਦੋਲਨ ਦਾ ਐਲਾਨ ਕੀਤਾ ਹੈ। ਇਹ ਸੰਘਰਸ਼ 13 ਦਸੰਬਰ ਨੂੰ ਸ਼ੰਭੂ ਤੋਂ ਅੰਮ੍ਰਿਤਸਰ ਤੱਕ ਮਨੁੱਖੀ ਲੜੀ ਬਣਾ ਕੇ ਸਮਾਪਤ ਹੋਵੇਗਾ।

ਸਾਂਝੀ ਕੋਆਰਡੀਨੇਸ਼ਨ ਕਮੇਟੀ ਦੇ ਆਗੂ ਸੁਖਚੈਨ ਖਹਿਰਾ ਅਤੇ ਗੁਰਨਾਮ ਸਿੰਘ ਵਿਰਕ ਨੇ ਦੱਸਿਆ ਕਿ ਅੰਦੋਲਨ ਦੀ ਸ਼ੁਰੂਆਤ 13 ਤੋਂ 19 ਨਵੰਬਰ ਤੱਕ ਸੰਗਰੂਰ ਵਿਖੇ ਪੱਕੇ ਧਰਨੇ ਨਾਲ ਹੋਵੇਗੀ। 1 ਤੋਂ 5 ਦਸੰਬਰ ਤੱਕ ਮੁਲਾਜ਼ਮ 'ਆਪ' ਦੇ ਸਾਰੇ 91 ਵਿਧਾਇਕਾਂ ਦੇ ਘਰਾਂ ਅੱਗੇ ਪ੍ਰਦਰਸ਼ਨ ਕਰਕੇ ਪੁਤਲੇ ਫੂਕਣਗੇ ਅਤੇ 6 ਦਸੰਬਰ ਨੂੰ ਇਨ੍ਹਾਂ ਦੀ ਸੁਆਹ ਬੁੱਢੇ ਨਾਲੇ ਵਿੱਚ ਜਲ-ਪ੍ਰਵਾਹ ਕੀਤੀ ਜਾਵੇਗੀ।

ਇਹ ਐਲਾਨ ਸੀਐੱਮ ਮਾਨ ਵੱਲੋਂ 3 ਫੀਸਦੀ ਡੀਏ ਵਾਧੇ (ਕੁੱਲ 53%) ਦੇ ਐਲਾਨ ਤੋਂ ਇੱਕ ਦਿਨ ਬਾਅਦ ਆਇਆ ਹੈ, ਜਿਸ ਨਾਲ ਸਰਕਾਰ 'ਤੇ ਮਹੀਨਾਵਾਰ 90 ਕਰੋੜ ਰੁਪਏ ਦਾ ਵਾਧੂ ਖਰਚਾ ਆਵੇਗਾ। ਪਹਿਲਾਂ ਦਿੱਤੇ 8 ਫੀਸਦੀ ਵਾਧੇ ਸਮੇਤ ਕੁੱਲ ਸਲਾਨਾ ਬੋਝ 3,988 ਕਰੋੜ ਰੁਪਏ ਬਣਦਾ ਹੈ। ਹਾਲਾਂਕਿ, ਯੂਨੀਅਨਾਂ ਦਾ ਕਹਿਣਾ ਹੈ ਕਿ ਇਸ ਨਾਲ ਉਨ੍ਹਾਂ ਦੀਆਂ ਮੁੱਖ ਮੰਗਾਂ ਹੱਲ ਨਹੀਂ ਹੋਈਆਂ।

ਮੁਲਾਜ਼ਮਾਂ ਦੀਆਂ ਮੁੱਖ ਮੰਗਾਂ ਵਿੱਚ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨਾ, ਬਕਾਇਆ 10 ਫੀਸਦੀ ਡੀਏ ਜਾਰੀ ਕਰਨਾ, ਪੈਂਡਿੰਗ ਡੀਏ ਅਰੰਭਕ ਭੁਗਤਾਨ, ਛੇਵਾਂ ਤਨਖਾਹ ਕਮਿਸ਼ਨ, ਪੁਰਾਣੇ ਤਨਖਾਹ ਸਕੇਲ ਬਹਾਲ ਕਰਨਾ ਅਤੇ ਮਾਰੂ ਨੀਤੀਆਂ ਵਾਪਸ ਲੈਣਾ ਸ਼ਾਮਲ ਹੈ।

ਮੀਡੀਆ ਸਾਹਮਣੇ ਆਗੂਆਂ ਨੇ ਪੁਰਾਣੀਆਂ ਵੀਡੀਓ ਕਲਿੱਪਾਂ ਦਿਖਾ ਕੇ ਸਰਕਾਰ ਦੇ ਦਾਅਵਿਆਂ ਦਾ ਖੰਡਨ ਕੀਤਾ। ਸੁਖਚੈਨ ਖਹਿਰਾ ਨੇ ਸਪੱਸ਼ਟ ਕੀਤਾ ਕਿ ਕਾਂਗਰਸ ਸਰਕਾਰ ਵੇਲੇ ਸਿਰਫ਼ 7 ਫੀਸਦੀ ਡੀਏ ਬਕਾਇਆ ਸੀ ਅਤੇ ਅਕਾਲੀ-ਭਾਜਪਾ ਸਰਕਾਰ ਨੇ ਕੋਈ ਬਕਾਇਆ ਨਹੀਂ ਛੱਡਿਆ ਸੀ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਤਨਖਾਹ ਕਮਿਸ਼ਨ ਦੇ ਬਕਾਏ ਨੂੰ ਡੀਏ ਨਿਪਟਾਰੇ ਵਜੋਂ ਪੇਸ਼ ਕਰ ਰਹੀ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਮੰਗਾਂ ਪੂਰੀਆਂ ਹੋਣ ਤੱਕ ਸੰਘਰਸ਼ ਜਾਰੀ ਰਹੇਗਾ।

ਸਰਬ ਸਾਂਝਾ ਵੈਲਫੇਅਰ ਸੋਸਾਇਟੀ ਵੱਲੋਂ ਕਰਵਾਏ ਗਏ 10 ਲੋੜਵੰਦ ਧੀਆਂ ਦੇ ਸਮੂਹਿਕ ਆਨੰਦ ਕਾਰਜ



ਮੁਹਾਲੀ, 5 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-):

ਸਮਾਜ ਸੇਵਾ ਦੇ ਕੰਮ ਵਿੱਚ ਮੋਹਰੀ ਸੰਸਥਾ- ਸਰਬ ਸਾਂਝਾ ਵੈਲਫੇਅਰ ਸੋਸਾਇਟੀ (ਰਜਿ:)- ਮੋਹਾਲੀ ਦੀ ਤਰਫੋਂ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਸਹਿਯੋਗ ਨਾਲ 10- ਲੋੜਵੰਦ ਪਰਿਵਾਰਾਂ ਦੀਆਂ ਬੱਚੀਆਂ ਦੇ ਸਮੂਹਿਕ ਆਨੰਦ ਕਾਰਜ ਗੁਰਦੁਆਰਾ ਨਾਨਕ ਦਰਬਾਰ ਸਾਹਿਬ, ਸੈਕਟਰ 90-91 ਮੋਹਾਲੀ ਵਿਖੇ ਕਰਵਾਏ ਗਏ, ਇਹ ਸਮੁੱਚਾ ਪ੍ਰੋਗਰਾਮ ਸਟੇਟ ਐਵਾਰਡੀ ਅਤੇ ਸੁਸਾਇਟੀ ਦੇ ਪ੍ਰਧਾਨ- ਫੂਲਰਾਜ ਸਿੰਘ ਹੋਰਾਂ ਦੀ ਅਗਵਾਈ ਹੇਠ ਸਰਬ ਸਾਂਝਾ ਵੈਲਫੇਅਰ ਸੋਸਾਇਟੀ (ਰਜਿ:) ਮੋਹਾਲੀ ਦੀ ਤਰਫੋਂ ਵਿਧਾਇਕ ਕੁਲਵੰਤ ਸਿੰਘ ਦੀ ਸਰਪ੍ਰਸਤੀ ਹੇਠ ਕਰਵਾਇਆ ਗਿਆ, ਅੱਜ ਸਵੇਰੇ 8 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਬਰਾਤਾਂ ਦਾ ਸਵਾਗਤ ਸਵੇਰੇ 9 ਵਜੇ ਅਤੇ ਬ੍ਰੇਕਫਾਸਟ ਬਰਾਤਾਂ ਦੇ ਲਈ ਸਵੇਰੇ 11 ਵਜੇ ਉਪਰੰਤ ਆਨੰਦ ਕਾਰਜ ਦੀ ਰਸਮਾਂ ਸਾਢੇ 12 ਵਜੇ ਦੇ ਕਰੀਬ ਨਿਵਾਈਆਂ ਗਈਆਂ , ਫੂਲਰਾਜ ਸਿੰਘ ਪ੍ਰਧਾਨ ਹੋਰਾਂ ਕਿਹਾ ਕਿ ਸੁਭਾਗੇ ਜੋੜਿਆਂ ਨੂੰ ਅਸ਼ੀਰਵਾਦ ਦੇਣ ਦੇ ਲਈ ਵਿਧਾਇਕ ਕੁਲਵੰਤ ਸਿੰਘ ਸਵੇਰ ਵੇਲੇ ਤੋਂ ਹੀ ਮੌਜੂਦ ਰਹੇ , ਇਸ ਮੌਕੇ ਤੇ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਹੋਰਾਂ ਕਿਹਾ ਕਿ ਅੱਜ ਜਿਨਾਂ 10 ਧੀਆਂ ਦੇ ਆਨੰਦ ਕਾਰਜ ਇੱਥੇ ਹੋਏ ਹਨ, ਇਹਨਾਂ ਸਭਨਾਂ ਨੂੰ ਬਹੁਤ- ਬਹੁਤ ਮੁਬਾਰਕਾਂ ਅਤੇ ਇਹਨਾਂ ਨਵੇਂ ਜੋੜਿਆਂ ਦੇ ਲਈ ਅਸੀਂ ਪਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਇਹਨਾਂ ਦੀ ਵਿਆਹੁਤਾ ਜੀਵਨ ਵਧੀਆ ਬਤੀਤ ਹੋਵੇ, ਇਸ ਮੌਕੇ ਤੇ ਵਿਧਾਇਕ ਕੁਲਵੰਤ ਸਿੰਘ ਹੋਰਾਂ ਕਿਹਾ ਕਿ ਇਸ ਪ੍ਰੋਗਰਾਮ ਨੂੰ ਨੇਪਰੇ ਚਾੜ੍ਹਨ ਦੇ ਲਈ ਮੈਂ ਫੂਲਰਾਜ ਸਿੰਘ ਸਿੰਘ ਦੀ ਸਮੁੱਚੀ ਟੀਮ ਨੂੰ ਮੁਬਾਰਕਬਾਦ ਦਿੰਦਾ ਹਾਂ , ਫੂਲਰਾਜ ਸਿੰਘ ਤੇ ਅਧਾਰਤ ਟੀਮ ਪਿਛਲੇ 35 ਵਰਿਆਂ ਤੋਂ ਸਮਾਜ ਸੇਵਾ ਦੇ ਕੰਮਾਂ ਵਿੱਚ ਜੁਟੀ ਹੋਈ ਹੈ, ਕਦੀ ਖ਼ੂਨਦਾਨ ਕੈਂਪ, ਕਦੀ ਸੱਭਿਆਚਾਰਕ ਮੇਲੇ , ਕਦੀ ਲੋੜਵੰਦ ਧੀਆਂ ਦੇ ਸਮੂਹਿਕ ਆਨੰਦ ਕਾਰਜ, ਕਦੀ ਮੁਫਤ ਮੈਡੀਕਲ ਚੈੱਕਅਪ ਕੈਂਪ , ਕੀਰਤਨ ਦਰਬਾਰ ਕਰਵਾਏ ਜਾਂਦੇ ਹਨ, ਮੈਂ ਬਤੌਰ ਮੈਂਬਰ ਸੁਸਾਇਟੀ ਨਾਲ ਪਿਛਲੇ ਲੰਬੇ ਸਮੇਂ ਤੋਂ ਜੁੜਿਆ ਹੋਇਆ ਹਾਂ, ਉਹਨਾਂ ਕਿਹਾ ਕਿ ਆਪਣਾ ਨਿੱਜੀ ਕੰਮ ਛੱਡ ਕੇ ਸਮਾਜ ਸੇਵਾ ਦੇ ਕੰਮਾਂ ਵਿੱਚ ਹਿੱਸਾ ਲੈਣਾ ਹਰ ਕਿਸੇ ਦੇ ਹਿੱਸੇ ਵਿੱਚ ਨਹੀਂ ਆਉਂਦਾ, ਇਸ ਦੇ ਲਈ ਲਗਾਤਾਰ ਮਿਹਨਤ ਕਰਨੀ ਪੈਂਦੀ ਹੈ। ਜਦੋਂ ਕਿਸੇ ਦੇ ਘਰ ਸਮਾਗਮ ਹੁੰਦਾ ਹੈ ਤਾਂ ਉਸ ਦੀ ਤਿਆਰੀਆਂ ਲਈ ਉਸ ਨੂੰ ਕਿੰਨਾ ਸਮਾਂ ਲੱਗ ਜਾਂਦਾ ਹੈ, ਤੇ ਇਹ ਤਾਂ ਫਿਰ 10 ਤੋਂ ਲੈ ਕੇ 15 ਵਿਆਹ ਸਲਾਨਾ ਪਿਛਲੇ ਲੰਬੇ ਸਮੇਂ ਤੋਂ ਕਰਵਾਉਂਦੇ ਆ ਰਹੇ ਹਨ ਅਤੇ ਪਿਛਲੇ 2 ਮਹੀਨਿਆਂ ਤੋਂ ਆਪਣੇ ਨਿੱਜੀ ਕੰਮਾਂ ਨੂੰ ਛੱਡ ਕੇ ਇਸ ਸਮਾਗਮ ਦੀਆਂ ਤਿਆਰੀਆਂ ਵਿੱਚ ਜੁਟੇ ਹੋਏ ਹਨ, ਪਹਿਲਾਂ ਅਜਿਹੇ ਜੋੜਿਆਂ ਦੀ ਭਾਲ ਕਰਕੇ , ਦੋਵਾਂ ਪਰਿਵਾਰਾਂ ਦੇ ਮੇਲ ਕਰਵਾਉਣਾ ਅਤੇ ਫਿਰ ਇਹਨਾਂ ਨੂੰ ਘਰੇਲੂ ਜ਼ਰੂਰਤ ਦਾ ਸਮਾਨ ਦੇਣ ਦੇ ਲਈ ਅਤੇ ਇਸ ਸਮਾਗਮ ਨੂੰ ਕਰਵਾਏ ਜਾਣ ਦੇ ਲਈ ਟੀਮ ਵੱਲੋਂ ਸਲਾਹ ਮਸ਼ਵਰੇ ਨਾਲ ਕੰਮ ਕੀਤਾ ਜਾਂਦਾ ਹੈ ਅਤੇ ਮੈਂ ਇਸ ਸਮੁੱਚੀ ਟੀਮ ਨੂੰ ਫਿਰ ਤੋਂ ਮੁਬਾਰਕਬਾਦ ਦਿੰਦਾ ਹਾਂ ਅਤੇ ਇਹਨਾਂ ਸਭਨਾ ਮੈਂਬਰਾਂ ਦੀ ਚੜ੍ਹਦੀ ਕਲਾ ਦੀ ਹਮੇਸ਼ਾ ਕਾਮਨਾ ਕਰਦਾ ਹਾਂ, ਇਸ ਮੌਕੇ ਤੇ ਇਸ ਮੌਕੇ ਤੇ ਆਈ.ਪੀ.ਐਸ. ਅਧਿਕਾਰੀ -ਹਰਪ੍ਰੀਤ ਸਿੰਘ , ਸੇਵਾ ਮੁਕਤ ਆਈ.ਏ.ਐਸ.- ਅਧਿਕਾਰੀ ਪ੍ਰਿਥਵੀ ਚੰਦ , ਡਾਕਟਰ ਸਤਿੰਦਰ ਸਿੰਘ ਭਵਰਾ- ਡਾਇਰੈਕਟਰ ਜੇ. ਐਲ. ਪੀ.ਐਲ., ਪਰਮਜੀਤ ਸਿੰਘ ਚੌਹਾਨ - ਡਾਇਰੈਕਟਰ ਜੇ.ਐਲ.ਪੀ.ਐਲ., ਕੁਲਦੀਪ ਸਿੰਘ ਸਮਾਣਾ, ਰਜਿੰਦਰ ਪ੍ਰਸਾਦ ਸ਼ਰਮਾ, ਹਰਪਾਲ ਸਿੰਘ ਚੰਨਾ, ਮੈਡਮ ਜਗਜੀਤ ਕੌਰ ਕਾਹਲੋਂ - ਚੇਅਰਪਰਸਨ ਹਰੀ ਸਿੰਘ ਮੈਮੋਰੀਅਲ ਚੈਰੀਟੇਬਲ ਇੰਗਲਿਸ਼ ਸਕੂਲ ਮੋਹਾਲੀ, ਐਸ.ਐਸ. ਬਰਨਾਲਾ, ਕੌਂਸਲਰ - ਅਮਰਜੀਤ ਸਿੰਘ, ਹਰਮੇਸ਼ ਸਿੰਘ ਕੁੰਬੜਾ, ਰਮਨਪ੍ਰੀਤ ਕੌਰ ਕੁੰਬੜਾ- ਕੌਂਸਲਰ, ਬਾਬਾ ਉਮਰਾਓ ਸਿੰਘ ਲੰਮੇਆਣਾ ਸਾਹਿਬ ਵਾਲੇ, ਕੌਂਸਲਰ ਗੁਰਮੁਖ ਸਿੰਘ ਸੋਹਲ, ਨੰਬਰਦਾਰ - ਹਰਸੰਗਤ ਸਿੰਘ ਸੁਹਾਣਾ ,ਨਸੀਬ ਸਿੰਘ ਸੰਧੂ- ਕੌਂਸਲਰ, ਸਾਬਕਾ ਕੌਂਸਲਰ ਜਸਵੀਰ ਕੌਰ ਅਤਲੀ, ਡਾਕਟਰ ਐਸ.ਪੀ. ਸਿੰਘ -ਐਮ.ਡੀ. ਗਰੁੱਪ ਆਫ ਇੰਡਸ ਹੋਸਪਿਟਲ, , ਹਰਮਿੰਦਰ ਬਜਾਜ ਪ੍ਰਪਰਾਈਟਰ ਤੋਂ ਇਲਾਵਾ ਡਾਕਟਰ ਲਖਵਿੰਦਰ ਸਿੰਘ, ਭਗਵਾਨ ਸਿੰਘ ਗਿੱਲ -ਐਮ.ਡੀ., ਹਰਜਿੰਦਰ ਸਿੰਘ ਰੰਗੀ ਐਮ.ਡੀ. ਹਾਈਲੈਂਡ ਮੇ ਫੀਲਡ , ਜਸਪਾਲ ਸਿੰਘ ਮਟੌਰ, ਅਮਰਜੀਤ ਸਿੰਘ ਸਿੱਧੂ, ਹਰਪਾਲ ਸਿੰਘ ਬਰਾੜ, ਹਰਮਿੰਦਰ ਸਿੰਘ ਸੈਣੀ, ਕੁਲਦੀਪ ਕੌਰ ,ਸਤਨਾਮ ਸਿੰਘ ਬਲੌਂਗੀ, ਗੁਰਪ੍ਰੀਤ ਸਿੰਘ ਬਰਿਆਲੀ, ਗੁਰਜਿੰਦਰ ਸਿੰਘ ਬੱਲੋ ਮਾਜਰਾ, ਅਵਤਾਰ ਸਿੰਘ ਮੌਲੀ ਵਿੱਕੀਐਮਸੀ. ਹਰਜੀਤ ਸਿੰਘ ਭੋਲੂ ਕੌਂਸਲਰ ਕੇਸਰ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਚਮਕੌਰ ਸਾਹਿਬ ,ਪਵਨ ਕੁਮਾਰ ਧੀਮਾਨ, ਗੁਰਮੀਤ ਸਿੰਘ ਵਾਲੀਆ- , ਬਿਕਰਮ ਸਿੰਘ ਸਰਾ,ਹਾਜ਼ਰ ਸਨ।

ਆਤਮ ਹੱਤਿਆਂਵਾ ਕਿਸੇ ਵੀ ਸਮੱਸਿਆ ਦਾ ਹੱਲ ਨਹੀਂ ਸਗੋਂ ਇਹ ਪਰਿਵਾਰ ਅਤੇ ਸਮਾਜ ਲਈ ਸਭ ਤੋਂ ਵੱਡਾ ਦੁੱਖ ਛੱਡ ਜਾਂਦੀਆਂ ਹਨ: ਲੈਫਟੀਨੈਂਟ ਜਗਦੀਪ ਜੋਸ਼ੀ

ਪਟਿਆਲਾ, 5 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-



ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਨਾਭਾ ਰੋਡ ਪਟਿਆਲਾ ਵਿਖੇ ਅੱਜ ਇੱਕ ਬਹੁਤ ਹੀ ਅਰਥਪੂਰਨ ਅਤੇ ਜਾਗਰੂਕਤਾ ਭਰਪੂਰ ਸੈਮੀਨਾਰ ਦਾ ਆਯੋਜਨ ਕੀਤਾ ਗਿਆ।

ਇਸ ਸੈਮੀਨਾਰ ਦਾ ਮੁੱਖ ਵਿਸ਼ਾ ਵੱਖ-ਵੱਖ ਵਿਭਾਗਾਂ ਵਿੱਚ ਮਾਨਸਿਕ ਤਨਾਅ ਕਾਰਨ ਹੋ ਰਹੀਆਂ ਆਤਮ ਹੱਤਿਆਂ ਨੂੰ ਰੋਕਣ ਸਬੰਧੀ, ਮਾਨਸਿਕ ਸਿਹਤ ਦੀ ਸੰਭਾਲ ਅਤੇ ਜੀਵਨ ਦੀ ਰੱਖਿਆ ਸੀ। ਇਹ ਸੈਮੀਨਾਰ ਸੰਸਥਾ ਦੀ ਡਿਪਟੀ ਡਾਇਰੈਕਟਰ-ਕਮ-ਪ੍ਰਿੰਸੀਪਲ ਸ੍ਰੀਮਤੀ ਦੀਪਾਲੀ ਜੀ ਅਤੇ ਵਾਇਸ ਪ੍ਰਿੰਸੀਪਲ ਸ੍ਰੀ ਰਾਕੇਸ਼ ਕੁਮਾਰ ਜੀ ਦੀ ਸਰਪ੍ਰਸਤੀ ਹੇਠ ਅਤੇ ਪੰਜ ਪੰਜਾਬ ਬਟਾਲੀਅਨ ਐਨ.ਸੀ.ਸੀ. ਦੇ ਐਡਮਿਨ ਅਫ਼ਸਰ ਸ੍ਰੀ ਸੰਦੀਪ ਰੋਆਏ ਜੀ ਦੀ ਅਗਵਾਈ ਹੇਠ ਕਰਵਾਇਆ ਗਿਆ।

ਇਸ ਸੈਮੀਨਾਰ ਵਿੱਚ ਮੁੱਖ ਬੁਲਾਰੇ ਅਤੇ ਮੁੱਖ ਮਹਿਮਾਨ ਵਜੋਂ ਸਟੇਟ ਐਵਾਰਡੀ ਸ੍ਰੀ ਪਰਮਿੰਦਰ ਭਲਵਾਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ ਪਟਿਆਲਾ ਪੁਲਿਸ ਅਤੇ ਮੈਂਬਰ ਵੂਮੈਨ ਕਾਊਂਸਲਿੰਗ ਸੈੱਲ ਪਟਿਆਲਾ ਪੁਲਿਸ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਪ੍ਰੋਗਰਾਮ ਦੀ ਪ੍ਰਧਾਨਗੀ ਲੈਫਟੀਨੈਂਟ ਜਗਦੀਪ ਸਿੰਘ ਜੋਸ਼ੀ ਟ੍ਰੇਨਿੰਗ ਅਫ਼ਸਰ, ਅਤੇ ਸੁਖਵੰਤ ਸਿੰਘ ਟ੍ਰੇਨਿੰਗ ਅਫ਼ਸਰ ਨੇ ਕੀਤੀ।

ਵਿਸ਼ੇਸ਼ ਤੌਰ ਤੇ ਨਿਰਮਲ ਸਿੰਘ ਇੰਸਟਕਟਰ, ਜਗਜੀਤ ਸਿੰਘ ਇੰਸਟਕਟਰ, ਵਿਜੇ ਕੁਮਾਰ ਵਰਕਸ਼ਾਪ ਐਡੈਂਟਟ ਨੇ ਸ਼ਿਰਕਤ ਕੀਤੀ। ਇਸ ਮੌਕੇ ਇਸ ਪ੍ਰੋਗਰਾਮ ਦੇ ਮੁੱਖ ਬੁਲਾਰੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਆਈ ਟੀ ਆਈ ਦੇ ਸਟਾਫ ਅਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਦੇ ਦੌਰ ਵਿੱਚ ਮਾਨਸਿਕ ਤਨਾਅ ਇੱਕ ਗੰਭੀਰ ਸਮੱਸਿਆ ਬਣਦਾ ਜਾ ਰਿਹਾ ਹੈ। ਨੌਕਰੀ ਦਾ ਦਬਾਅ, ਪਰਿਵਾਰਕ ਸਮੱਸਿਆਵਾਂ, ਆਰਥਿਕ ਤੰਗੀ, ਇਕੱਲਾਪਨ ਅਤੇ ਸਮਾਜਿਕ ਦਬਾਅ ਕਾਰਨ ਕਈ ਵਾਰ ਵਿਅਕਤੀ ਹਿੰਮਤ ਹਾਰ ਬੈਠਦਾ ਹੈ। ਉਨ੍ਹਾਂ ਕਿਹਾ ਕਿ ਆਤਮ ਹੱਤਿਆ ਕਿਸੇ ਵੀ ਸਮੱਸਿਆ ਦਾ ਹੱਲ ਨਹੀਂ ਹੈ, ਸਗੋਂ ਇਹ ਪਰਿਵਾਰ ਅਤੇ ਸਮਾਜ ਲਈ ਸਭ ਤੋਂ ਵੱਡਾ ਦੁੱਖ ਛੱਡ ਜਾਂਦੀ ਹੈ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਜਦੋਂ ਵੀ ਮਨ ਉਦਾਸ ਹੋਵੇ, ਘਬਰਾਹਟ ਹੋਵੇ ਜਾਂ ਕੋਈ ਵੱਡੀ ਪਰੇਸ਼ਾਨੀ ਆਵੇ ਤਾਂ ਚੁੱਪ ਨਾ ਰਹੋ, ਆਪਣੇ ਮਾਤਾ-ਪਿਤਾ, ਅਧਿਆਪਕ, ਦੋਸਤ ਜਾਂ ਕਿਸੇ ਭਰੋਸੇਮੰਦ ਵਿਅਕਤੀ ਨਾਲ ਗੱਲ ਜ਼ਰੂਰ ਕਰੋ। ਗੱਲ ਕਰਨ ਨਾਲ ਅੱਧਾ ਦੁੱਖ ਹਲਕਾ ਹੋ ਜਾਂਦਾ ਹੈ।

ਉਨ੍ਹਾਂ ਇਹ ਵੀ ਕਿਹਾ ਕਿ ਪਟਿਆਲਾ ਪੁਲਿਸ ਵੱਲੋਂ ਜ਼ਿਲ੍ਹਾ ਸਾਂਝ ਕੇਂਦਰ, ਯੁਵਾ ਸਾਂਝ ਕਮੇਟੀ ਅਤੇ ਵੂਮੈਨ ਕਾਊਂਸਲਿੰਗ ਸੈੱਲ ਰਾਹੀਂ ਲੋਕਾਂ ਦੀ ਮਾਨਸਿਕ ਅਤੇ ਸਮਾਜਿਕ ਮਦਦ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਕੋਈ ਵੀ ਵਿਅਕਤੀ ਬਿਨਾਂ ਝਿਜਕ ਸਾਂਝ ਕੇਂਦਰ ਵਿੱਚ ਆ ਕੇ ਆਪਣੀ ਸਮੱਸਿਆ ਦੱਸ ਸਕਦਾ ਹੈ। ਪੁਲਿਸ ਹਮੇਸ਼ਾ ਲੋਕਾਂ ਦੀ ਸੇਵਾ ਅਤੇ ਸੁਰੱਖਿਆ ਲਈ ਤਤਪਰ ਹੈ। ਉਹਨਾਂ ਨੇ ਕਿਹਾ ਮਾਨਸਿਕ ਸਿਹਤ ਦੇ ਲੱਛਣਾਂ, ਉਨ੍ਹਾਂ ਦੀ ਪਛਾਣ ਅਤੇ ਬਚਾਅ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਨੀਂਦ ਨਾ ਆਉਣਾ, ਭੁੱਖ ਘੱਟ ਲੱਗਣਾ, ਗੁੱਸਾ ਜ਼ਿਆਦਾ ਆਉਣਾ, ਇਕੱਲੇ ਰਹਿਣ ਨੂੰ ਦਿਲ ਕਰਨਾ, ਕੰਮ ਵਿੱਚ ਮਨ ਨਾ ਲੱਗਣਾ ਇਹ ਸਾਰੇ ਮਾਨਸਿਕ ਤਨਾਅ ਦੇ ਸ਼ੁਰੂਆਤੀ ਲੱਛਣ ਹੋ ਸਕਦੇ ਹਨ। ਅਜਿਹੀ ਸਥਿਤੀ ਵਿੱਚ ਸਮੇਂ ਸਿਰ ਸਲਾਹ ਲੈਣੀ ਬਹੁਤ ਜ਼ਰੂਰੀ ਹੈ। ਸਕਾਰਾਤਮਕ ਸੋਚ, ਨਿਯਮਤ ਕਸਰਤ, ਯੋਗਾ, ਧਿਆਨ, ਚੰਗੀਆਂ ਕਿਤਾਬਾਂ ਪੜ੍ਹਨਾ, ਨਸ਼ਿਆਂ ਤੋਂ ਦੂਰ ਰਹਿਣਾ ਅਤੇ ਮੋਬਾਈਲ ਦੀ ਸਹੀ ਵਰਤੋਂ ਮਾਨਸਿਕ ਸਿਹਤ ਨੂੰ ਮਜ਼ਬੂਤ ਕਰਦੀ ਹੈ।

ਅੰਤ ਵਿੱਚ ਸਾਰਿਆਂ ਨੇ ਇਹ ਪ੍ਰਣ ਲਿਆ ਕਿ ਉਹ ਆਪਣੀ ਮਾਨਸਿਕ ਸਿਹਤ ਦੀ ਸੰਭਾਲ ਕਰਨਗੇ, ਦੂਜਿਆਂ ਦੀ ਮਦਦ ਕਰਨਗੇ ਅਤੇ ਜੀਵਨ ਦੀ ਰੱਖਿਆ ਲਈ ਸਮਾਜ ਵਿੱਚ ਜਾਗਰੂਕਤਾ ਫੈਲਾਉਣਗੇ।

ਸਰਕਾਰੀ ਵਿਕਟੋਰੀਆ ਸੀਨੀਅਰ ਸੈਕੰਡਰੀ ਸਕੂਲ ਪਟਿਆਲਾ ਵਿਖੇ ਬੱਚਿਆਂ ਨੂੰ ਸਟੇਸ਼ਨਰੀ ਵੰਡੀ ਗਈ

ਪਟਿਆਲਾ, 4 ਨਵੰਬਰ
-ਛਤਰਪਾਲ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-



ਅਗਰਵਾਲ ਚੇਤਨਾ ਸਭਾ ਵੱਲੋਂ ਸਰਕਾਰੀ ਵਿਕਟੋਰੀਆ ਸੀਨੀਅਰ ਸੈਕੰਡਰੀ ਸਕੂਲ ਪਟਿਆਲਾ ਵਿਖੇ ਬੱਚਿਆਂ ਨੂੰ ਦੀਵਾਲੀ ਦੇ ਮੌਕੇ ਤੇ ਸਟੇਸ਼ਨਰੀ ਵੰਡੀ ਗਈ ਅਤੇ ਉਨ੍ਹਾਂ ਨੂੰ ਗਰੀਨ ਦੀਵਾਲੀ ਮਨਾਉਣ ਦਾ ਸੱਦਾ ਦਿੱਤਾ ਗਿਆਕਿ ਉਹ ਗਰੀਨ ਦੀਵਾਲੀ ਮਨਾਉਣ, ਵਾਤਾਵਰਨ ਨੂੰ ਸ਼ੁੱਧ ਕਰਨ ਲਈ, ਛੋਟੇ ਬੱਚਿਆਂ ਨੂੰ ਮਾਤਾ—ਪਿਤਾ ਦੀ ਦੇਖ—ਰੇਖ ਵਿੱਚ ਪਟਾਕੇ ਚਲਾਉਣ ਸਮੇਂ ਉਨ੍ਹਾਂ ਦੇ ਨਾਲ ਰਹਿਣ, ਅੱਜ—ਕਲ ਜਿਸ ਤਰ੍ਹਾਂ ਵਾਤਾਵਰਨ ਪਰਾਲੀ ਸਾੜਨ ਨਾਲ ਅਤੇ ਦੀਵਾਲੀ ਦੇ ਤਿਉਹਾਰ ਦੇ ਮੌਕੇ ਵਾਤਾਵਰਨ ਪ੍ਰਦੂਸ਼ਿਤ ਹੋ ਜਾਂਦਾ ਹੈ ਉਸ ਤੋਂ ਸਾਨੂੰ ਬਚਣ ਦੀ ਲੋੜ ਹੈ ਕਿਉਂਕਿ ਵਾਤਾਵਰਨ ਸ਼ੁੱਧ ਨਾ ਹੋਵੇ ਤਾਂ ਬੀਮਾਰੀਆਂ ਵੀ ਫੈਲਦੀਆਂ ਹਨ ਅਤੇ ਜਿਆਦਾ ਤੋਂ ਜਿਆਦਾ ਪਲਾਸਟਿਕ ਦੇ ਲਿਫਾਫਿਆਂ ਤੋਂ ਬਚਣਾ ਚਾਹੀਦਾ ਹੈ। ਉਸਦੀ ਥਾਂ ਸਾਨੂੰ ਕੱਪੜੇ ਤੇ ਜੂਟ ਦੇ ਥੈਲੇ ਦੀ ਵਰਤੋ ਕਰਨੀ ਚਾਹੀਦੀ ਹੈ ਤੇ ਜੂਟ ਦੇ ਥੈਲੇ ਦੀ ਵਰਤੋ ਕਰਨੀ ਚਾਹੀਦੀ ਹੈ। ਅਸੀਂ ਦੇਖਦੇ ਹਾਂ ਕਿ ਪਿੰਡਾਂ ਵਿੱਚ ਜਦ ਫਸਲ ਕੱਟੀ ਜਾਂਦੀ ਹੈ ਉਸ ਤੋਂ ਬਾਅਦ ਪਰਾਲੀ ਨੂੰ ਅੱਗ ਲਗਾ ਦਿੱਤੀ ਜਾਂਦੀ ਹੈ ਜਿਸ ਨਾਲ ਸਾਡਾ ਵਾਤਾਵਰਨ ਸ਼ੁੱਧ ਨਹੀਂ ਰਹਿੰਦਾ ਜਿਸ ਨਾਲ ਸਾਹ ਲੈਣ ਵਿੱਚ ਦਿੱਕਤ ਆਉਂਦੀ ਹੈ। ਇਸ ਲਈ ਅਸੀਂ ਵਾਤਾਵਰਨ ਨੂੰ ਸ਼ੁੱਧ ਰੱਖਣ ਲਈ ਗਰੀਨ ਪਟਾਕੇ ਦੀ ਦੀਵਾਲੀ ਮਨਾਉਣ ਦੀ ਸਲਾਹ ਦਿੰਦੇ ਹਾਂ ਤਾਂ ਜ਼ੋ ਸਾਡਾ ਵਾਤਾਵਰਨ ਸ਼ੁੱਧ ਰਹੇ ਅਤੇ ਬੀਮਾਰੀਆਂ ਤੋਂ ਰਹਿਤ ਰਹੇ।

ਚੰਦੂਮਾਜਰਾ ਨੇ ਅਕਾਲੀ ਦਲ ਪੁਨਰ ਸੁਰਜੀਤ ਤੋਂ ਦਿੱਤਾ ਅਸਤੀਫ਼ਾ, ਛੱਡੀ ਪਾਰਟੀ

ਚੰਡੀਗੜ੍ਹ, 4 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-



ਪੰਜਾਬ ਦੀ ਸਿਆਸਤ ਨਾਲ ਜੁੜੀ ਇੱਕ ਅਹਿਮ ਖ਼ਬਰ ਸਾਹਮਣੇ ਆਈ ਹੈ। ਸ਼੍ਰੋਮਣੀ ਅਕਾਲੀ ਸਿਆਸਤ ਦੇ ਸੀਨੀਅਰ ਆਗੂ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਨੇ ਅਕਾਲੀ ਦਲ ਪੁਨਰ ਸੁਰਜੀਤ ਤੋਂ ਵੱਖ ਹੋਣ ਦਾ ਐਲਾਨ ਕਰਦਿਆਂ ਹੋਇਆ ਅਸਤੀਫ਼ਾ ਦੇ ਦਿੱਤਾ ਹੈ। ਉਨ੍ਹਾਂ ਨੇ ਇਹ ਫੈਸਲਾ ਪੰਥਕ ਏਕਤਾ ਦੇ ਮੁੱਦੇ 'ਤੇ ਵਿਚਾਰਾਂ ਅਤੇ ਕਾਰਜਸ਼ੈਲੀ ਵਿੱਚ ਸਹਿਮਤੀ ਨਾ ਬਣਨ ਦੇ ਮੱਦੇਨਜ਼ਰ ਲਿਆ ਹੈ।

ਮੀਡੀਆ ਨੂੰ ਜਾਰੀ ਕੀਤੇ ਬਿਆਨ ਵਿੱਚ ਚੰਦੂਮਾਜਰਾ ਨੇ ਕਿਹਾ ਕਿ ਪੰਜਾਬ ਅਤੇ ਪੰਥ ਦੇ ਹਿੱਤਾਂ ਦੀ ਰਾਖੀ ਲਈ ਸਮੂਹ ਅਕਾਲੀ ਅਤੇ ਪੰਥਕ ਧਿਰਾਂ ਦਾ ਇੱਕ ਸਾਂਝੇ ਮੰਚ 'ਤੇ ਇਕੱਠੇ ਹੋਣਾ ਅੱਜ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਹਾਲਾਤ ਵਿੱਚ ਪੰਜਾਬ ਦੇ ਹੱਕਾਂ, ਪੰਥਕ ਮਸਲਿਆਂ ਅਤੇ ਪੰਜਾਬੀਅਤ ਦੀ ਰਾਖੀ ਲਈ ਸਾਰੀਆਂ ਧਿਰਾਂ ਨੂੰ ਆਪਸੀ ਮਤਭੇਦ ਭੁਲਾ ਕੇ ਸਾਂਝੀ ਰਣਨੀਤੀ ਅਪਣਾਉਣੀ ਚਾਹੀਦੀ ਹੈ।

ਉਨ੍ਹਾਂ ਆਪਣੇ ਬਿਆਨ ਵਿੱਚ ਕਿਹਾ ਕਿ ਪੰਥਕ ਏਕਤਾ ਲਈ ਉਨ੍ਹਾਂ ਵੱਲੋਂ ਕੀਤੀ ਗਈ ਅਪੀਲ 'ਤੇ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਜਨਤਕ ਤੌਰ 'ਤੇ ਦਿੱਤੇ ਗਏ ਪ੍ਰਤੀਕਰਮ ਤੋਂ ਇਹ ਮਹਿਸੂਸ ਹੋਇਆ ਕਿ ਦੋਵਾਂ ਦੀ ਸੋਚ, ਵਿਚਾਰਧਾਰਾ ਅਤੇ ਕੰਮ ਕਰਨ ਦੇ ਢੰਗ ਵਿੱਚ ਆਪਸੀ ਤਾਲਮੇਲ ਨਹੀਂ ਹੈ। ਇਸ ਸਥਿਤੀ ਨੂੰ ਧਿਆਨ ਵਿੱਚ ਰੱਖਦਿਆਂ ਉਨ੍ਹਾਂ ਅਕਾਲੀ ਦਲ ਪੁਨਰ ਸੁਰਜੀਤ ਤੋਂ ਵੱਖ ਹੋਣ ਦਾ ਫੈਸਲਾ ਕੀਤਾ ਹੈ।

ਪ੍ਰੋ. ਚੰਦੂਮਾਜਰਾ ਨੇ ਸਪੱਸ਼ਟ ਕੀਤਾ ਕਿ ਅਕਾਲੀ ਦਲ ਪੁਨਰ ਸੁਰਜੀਤ ਤੋਂ ਵੱਖ ਹੋਣ ਦੇ ਬਾਵਜੂਦ ਪੰਥ, ਪੰਜਾਬ, ਪੰਜਾਬੀਅਤ ਅਤੇ ਸੂਬੇ ਦੇ ਹੱਕਾਂ ਦੀ ਰਾਖੀ ਲਈ ਉਨ੍ਹਾਂ ਦੀ ਵਚਨਬੱਧਤਾ ਪਹਿਲਾਂ ਵਾਂਗ ਹੀ ਬਰਕਰਾਰ ਰਹੇਗੀ। ਉਨ੍ਹਾਂ ਦੇ ਇਸ ਫੈਸਲੇ ਨੂੰ ਪੰਜਾਬ ਦੀ ਅਕਾਲੀ ਸਿਆਸਤ ਵਿੱਚ ਇੱਕ ਅਹਿਮ ਘਟਨਾਕ੍ਰਮ ਵਜੋਂ ਦੇਖਿਆ ਜਾ ਰਿਹਾ ਹੈ। ਹੁਣ ਸਿਆਸੀ ਹਲਕਿਆਂ ਦੀਆਂ ਨਜ਼ਰਾਂ ਇਸ ਗੱਲ 'ਤੇ ਟਿਕੀਆਂ ਹਨ ਕਿ ਆਉਣ ਵਾਲੇ ਸਮੇਂ ਵਿੱਚ ਪੰਥਕ ਏਕਤਾ ਨੂੰ ਲੈ ਕੇ ਅਗਲਾ ਸਿਆਸੀ ਰੁਖ਼ ਕੀ ਹੋਵੇਗਾ?

ਵੱਖ-ਵੱਖ ਮਾਮਲਿਆਂ ਵਿੱਚ 23.5 ਕਿਲੋ ਹੈਰੋਇਨ ਸਮੇਤ ਚਾਰ ਗ੍ਰਿਫ਼ਤਾਰ

ਅੰਮ੍ਰਿਤਸਰ, 4 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਅੰਮ੍ਰਿਤਸਰ ਦਿਹਾਤੀ ਪੁਲੀਸ ਨੇ ਪਿਛਲੇ 24 ਘੰਟਿਆਂ ਦੌਰਾਨ ਸਰਹੱਦੀ ਪੱਟੀ ਵਿੱਚ ਤਿੰਨ ਵੱਖ-ਵੱਖ ਕਾਰਵਾਈਆਂ ਕਰਦਿਆਂ ਚਾਰ ਕਥਿਤ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲੀਸ ਨੇ ਇਨ੍ਹਾਂ ਦੇ ਕਬਜ਼ੇ ਵਿੱਚੋਂ 23.5 ਕਿਲੋ ਹੈਰੋਇਨ ਅਤੇ ਇੱਕ ਪਿਸਤੌਲ ਬਰਾਮਦ ਕੀਤਾ ਹੈ।

ਪੁਲੀਸ ਨੇ ਪੱਕੀ ਖ਼ੁਫ਼ੀਆ ਜਾਣਕਾਰੀ ਦੇ ਆਧਾਰ 'ਤੇ ਬੀਐੱਸਐੱਫ ਦੇ ਇੰਟੈਲੀਜੈਂਸ ਵਿੰਗ ਨਾਲ ਤਾਲਮੇਲ ਕਰਦਿਆਂ ਥਾਣਾ ਲੋਪੋਕੇ ਦੀ ਪੁਲੀਸ ਨੇ ਪਿੰਡ ਲੋਧੀ ਗੁੱਜਰ ਦੇ ਵਸਨੀਕ ਸੁਖਮਨਪ੍ਰੀਤ ਸਿੰਘ ਨੂੰ ਗ੍ਰਿਫ਼ਤਾਰ ਕੀਤਾ। ਉਸ ਦੇ ਕਬਜ਼ੇ ਵਿੱਚੋਂ 13 ਕਿਲੋ ਹੈਰੋਇਨ ਅਤੇ ਇੱਕ ਪਿਸਤੌਲ ਸਮੇਤ ਮੈਗਜ਼ੀਨ ਬਰਾਮਦ ਹੋਇਆ। ਇਹ ਨਸ਼ੀਲਾ ਪਦਾਰਥ ਅਤੇ ਪਿਸਤੌਲ ਪਾਕਿਸਤਾਨ ਤੋਂ ਡਰੋਨ ਰਾਹੀਂ ਸੁੱਟਿਆ ਗਿਆ ਸੀ। ਪੁਲੀਸ ਅਨੁਸਾਰ ਮੁਲਜ਼ਮ ਪਾਕਿਸਤਾਨੀ ਤਸਕਰਾਂ ਤੋਂ ਹੈਰੋਇਨ ਤੇ ਹਥਿਆਰ ਪ੍ਰਾਪਤ ਕਰ ਕੇ ਅੱਗੇ ਅਪਰਾਧਿਕ ਤੱਤਾਂ ਨੂੰ ਸਪਲਾਈ ਕਰਦਾ ਸੀ। ਪੁਲੀਸ ਅਤੇ ਬੀਐੱਸਐੱਫ ਨੇ ਸੈਦਪੁਰ ਨੇੜੇ ਨਾਕਾ ਲਗਾ ਕੇ ਉਸ ਨੂੰ ਕਾਬੂ ਕੀਤਾ।

ਦੂਜੀ ਕਾਰਵਾਈ ਵਿੱਚ, ਘਰਿੰਡਾ ਪੁਲੀਸ ਨੇ ਦੋ ਕਥਿਤ ਨਸ਼ਾ ਤਸਕਰਾਂ ਗੁਰਚਰਨ ਸਿੰਘ ਉਰਫ਼ ਬਖਸ਼ੀਸ਼ ਸਿੰਘ ਅਤੇ ਬਿਕਰਮਜੀਤ ਸਿੰਘ (ਦੋਵੇਂ ਵਾਸੀ ਪੰਜਵੜ, ਥਾਣਾ ਝਬਾਲ, ਜ਼ਿਲ੍ਹਾ ਤਰਨਤਾਰਨ) ਨੂੰ ਗ੍ਰਿਫ਼ਤਾਰ ਕਰ ਕੇ 10 ਕਿਲੋ ਹੈਰੋਇਨ ਜ਼ਬਤ ਕੀਤੀ। ਪੁਲੀਸ ਟੀਮ ਸਰਕਾਰੀ ਬਾਗਬਾਨੀ ਨਰਸਰੀ ਨੇੜੇ ਮੌਜੂਦ ਸੀ, ਜਦੋਂ ਉਨ੍ਹਾਂ ਨੂੰ ਸੂਚਨਾ ਮਿਲੀ ਕਿ ਮੁਲਜ਼ਮ ਮੋਟਰਸਾਈਕਲ 'ਤੇ ਜੀਟੀ ਰੋਡ ਵੱਲ ਖੇਪ ਪਹੁੰਚਾਉਣ ਜਾ ਰਹੇ ਹਨ। ਇਸ 'ਤੇ ਪੁਲੀਸ ਨੇ ਨਾਕਾਬੰਦੀ ਕਰ ਕੇ ਦੋਵਾਂ ਨੂੰ ਦਬੋਚ ਲਿਆ।

ਇੱਕ ਹੋਰ ਘਟਨਾ ਵਿੱਚ, ਘਰਿੰਡਾ ਪੁਲੀਸ ਨੇ ਅਟਾਰੀ ਦੇ ਵਾਲਮੀਕਿ ਮੁਹੱਲੇ ਦੇ ਰਹਿਣ ਵਾਲੇ ਰਾਹੁਲ ਸਿੰਘ ਉਰਫ਼ ਢੋਲਾ ਨੂੰ ਗ੍ਰਿਫ਼ਤਾਰ ਕਰ ਕੇ ਉਸ ਤੋਂ 500 ਗ੍ਰਾਮ ਹੈਰੋਇਨ ਬਰਾਮਦ ਕੀਤੀ। ਮੁਲਜ਼ਮ ਨੇ ਅਟਾਰੀ ਬਾਈਪਾਸ ਨੇੜੇ ਗਸ਼ਤ ਕਰਦੀ ਪੁਲੀਸ ਨੂੰ ਦੇਖ ਕੇ ਭੱਜਣ ਦੀ ਕੋਸ਼ਿਸ਼ ਕੀਤੀ ਅਤੇ ਜੀਨਸ ਦੀ ਜੇਬ ਵਿੱਚੋਂ ਲਿਫ਼ਾਫ਼ਾ ਸੁੱਟਣ ਲੱਗਾ, ਪਰ ਪੁਲੀਸ ਨੇ ਉਸ ਨੂੰ ਮੌਕੇ 'ਤੇ ਹੀ ਫੜ ਲਿਆ।

ਅੰਮ੍ਰਿਤਸਰ ਪੁਲੀਸ ਨੇ ਐੱਨਡੀਪੀਐੱਸ ਐਕਟ ਦੀਆਂ ਸਬੰਧਤ ਧਾਰਾਵਾਂ ਤਹਿਤ ਤਿੰਨ ਵੱਖ-ਵੱਖ ਐੱਫਆਈਆਰ ਦਰਜ ਕੀਤੀਆਂ ਹਨ। ਫੜੇ ਗਏ ਮੁਲਜ਼ਮਾਂ ਦੇ ਸਾਥੀਆਂ ਦੀ ਪਛਾਣ ਕਰਨ ਅਤੇ ਪਾਕਿਸਤਾਨੀ ਤਸਕਰਾਂ ਨਾਲ ਸਬੰਧਾਂ ਦਾ ਪਤਾ ਲਗਾਉਣ ਲਈ ਅੱਗੇ ਜਾਂਚ ਜਾਰੀ ਹੈ।

ਮਾਨ ਸਰਕਾਰ ਨੇ 1,325 ਕਰੋੜ ਰੁਪਏ ਨਾਲ ਕਿਸਾਨਾਂ ਨੂੰ ਉਪਲੱਬਧ ਕਰਵਾਈਆਂ 94,456 ਫ਼ਸਲੀ ਰਹਿੰਦ-ਖੂੰਹਦ ਪ੍ਰਬੰਧਨ ਮਸ਼ੀਨਾਂ: ਗੁਰਮੀਤ ਖੁੱਡੀਆਂ

ਚੰਡੀਗੜ੍ਹ, 4 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-



ਪਰਾਲੀ ਪ੍ਰਬੰਧਨ ਦੀ ਦਿਸ਼ਾ ਵਿੱਚ ਕੀਤੇ ਜਾ ਰਹੇ ਯਤਨਾਂ ਤਹਿਤ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ 1325.35 ਕਰੋੜ ਰੁਪਏ ਦਾ ਵੱਡਾ ਨਿਵੇਸ਼ ਕੀਤਾ ਹੈ, ਜਿਸ ਬਦੌਲਤ ਹੁਣ ਸੂਬੇ ਵਿੱਚ 94,456 ਫ਼ਸਲੀ ਰਹਿੰਦ-ਖੂੰਹਦ ਪ੍ਰਬੰਧਨ (ਸੀ.ਆਰ.ਐੱਮ.) ਮਸ਼ੀਨਾਂ ਉਪਲਬਧ ਹਨ ਅਤੇ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ 90 ਫ਼ੀਸਦੀ ਕਮੀ ਆਈ ਹੈ—ਜੋ ਸਾਲ 2022 ਵਿੱਚ 49,922 ਮਾਮਲਿਆਂ ਤੋਂ ਘਟ ਕੇ ਸਾਲ 2025 ਵਿੱਚ ਮਹਿਜ਼ 5,114 ਰਹਿ ਗਈਆਂ।

ਪਿਛਲੇ ਤਕਰੀਬਨ ਸਾਢੇ ਚਾਰ ਸਾਲਾਂ ਦੇ ਅੰਕੜੇ ਜਾਰੀ ਕਰਦਿਆਂ ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਸਰਕਾਰ ਇਸ ਮੁਹਿੰਮ ਵਿੱਚ ਕੋਈ ਢਿੱਲ ਨਹੀਂ ਵਰਤ ਰਹੀ। ਸਾਲ 2026-27 ਦੇ ਸੀਜ਼ਨ ਲਈ ਕਿਸਾਨਾਂ ਨੇ ਲਗਭਗ 201 ਕਰੋੜ ਰੁਪਏ ਦੀ ਸਬਸਿਡੀ ਦਾ ਲਾਭ ਲੈਂਦਿਆਂ 22,763 ਸੀ.ਆਰ.ਐੱਮ. ਮਸ਼ੀਨਾਂ ਖ਼ਰੀਦ ਲਈਆਂ ਹਨ, ਜਿਸ ਨਾਲ ਪੰਜਾਬ ਪਰਾਲੀ ਸਾੜਨ ਦੀ ਸਮੱਸਿਆ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਹੈ। ਇਹ ਪਿਛਲੇ ਸਾਲ ਦੌਰਾਨ ਕਿਸਾਨਾਂ ਨੂੰ ਮੁਹੱਈਆ ਕਰਵਾਈਆਂ ਗਈਆਂ 13,147 ਮਸ਼ੀਨਾਂ ਦੇ ਮੁਕਾਬਲੇ 67 ਫ਼ੀਸਦੀ ਦੇ ਵੱਡੇ ਵਾਧੇ ਨੂੰ ਦਰਸਾਉਂਦਾ ਹੈ। ਸ. ਖੁੱਡੀਆਂ ਨੇ ਕਿਹਾ, ਮੁੱਖ ਮੰਤਰੀ ਮਾਨ ਦੀ ਦੂਰਅੰਦੇਸ਼ ਅਗਵਾਈ ਹੇਠ ਅਸੀਂ ਇਹ ਯਕੀਨੀ ਬਣਾਇਆ ਹੈ ਕਿ ਵਿੱਤੀ ਤੰਗੀ ਕਾਰਨ ਕੋਈ ਵੀ ਕਿਸਾਨ ਵਾਤਾਵਰਣ-ਪੱਖੀ ਖੇਤੀ ਢੰਗ ਅਪਣਾਉਣ ਤੋਂ ਪਿੱਛੇ ਨਾ ਰਹੇ।

ਉਨ੍ਹਾਂ ਕਿਹਾ ਕਿ ਸਾਲ 2022-23 ਤੋਂ ਹੁਣ ਤੱਕ 1325 ਕਰੋੜ ਰੁਪਏ ਤੋਂ ਵੱਧ ਦੇ ਖ਼ਰਚ ਨਾਲ 94,000 ਤੋਂ ਵੱਧ ਸੀ.ਆਰ.ਐੱਮ. ਮਸ਼ੀਨਾਂ ਮੁਹੱਈਆ ਕਰਵਾਉਣਾ ਪੰਜਾਬ ਦੀ ਮਿੱਟੀ ਦੀ ਉਪਜਾਊ ਸ਼ਕਤੀ ਨੂੰ ਵਧਾਉਣ ਅਤੇ ਸਾਫ਼ ਤੇ ਸਵੱਛ ਵਾਤਾਵਰਣ ਪ੍ਰਤੀ ਸਾਡੀ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਅਗਨੀਵੀਰਾਂ ਲਈ ਸਰਕਾਰ ਨੇ ਵਧਾਇਆ 2 ਸਾਲ ਦਾ ਕਾਰਜਕਾਲ; ਫੌਜ 'ਚ ਪੱਕੇ ਹੋਣ ਦਾ ਮਿਲੇਗਾ ਮੌਕਾ

ਦਸੰਬਰ ਤੱਕ 4 ਸਾਲਾ ਠੇਕਾ ਪੂਰਾ ਕਰ ਕੇ ਸੇਵਾਮੁਕਤ ਹੋਣ ਵਾਲੇ 18,300 ਤੋਂ ਵੱਧ ਜਵਾਨਾਂ ਨੂੰ ਮਿਲੇਗਾ ਸਿੱਧਾ ਲਾਭ

ਨਵੀਂ ਦਿੱਲੀ, 4 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-



ਭਾਰਤੀ ਹਥਿਆਰਬੰਦ ਫੌਜਾਂ ਵਿੱਚ ਜਵਾਨਾਂ ਦੀ ਭਰਤੀ ਲਈ ਚੱਲ ਰਹੀ 'ਅਗਨੀਪਥ' ਸਕੀਮ ਵਿੱਚ ਵੱਡਾ ਫੇਰਬਦਲ ਕਰਦਿਆਂ ਚੀਫ਼ ਆਫ਼ ਡਿਫੈਂਸ ਸਟਾਫ਼ ਜਨਰਲ ਐੱਨ.ਐੱਸ. ਰਾਜਾ ਸੁਬਰਾਮਣੀ ਨੇ ਬੁੱਧਵਾਰ ਨੂੰ ਐਲਾਨ ਕੀਤਾ ਕਿ ਇਸੇ ਸਾਲ ਦਸੰਬਰ ਵਿੱਚ ਆਪਣਾ ਚਾਰ ਸਾਲਾ ਕਾਰਜਕਾਲ ਪੂਰਾ ਕਰਨ ਵਾਲੇ ਸਾਰੇ 'ਅਗਨੀਵੀਰਾਂ' ਦੀਆਂ ਸੇਵਾਵਾਂ ਵਿੱਚ ਦੋ ਸਾਲ ਦਾ ਵਾਧਾ ਕੀਤਾ ਜਾਵੇਗਾ।

ਸੀਡੀਐੱਸ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਹੋਈ ਕੇਂਦਰੀ ਕੈਬਨਿਟ ਦੀ ਬੈਠਕ 'ਚ ਲਏ ਗਏ ਫੈਸਲੇ ਦੀ ਜਾਣਕਾਰੀ ਦੇ ਰਹੇ ਸਨ। ਉਨ੍ਹਾਂ ਦੱਸਿਆ ਕਿ ਮੌਜੂਦਾ ਨੀਤੀ ਅਨੁਸਾਰ ਚਾਰ ਸਾਲ ਪਹਿਲਾਂ ਠੇਕੇ 'ਤੇ ਲਏ ਗਏ ਜਵਾਨਾਂ ਵਿੱਚੋਂ 25 ਫੀਸਦੀ ਨੂੰ ਹਥਿਆਰਬੰਦ ਫੌਜਾਂ ਵਿੱਚ ਪੱਕੇ ਤੌਰ 'ਤੇ ਸ਼ਾਮਲ (ਰੈਗੂਲਰ) ਕੀਤਾ ਜਾਣਾ ਸੀ।

ਜਨਰਲ ਸੁਬਰਾਮਣੀ ਨੇ ਦੱਸਿਆ ਕਿ ਅੱਜ ਐਲਾਨੇ ਗਏ ਬਦਲਾਅ ਬਾਕੀ ਰਹਿੰਦੇ 75 ਫੀਸਦੀ ਜਵਾਨਾਂ 'ਤੇ ਲਾਗੂ ਹੋਣਗੇ, ਜਿਨ੍ਹਾਂ ਨੇ ਦਸੰਬਰ ਵਿੱਚ ਫੌਜ ਤੋਂ ਬਾਹਰ ਹੋਣਾ ਸੀ। ਇਨ੍ਹਾਂ ਬਾਹਰ ਜਾਣ ਵਾਲੇ ਜਵਾਨਾਂ ਨੂੰ ਦੋ ਸਾਲਾਂ ਦੀ ਦੂਜੀ ਸੇਵਾ ਅਵਧੀ ਦਿੱਤੀ ਜਾਵੇਗੀ।

ਜਨਰਲ ਸੁਬਰਾਮਣੀ ਨੇ ਅੱਗੇ ਕਿਹਾ, ਜਿਵੇਂ ਹੀ ਇਹ ਦੋ ਸਾਲਾਂ ਦੀ ਮਿਆਦ ਖਤਮ ਹੋਵੇਗੀ, ਇਨ੍ਹਾਂ ਸਾਰੇ ਜਵਾਨਾਂ ਨੂੰ ਦੋ ਸ਼ਰਤਾਂ—ਉਨ੍ਹਾਂ ਦੀ ਆਪਣੀ ਇੱਛਾ ਅਤੇ ਸਰੀਰਕ ਯੋਗਤਾ (ਫਿਜ਼ੀਕਲ ਫਿਟਨੈੱਸ)—ਦੇ ਆਧਾਰ 'ਤੇ ਰੈਗੂਲਰ ਫੌਜੀ ਬਣਨ ਦਾ ਵਿਕਲਪ ਦਿੱਤਾ ਜਾਵੇਗਾ ਅਤੇ ਉਨ੍ਹਾਂ ਦੀ ਕਾਰਗੁਜ਼ਾਰੀ ਤੇ ਮੌਜੂਦਾ ਦਿਸ਼ਾ-ਨਿਰਦੇਸ਼ਾਂ ਅਨੁਸਾਰ ਫੌਜ 'ਚ ਪੱਕੇ ਤੌਰ 'ਤੇ ਸ਼ਾਮਲ ਕੀਤਾ ਜਾਵੇਗਾ।

ਮੌਜੂਦਾ ਸਕੀਮ ਅਨੁਸਾਰ ਅਗਨੀਵੀਰਾਂ ਨੂੰ ਚਾਰ ਸਾਲ ਦੇ ਠੇਕੇ 'ਤੇ ਲਿਆ ਜਾਂਦਾ ਹੈ। ਸੇਵਾਵਾਂ ਵਿੱਚ ਦੋ ਸਾਲ ਦਾ ਇਹ ਵਾਧਾ ਅਜਿਹੇ ਸਮੇਂ ਆਇਆ ਹੈ ਜਦੋਂ 31 ਦਸੰਬਰ ਤੱਕ 18,300 ਤੋਂ ਵੱਧ ਜਵਾਨ ਆਪਣਾ ਚਾਰ ਸਾਲ ਦਾ ਠੇਕਾ ਪੂਰਾ ਕਰ ਕੇ ਸੇਵਾਮੁਕਤ ਹੋਣ ਵਾਲੇ ਸਨ।

ਸੀਡੀਐੱਸ ਨੇ ਕਿਹਾ ਕਿ ਕੈਬਨਿਟ ਨੇ ਅਜਿਹਾ ਰਸਤਾ ਤਿਆਰ ਕੀਤਾ ਹੈ ਤਾਂ ਜੋ ਅਗਨੀਵੀਰਾਂ ਨੂੰ ਹਥਿਆਰਬੰਦ ਸੈਨਾਵਾਂ ਵਿੱਚ ਪੱਕੇ ਤੌਰ 'ਤੇ ਸ਼ਾਮਲ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਪਿਛਲੇ ਚਾਰ ਸਾਲਾਂ ਦੌਰਾਨ ਅਗਨੀਵੀਰਾਂ ਦੀ ਕਾਰਗੁਜ਼ਾਰੀ ਬਹੁਤ ਵਧੀਆ ਰਹੀ ਹੈ।

SEA DESIGN COMPANY
Customized and Designer
- Wedding Invitations - Shagan Envelop
- Wedding Boxes & Cards - Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING


...ote Books
Opp. ... Road, Patiala

ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਨੂੰ ਸਮਰਪਿਤ ਲੰਗਰ ਅਯੋਜਨ ਮੌਕੇ ਆਪਸੀ ਏਕਤਾ ਅਤੇ ਦਲਿਤ ਆਰਥਿਕ ਪੱਧਰ ਨੂੰ ਮਜਬੂਤ ਕਰਨ ਦਾ ਲਿਆ ਸੰਕਲਪ



ਪਟਿਆਲਾ, 5 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਭਗਵਾਨ ਵਾਲਮੀਕਿ ਪ੍ਰਗਟ ਦਿਵਸ ਨੂੰ ਸਮਰਪਿਤ ਵਾਲਮੀਕਿ, ਮਜ਼ਬੀ ਸਿੱਖ ਭਾਈਚਾਰੇ ਵੱਲੋਂ ਪਿੰਡ ਸੇ ?ਖੁਪੁਰ ਵਿਖੇ ਅਤੁੱਟ ਲੰਗਰ ਵਰਤਾਇਆ ਗਿਆ, ਜਿਸ ਦੌਰਾਨ ਅਧਿਕਾਰ ਸੰਘਰਸ਼ ਪਾਰਟੀ, ਹਲਕਾ ਘਨੌਰ ਦੇ ਇੰਚਾਰਜ ਸਲਿੰਦਰਪਾਲ ਸਿੰਘ ਅਤੇ ਸਵਰਨ ਸਿੰਘ ਜਿਲ੍ਹਾ ਪ੍ਰਧਾਨ ਦਿਹਾਤੀ ਵੱਲੋਂ ਵਿਸ਼ੇ ?ਸ਼ ਹਾਜਰੀ ਲਗਵਾਈ ਗਈ।

ਇਸ ਉਪਰੰਤ ਮੌਜੂਦ ਦਲਿਤ ਭਾਈਚਾਰੇ ਨਾਲ ਸਬੰਧਤ ਕੁੱਝ ਵਿਅਕਤੀਆਂ ਵੱਲੋਂ ਆਪਣੀਆਂ ਸਮੱਸਿਆਵਾਂ ਤੋਂ ਇਨ੍ਹਾਂ ਨੇਤਾਵਾਂ ਨੂੰ ਜਾਣੂ ਕਰਵਾਇਆ ਗਿਆ। ਜਿਨ੍ਹਾਂ ਨੇ ਅਧਿਕਾਰ ਸੰਘਰਸ਼ ਪਾਰਟੀ ਦੇ ਅਹੁਦੇਦਾਰਾਂ ਦੇ ਨਾਲ ਆਪਣੇ ਅਧਿਕਾਰਾਂ ਅਤੇ ਸਹੀ ਪ੍ਰਤੀਨਿਧਤਾ ਲਈ ਲਾਮਬੰਦ ਹੋਣ ਦਾ, ਨੌਜਵਾਨ ਪੀੜੀ ਨੂੰ ਨਸਿ ?ਆਂ ਵਰਗੀਆਂ ਕੁਰੀਤੀਆਂ ਦੇ ਵਿਰੁੱਧ ਲਾਮਬੰਦ ਹੋਣ, ਭਗਵਾਨ ਵਾਲਮੀਕਿ ਜੀ ਵੱਲੋਂ ਦਰਸਾਏ ਮਾਰਗ ਸੱਚ, ਸਮਾਨਤਾ ਅਤੇ ਆਪਸੀ ਏਕਤਾ ਨੂੰ ਮਜਬੂਤ ਕਰਨ ਅਤੇ ਦਲਿਤ ਵਰਗ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਦਾ ਸੰਕਲਪ ਲਿਆ।

ਇਸ ਮੌਕੇ ਤੇ ਅਧਿਕਾਰ ਸੰਘਰਸ਼ ਪਾਰਟੀ ਦੇ ਹਲਕਾ ਘਨੌਰ ਦੇ ਇੰਚਾਰਜ ਸਲਿੰਦਰਪਾਲ ਸਿੰਘ ਨੇ ਕਿਹਾ ਕਿ ਪਿੰਡਾਂ ਵਿਚ ਵਸਦੇ ਬਹੁਗਿਣਤੀ ਦਲਿਤ ਪਰਿਵਾਰਾਂ ਦੀ ਆਰਥਿਕ ਸਥਿਤੀ ਅਤੀ ਕਮਜੌਰ ਅਤੇ ਚਿੰਤਾਜਨਕ ਬਣੀ ਹੋਈ ਹੈ। ਜਿਆਦਾਤਰ ਦਲਿਤ ਪਰਿਵਾਰ ਖੇਤੀ—ਬਾੜੀ ਅਤੇ ਮਜਦੂਰੀ ਹੀ ਕਰਦੇ ਹਨ। ਜਿਨ੍ਹਾ ਨੂੰ ਸੀਜਨ ਮੁਤਾਬਿਕ ਹੀ ਕੰਮ ਮਿਲਦਾ ਹੈ। ਇਨ੍ਹਾਂ ਪਰਿਵਾਰਾਂ ਨੂੰ ਕਰਜੇ ਅਸਾਨੀ ਨਾਲ ਨਾ ਮਿਲਣ ਕਾਰਨ ਮਹਿੰਗੇ ਵਿਆਜਾਂ ਦਾ ਭੁਗਤਾਨ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਸਾਨੂੰ ਅੱਜ ਆਪਣੇ ਅਧਿਕਾਰਾਂ ਦੀ ਰਾਖੀ ਅਤੇ ਦਲਿਤਾਂ ਦੇ ਆਰਥਿਕ ਪੱਧਰ ਨੂੰ ਉੱਚਾ ਚੁੱਕਣ ਲਈ ਇੱਕ ਦੂਜੇ ਦਾ ਸਹਿਯੋਗ ਕਰਨ ਅਤੇ ਸੰਘਰਸ਼ ਨੂੰ ਤੇਜ਼ ਕਰਨ ਦੀ ਲੋੜ ਹੈ। ਇਸ ਮੌਕੇ ਬਾਗੜੀ ਰਾਮ ਬਿਡਲਾਨ, ਤਰਸੇਮ ਸਿੰਘ, ਬਲਬੀਰ ਸਿੰਘ, ਭਾਗ ਸਿੰਘ, ਜ਼ੋਰਾ ਸਿੰਘ, ਗੁਰਧਿਆਨ ਸਿੰਘ, ਆਸ਼ੂ, ਅਵਤਾਰ ਸਿੰਘ, ਨਿਰਮਲ ਸਿੰਘ ਆਦਿ ਸ਼ਾਮਲ ਸਨ।

ਜਨਗਣਨਾ 2027 ਦੇ ਦੂਸਰੇ ਪੜਾਅ 'ਤੇ ਤੀਸਰੀ ਸਟੇਟ ਲੈਵਲ ਸੈਂਸਸ ਕੋਆਰਡੀਨੇਸ਼ਨ- ਅਤੇ- ਪ੍ਰਿੰਸੀਪਲ ਸੈਂਸਸ ਅਫ਼ਸਰ ਕਾਨਫਰੰਸ ਚੰਡੀਗੜ੍ਹ ਵਿੱਚ ਆਯੋਜਿਤ



ਚੰਡੀਗੜ੍ਹ, 5 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਜਨਗਣਨਾ 2027 (ਜਨਸੰਖਿਆ ਗਣਨਾ) ਦੇ ਦੂਸਰੇ ਪੜਾਅ 'ਤੇ ਤੀਸਰੀ ਸਟੇਟ ਲੈਵਲ ਸੈਂਸਸ ਕੋਆਰਡੀਨੇਸ਼ਨ- ਅਤੇ- ਪ੍ਰਿੰਸੀਪਲ ਸੈਂਸਸ ਅਫ਼ਸਰ ਕਾਨਫਰੰਸ ਅੱਜ ਯੂ.ਟੀ. ਸਕੱਤਰੇਤ, ਸੈਕਟਰ 9, ਚੰਡੀਗੜ੍ਹ ਵਿੱਚ ਸ਼੍ਰੀ ਐੱਚ. ਰਾਜੇਸ਼ ਪ੍ਰਸਾਦ, ਆਈਏਐੱਸ, ਮੁੱਖ ਸਕੱਤਰ, ਯੂ.ਟੀ. ਚੰਡੀਗੜ੍ਹ ਦੀ ਪ੍ਰਧਾਨਗੀ ਵਿੱਚ ਆਯੋਜਿਤ ਕੀਤੀ ਗਈ।

ਕਾਨਫਰੰਸ ਵਿੱਚ ਸਟੇਟ ਲੈਵਲ ਸੈਂਸਸ ਕੋਆਰਡੀਨੇਸ਼ਨ ਕਮੇਟੀ ਦੇ ਮੈਂਬਰ, ਪ੍ਰਿੰਸੀਪਲ ਸੈਂਸਸ ਅਫ਼ਸਰ, ਡਿਸਟ੍ਰਿਕਟ ਸੈਂਸਸ ਅਫ਼ਸਰ, ਚਾਰਜ ਅਫ਼ਸਰ, ਭਾਰਤ ਦੇ ਰਜਿਸਟਰਾਰ ਜਨਰਲ ਤੇ ਸੈਂਸਸ ਕਮਿਸ਼ਨਰ ਦਫ਼ਤਰ (ਓਆਰਜੀਆਈ), ਨਵੀਂ ਦਿੱਲੀ ਦੇ ਡਾਇਰੈਕਟਰ ਸ਼੍ਰੀ ਐੱਸ.ਐੱਨ. ਸ਼ਰਮਾ ਅਤੇ ਚੰਡੀਗੜ੍ਹ ਪ੍ਰਸ਼ਾਸਨ ਦੇ ਹੋਰ ਸੀਨੀਅਰ ਅਧਿਕਾਰੀ ਉਪਸਥਿਤ ਰਹੇ। ਡਾਇਰੈਕਟਰ, ਸੈਂਸਸ ਅਪ੍ਰੇਸ਼ਨਸ, ਚੰਡੀਗੜ੍ਹ, ਡਾ. ਨਵਜੋਤ ਖੋਸਾ, ਆਈਏਐੱਸ ਨੇ ਸੈਂਸਸ 2027 ਦੇ ਪੜਾਅ-99 ਬਾਰੇ ਵਿਸਤ੍ਰਿਤ ਪ੍ਰਸਤੁਤੀ ਦਿੱਤੀ। ਉਨ੍ਹਾਂ ਨੇ ਇਸ ਦੇ ਪ੍ਰਮੁੱਖ ਪਹਿਲੂਆਂ, ਸੰਚਾਲਨ ਸਬੰਧੀ ਜ਼ਰੂਰਤਾਂ ਅਤੇ ਚੰਡੀਗੜ੍ਹ ਦੀਆਂ ਤਿਆਰੀਆਂ ਦੀ ਜਾਣਕਾਰੀ ਦਿੱਤੀ। ਉਨ੍ਹਾਂ ਨੇ ਪਹਿਲੇ ਪੜਾਅ- ਮਕਾਨ ਸੂਚੀਕਰਣ ਅਤੇ ਆਵਾਸ ਗਣਨਾ- ਦੀ ਪ੍ਰਗਤੀ ਅਤੇ ਨਤੀਜਿਆਂ ਬਾਰੇ ਵੀ ਪ੍ਰਤੀਭਾਗੀਆਂ ਨੂੰ ਜਾਣੂ ਕਰਵਾਇਆ ਅਤੇ ਜਨਸੰਖਿਆ ਗਣਨਾ ਦੀਆਂ ਤਿਆਰੀਆਂ ਦੀ ਰੂਪਰੇਖਾ ਪ੍ਰਸਤੁਤ ਕੀਤੀ। ਪ੍ਰਸਤੁਤੀ ਵਿੱਚ ਸੰਚਾਲਨ ਸਬੰਧੀ ਚੁਣੌਤੀਆਂ, ਡਿਜੀਟਲ ਟੂਲਸ ਅਤੇ ਐਪਲੀਕੇਸ਼ਨਾਂ ਤੋਂ ਜਾਣੂ ਕਰਵਾਉਣ, ਅਧਿਕਾਰੀਆਂ ਅਤੇ ਫੀਲਡ ਕਰਮਚਾਰੀਆਂ ਦੀ ਟ੍ਰੇਨਿੰਗ ਅਤੇ ਸਮਰੱਥਾ ਨਿਰਮਾਣ ਅਤੇ ਅੰਤਰ-ਵਿਭਾਗੀ ਤਾਲਮੇਲ ਜਿਹੇ ਵਿਸ਼ਿਆਂ ਨੂੰ ਸ਼ਾਮਲ ਕੀਤਾ ਗਿਆ। ਕਾਨਫਰੰਸ ਵਿੱਚ ਦੱਸਿਆ ਗਿਆ ਕਿ ਚੰਡੀਗੜ੍ਹ ਵਿੱਚ ਸਵੈ-ਗਣਨਾ 10 ਜਨਵਰੀ ਤੋਂ 24 ਜਨਵਰੀ, 2027 ਤੱਕ ਕੀਤੀ ਜਾਵੇਗੀ। ਇਸ ਤੋਂ ਬਾਅਦ ਜਨਸੰਖਿਆ ਗਣਨਾ 25 ਜਨਵਰੀ ਤੋਂ 28 ਫਰਵਰੀ, 2027 ਤੱਕ ਹੋਵੇਗੀ। ਇਸ ਤੋਂ ਬਾਅਦ 1 ਤੋਂ 5 ਮਾਰਚ, 2027 ਤੱਕ ਇੱਕ ਸੋਧ ਦੌਰ ਆਯੋਜਿਤ ਕੀਤਾ ਜਾਵੇਗਾ।

ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ ਮੁੱਖ ਸਕੱਤਰ ਨੇ ਜਨਗਣਨਾ ਦੇ ਵਿਆਪਕ ਪੱਧਰ ਅਤੇ ਮਹੱਤਵ ਨੂੰ ਧਿਆਨ ਵਿੱਚ ਰੱਖਦੇ ਹੋਏ ਅੰਕੜਿਆਂ ਦੀ ਸਟੀਕਤਾ, ਸੂਖਮ ਤਿਆਰੀ ਅਤੇ ਅਗਾਊਂ ਯੋਜਨਾ 'ਤੇ ਬਲ ਦਿੱਤਾ। ਉਨ੍ਹਾਂ ਨੇ ਸਾਰੇ ਚਾਰਜ ਅਫ਼ਸਰਾਂ ਨੂੰ ਜਨਗਣਨਾ ਕਾਰਜ ਨੂੰ ਸਰਬਉੱਚ ਪ੍ਰਾਥਮਿਕਤਾ ਦੇਣ ਅਤੇ ਸਾਰੀਆਂ ਗਤੀਵਿਧੀਆਂ ਦੀ ਵਿਅਕਤੀਗਤ ਤੌਰ 'ਤੇ ਨਿਗਰਾਨੀ ਕਰਨ ਦੇ ਨਿਰਦੇਸ਼ ਦਿੱਤੇ, ਤਾਕਿ ਇਨ੍ਹਾਂ ਨੂੰ ਸਮਾਂਬੱਧ ਅਤੇ ਸਟੀਕ ਢੰਗ ਨਾਲ ਪੂਰਾ ਕੀਤਾ ਜਾ ਸਕੇ। ਉਨ੍ਹਾਂ ਨੇ ਸਾਰੇ ਸਬੰਧਿਤ ਵਿਭਾਗਾਂ ਅਤੇ ਅਧਿਕਾਰੀਆਂ ਨੂੰ ਸੈਂਸਸ ਅਪ੍ਰੇਸ਼ਨਸ ਡਾਇਰੈਕਟੋਰੇਟ ਨੂੰ ਪੂਰਨ ਸਹਿਯੋਗ ਅਤੇ ਸਹਾਇਤਾ ਪ੍ਰਦਾਨ ਕਰਨ ਦੇ ਵੀ ਨਿਰਦੇਸ਼ ਦਿੱਤੇ।

ਮੁੱਖ ਸਕੱਤਰ ਨੇ ਸਵੈ- ਗਣਨਾ 'ਤੇ ਵਿਸ਼ੇਸ਼ ਧਿਆਨ ਦੇਣ ਦੀ ਜ਼ਰੂਰਤ 'ਤੇ ਬਲ ਦਿੰਦੇ ਹੋਏ ਸਬੰਧਿਤ ਵਿਭਾਗਾਂ ਨੂੰ ਵਿਆਪਕ ਜਾਗਰੂਕਤਾ ਮੁਹਿੰਮਾਂ ਅਤੇ ਤਾਲਮੇਲ ਵਾਲੇ ਆਊਟਰੀਚ ਪ੍ਰਯਾਸਾਂ ਦੇ ਜ਼ਰੀਏ ਨਾਗਰਿਕਾਂ ਦੀ ਭਾਗੀਦਾਰੀ ਨੂੰ ਪ੍ਰੋਤਸਾਹਿਤ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਕਿਹਾ ਕਿ ਚੰਡੀਗੜ੍ਹ ਦੀ ਸੰਪੂਰਨ ਆਬਾਦੀ ਨੂੰ ਜਨਗਣਨਾ ਵਿੱਚ ਸ਼ਾਮਲ ਕਰਨਾ ਸੁਨਿਸ਼ਚਿਤ ਕਰਨ ਲਈ ਅਧਿਕਤਮ ਜਨਭਾਗੀਦਾਰੀ ਜ਼ਰੂਰੀ ਹੋਵੇਗੀ।

ਕਾਨਫਰੰਸ ਦਾ ਸਮਾਪਨ ਇੰਟਰਐਕਟਿਵ ਚਰਚਾ ਅਤੇ ਧੰਨਵਾਦ ਦੇ ਮਤੇ ਨਾਲ ਹੋਇਆ। ਇਸ ਅਵਸਰ 'ਤੇ ਯੂ.ਟੀ. ਪ੍ਰਸ਼ਾਸਨ ਅਤੇ ਸੈਂਸਸ ਅਪ੍ਰੇਸ਼ਨਸ ਡਾਇਰੈਕਟੋਰੇਟ ਨੇ ਸਟੀਕਤਾ, ਦਕਸ਼ਤਾ ਪਾਰਦਰਸ਼ਤਾ ਅਤੇ ਗੁਣਵੱਤਾ ਦੇ ਉੱਚਤਮ ਮਿਆਰਾਂ ਨਾਲ ਚੰਡੀਗੜ੍ਹ ਵਿੱਚ ਜਨਗਣਨਾ 2027 ਦੇ ਸਫ਼ਲ ਸੰਚਾਲਨ ਦੀ ਪ੍ਰਤੀਬੱਧਤਾ ਦੁਹਰਾਈ।

ਹੀਰੋ ਏਸ਼ੀਅਨ ਚੈਂਪੀਅਨਜ਼ ਟਰਾਫੀ 2026; ਭਾਰਤ ਵੱਡੀ ਜਿੱਤ ਨਾਲ ਫਾਈਨਲ 'ਚ ਪੁੱਜਾ, ਸੈਮੀਫਾਈਨਲ ਵਿੱਚ ਦੱਖਣੀ ਕੋਰੀਆ ਨੂੰ 8-1 ਨਾਲ ਹਰਾਇਆ



ਮੁਹਾਲੀ, 5 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਇੱਕ ਵਾਰ ਫਿਰ ਆਪਣੀ ਖੇਡ ਦਾ ਲੋਹਾ ਮਨਵਾਉਂਦਿਆਂ ਭਾਰਤ ਨੇ ਅੱਜ ਦੱਖਣੀ ਕੋਰੀਆ ਨੂੰ 8-1 ਨਾਲ ਹਰਾ ਕੇ ਸੈਮੀਫਾਈਨਲ ਦੇ ਇੱਕਪਾਸੜ ਮੁਕਾਬਲੇ ਵਿੱਚ ਆਪਣਾ ਦਬਦਬਾ ਕਾਇਮ ਰੱਖਿਆ ਅਤੇ ਫਾਈਨਲ ਵਿੱਚ ਆਪਣੀ ਥਾਂ ਪੱਕੀ ਕਰ ਲਈ ਹੈ।

ਅੱਜ ਓਲੰਪੀਅਨ ਬਲਬੀਰ ਸਿੰਘ ਸੀਨੀਅਰ ਇੰਟਰਨੈਸ਼ਨਲ ਹਾਕੀ ਸਟੇਡੀਅਮ, ਟੀਮ ਇੰਡੀਆ ਦੇ ਸ਼ਾਨਦਾਰ ਪ੍ਰਦਰਸ਼ਨ ਦਾ ਮਾਣਮੱਤਾ ਗਵਾਹ ਬਣ ਗਿਆ।

ਇਹ ਪਹਿਲੀ ਵਾਰ ਸੀ ਜਦੋਂ ਸਟੇਡੀਅਮ ਨੇ ਇੱਕ ਅੰਤਰਰਾਸ਼ਟਰੀ ਮੈਚ ਦੀ ਮੇਜ਼ਬਾਨੀ ਕੀਤੀ ਅਤੇ ਖੇਡ ਜਗਤ ਦੇ ਆਲਮੀ ਨਕਸ਼ੇ 'ਤੇ ਆਪਣੀ ਸ਼ਾਨਾਮੱਤੀ ਸ਼ੁਰੂਆਤ ਕਰਨ ਦਾ ਫ਼ਖਰ ਹਾਸਿਲ ਕੀਤਾ।

ਇਸ ਮੌਕੇ 'ਤੇ ਮੌਜੂਦ ਪਤਵੰਤਿਆਂ ਵਿੱਚ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ, ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ, ਸੰਗਰੂਰ ਤੋਂ ਮੈਂਬਰ ਪਾਰਲੀਮੈਂਟ ਗੁਰਮੀਤ ਸਿੰਘ ਮੀਤ ਹੇਅਰ, ਮੋਹਾਲੀ ਦੇ ਵਿਧਾਇਕ ਕੁਲਵੰਤ ਸਿੰਘ, ਵਿਸ਼ਵ ਕੱਪ ਹਾਕੀ ਜੇਤੂ ਕਪਤਾਨ ਅਜੀਤਪਾਲ ਸਿੰਘ, ਅਸਲਮ ਸ਼ੇਰ ਖਾਨ, ਜ਼ਫਰ ਇਕਬਾਲ, ਓਲੰਪੀਅਨ ਬਲਬੀਰ ਸਿੰਘ ਰੰਧਾਵਾ, ਰਾਜਿੰਦਰ ਸਿੰਘ ਸੀਨੀਅਰ, ਰਾਣੀ ਰਾਮਪਾਲ, ਸਰਦਾਰ ਸਿੰਘ, ਬਲਜੀਤ ਸਿੰਘ ਢਿੱਲੋਂ, ਰਾਜਪਾਲ ਸਿੰਘ, ਪ੍ਰਭਜੋਤ ਸਿੰਘ, ਦੀਪਕ ਠਾਕੁਰ ਅਤੇ ਮਹਾਨ ਹਾਕੀ ਖਿਡਾਰੀ ਸਵਰਗੀ ਬਲਬੀਰ ਸਿੰਘ ਸੀਨੀਅਰ ਦੇ ਦੋਹਤੇ ਕਬੀਰ ਸਿੰਘ ਸ਼ਾਮਿਲ ਸਨ।

ਹੁਣ, ਭਾਰਤ 5 ਨਵੰਬਰ ਨੂੰ ਇਸੇ ਥਾਂ 'ਤੇ ਹੋਣ ਵਾਲੇ ਫਾਈਨਲ ਵਿੱਚ ਜਾਪਾਨ ਨਾਲ ਭਿੜੇਗਾ।

ਸ਼ਿਲਾਨੰਦ ਲਾਕੜਾ ਨੇ ਸ਼ਾਨਦਾਰ ਢੰਗ ਨਾਲ ਚੌਥੇ ਮਿੰਟ ਵਿੱਚ ਹੀ ਫੀਲਡ ਗੋਲ ਕਰਕੇ ਭਾਰਤ ਦਾ ਖਾਤਾ ਖੋਲ੍ਹਿਆ। ਪਰ ਕੋਰੀਆਈ ਖਿਡਾਰੀਆਂ ਨੇ ਜ਼ਿਆਦਾ ਸਮਾਂ ਨਾ ਗਵਾਉਂਦਿਆ 9ਵੇਂ ਮਿੰਟ ਵਿੱਚ ਸੰਜੁਨ ਹਾਨ ਦੇ ਫੀਲਡ ਗੋਲ ਨਾਲ ਬਰਾਬਰੀ ਕਰ ਲਈ। ਇਸ ਤੋਂ ਬਾਅਦ ਭਾਰਤੀ ਖਿਡਾਰੀਆਂ ਵੱਲੋਂ ਗੋਲਾਂ ਦੀ ਵਾਛੜ ਕਰ ਦਿੱਤੀ ਗਈ।

ਕਪਤਾਨ ਹਰਮਨਪ੍ਰੀਤ ਸਿੰਘ ਨੇ 9ਵੇਂ ਮਿੰਟ ਵਿੱਚ ਪੈਨਲਟੀ ਕਾਰਨਰ ਨੂੰ ਗੋਲ ਵਿੱਚ ਬਦਲਿਆ, ਸ਼ਿਲਾਨੰਦ ਲਾਕੜਾ ਨੇ ਵੀ 13ਵੇਂ ਮਿੰਟ ਵਿੱਚ ਪੈਨਲਟੀ ਕਾਰਨਰ ਰਾਹੀਂ ਗੋਲ ਕੀਤਾ, ਸੁਖਜੀਤ ਸਿੰਘ ਅਤੇ ਦਿਲਪ੍ਰੀਤ ਸਿੰਘ ਨੇ 21ਵੇਂ ਮਿੰਟ ਵਿੱਚ ਫ਼ੀਲਡ ਗੋਲ ਕੀਤੇ। ਸਿਰਫ਼ ਚਾਰ ਮਿੰਟ ਬਾਅਦ 25ਵੇਂ ਮਿੰਟ ਵਿੱਚ ਦਿਲਪ੍ਰੀਤ ਸਿੰਘ ਨੇ ਫਿਰ ਫੀਲਡ ਗੋਲ ਕਰਕੇ ਸਕੋਰ 6-1 ਕਰ ਦਿੱਤਾ। ਫਿਰ 36ਵੇਂ ਮਿੰਟ ਵਿੱਚ ਅੰਗਦ ਬੀਰ ਸਿੰਘ ਨੇ ਫੀਲਡ ਗੋਲ ਕਰਕੇ ਸਕੋਰ 7-1 ਤੇ ਪਹੁੰਚਾ ਦਿੱਤਾ। 54ਵੇਂ ਮਿੰਟ ਵਿੱਚ ਵਿਵੇਕ ਸਾਗਰ ਪ੍ਰਸਾਦ ਨੇ 8ਵਾਂ ਫ਼ੀਲਡ ਗੋਲ ਕਰਕੇ ਸਕੋਰ 8-1 ਕਰ ਦਿੱਤਾ।

ਇੱਕ ਹੋਰ ਦਿਲਚਸਪ ਸੈਮੀਫਾਈਨਲ ਵਿੱਚ ਜਾਪਾਨ ਅਤੇ ਮਲੇਸ਼ੀਆ ਦੋਵਾਂ ਨੇ ਬੜੀ ਸੋਹਣੀ ਖੇਡ ਦਾ ਮੁਜ਼ਾਹਰਾ ਕੀਤਾ, ਪੂਰੇ ਸਮੇਂ ਦੌਰਾਨ ਦੋਵੇਂ ਟੀਮਾਂ ਕੋਈ ਗੋਲ ਨਹੀਂ ਕਰ ਸਕੀਆਂ। ਅਖੀਰ, ਪੈਨੇਲਟੀ ਸ਼ੂਟਆਊਟ ਵਿੱਚ ਜਾਪਾਨ ਨੇ ਮਲੇਸ਼ੀਆ ਨੂੰ 5-3 ਨਾਲ ਪਛਾੜ ਦਿੱਤਾ।

ਜਾਪਾਨ ਲਈ ਕਾਜ਼ੂਮਾਸਾ ਮਾਤਸੁਮੋਟੋ, ਰਯੋਮਾ ਓਓਕਾ, ਸੁਬਾਸਾ ਤਨਾਕਾ, ਹਾਰੂਕੀ ਓਚਾਈ ਅਤੇ ਸੇਰੇਨ ਤਨਾਕਾ ਨੇ ਗੋਲ ਦਾਗੇ।

ਮਲੇਸ਼ੀਆ ਲਈ ਏਮਾਨ ਰੋਜ਼ੇਮੀ, ਸ਼ੈਲੋ ਸਿਲਵਰੀਅਸ ਅਤੇ ਅਬੂ ਕਮਾਲ ਅਜ਼ਰਾਈ ਨੇ ਗੋਲ ਕੀਤੇ।

ਇਸ ਤੋਂ ਪਹਿਲਾਂ, ਚੀਨ ਨੇ ਬੰਗਲਾਦੇਸ਼ ਨੂੰ 3-1 ਨਾਲ ਹਰਾ ਕੇ ਟੂਰਨਾਮੈਂਟ ਵਿੱਚ 5ਵਾਂ ਸਥਾਨ ਹਾਸਿਲ ਕੀਤਾ ਸੀ। ਚੀਨ ਲਈ, ਯੂਲਾਈ ਝਾਓ ਨੇ 10ਵੇਂ ਮਿੰਟ ਵਿੱਚ ਫੀਲਡ ਗੋਲ ਕਰਕੇ ਸਕੋਰ ਲਾਈਨ ਖੋਲ੍ਹੀ। ਫਿਰ ਯਾਕੀ ਵਾਂਗ ਨੇ 18ਵੇਂ ਮਿੰਟ ਵਿੱਚ ਫੀਲਡ ਗੋਲ ਕੀਤਾ ਅਤੇ ਚੀਨੀ ਕਪਤਾਨ ਚੋਂਗਕੋਂਗ ਚੇਨ ਨੇ 22ਵੇਂ ਮਿੰਟ ਵਿੱਚ ਪੈਨਲਟੀ ਸਟ੍ਰੋਕ ਰਾਹੀਂ ਗੇਂਦ ਵਿਰੋਧੀ ਟੀਮ ਦੀ ਗੋਲ ਪੋਸਟ ਵਿੱਚ ਪਹੁੰਚਾ ਦਿੱਤੀ। ਬੰਗਲਾਦੇਸ਼ ਲਈ ਇੱਕੋ- ਇੱਕ ਗੋਲ 48ਵੇਂ ਮਿੰਟ ਵਿੱਚ ਪੈਨਲਟੀ ਕਾਰਨਰ ਨਾਲ ਹੋਇਆ ਜੋ ਕਿ ਸ਼ੋਹਾਨੂਰ ਮੁਹੰਮਦ ਰਹਿਮਾਨ ਵੱਲੋਂ ਕੀਤਾ ਗਿਆ।

ਸਪੀਕਰ ਸੰਧਵਾਂ ਨੇ ਪੰਜਾਬ ਸਰਕਾਰ ਦੀ 'ਮੇਰਾ ਘਰ ਮੇਰੇ ਨਾਮ' ਸਕੀਮ ਤਹਿਤ ਪਿੰਡ ਹਰੀ ਨੌਂ ਦੇ ਵਸਨੀਕਾਂ ਨੂੰ ਸੌਂਪੇ ਜਾਇਦਾਦ ਦੇ ਮਾਲਕੀ ਹੱਕ



ਚੰਡੀਗੜ੍ਹ, 5 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਅੱਜ ਜ਼ਿਲ੍ਹਾ ਫ਼ਰੀਦਕੋਟ ਦੀ ਤਹਿਸੀਲ ਕੋਟਕਪੂਰਾ ਦੇ ਪਿੰਡ ਹਰੀ ਨੌਂ ਦੇ ਵਸਨੀਕਾਂ ਨੂੰ ਪੰਜਾਬ ਸਰਕਾਰ ਦੀ 'ਮੇਰਾ ਘਰ ਮੇਰੇ ਨਾਮ' ਸਕੀਮ ਅਧੀਨ ਘਰਾਂ ਦੇ ਮਾਲਕੀ ਹੱਕ ਸੌਂਪੇ।

ਸਮਾਗਮ ਦੌਰਾਨ ਸਪੀਕਰ ਸੰਧਵਾਂ ਨੇ 'ਲਾਲ ਲਕੀਰ/ਲਾਲ ਡੋਰੇ' (ਪਿੰਡ ਦੀ ਆਬਾਦੀ ਦੇਹ) ਅੰਦਰ ਰਹਿੰਦੇ ਲੋਕਾਂ ਨੂੰ ਜਾਇਦਾਦ ਦੇ ਮਾਲਕੀ ਹੱਕ ਪ੍ਰਦਾਨ ਕਰਨ ਪ੍ਰਤੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ। ਉਨ੍ਹਾਂ ਕਿਹਾ ਕਿ ਇਹ ਸਕੀਮ ਆਪਣੇ ਘਰ ਵਿੱਚ ਲੰਮੇ ਸਮੇਂ ਤੋਂ ਰਹਿ ਰਹੇ ਵਸਨੀਕਾਂ ਨੂੰ ਕਾਨੂੰਨੀ ਮਾਨਤਾ ਦਿੰਦੀ ਹੈ, ਜਿਸ ਨਾਲ ਉਨ੍ਹਾਂ ਦੇ ਜਾਇਦਾਦ ਦੇ ਹੱਕ ਸੁਰੱਖਿਅਤ ਹੋਣਗੇ, ਜ਼ਮੀਨੀ ਝਗੜੇ ਘਟਣਗੇ ਅਤੇ ਉਹ ਬੈਂਕਾਂ ਤੋਂ ਆਸਾਨੀ ਨਾਲ ਲੋਨ ਵੀ ਲੈ ਸਕਣਗੇ। ਇਸ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀ, ਸਥਾਨਕ ਆਗੂ ਅਤੇ ਪਿੰਡ ਵਾਸੀ ਹਾਜ਼ਰ ਸਨ। ਲਾਭਪਾਤਰੀਆਂ ਨੇ ਉਨ੍ਹਾਂ ਦੀਆਂ ਜਾਇਦਾਦਾਂ ਦੇ ਮਾਲਕੀ ਹੱਕ ਸੁਰੱਖਿਅਤ ਕਰਨ ਅਤੇ ਲੰਮੇ ਸਮੇਂ ਤੋਂ ਲਟਕਦੀ ਆ ਰਹੀ ਮੰਗ ਨੂੰ ਪੂਰਾ ਕਰਨ ਲਈ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।

ਪ੍ਰਸ਼ਾਸਕ ਨੇ ਜੀਐੱਮਐੱਸਐੱਸਐੱਸ- 10 ਵਿਖੇ ਵੋਕੇਸ਼ਨਲ ਲੈਬਾਂ ਦਾ ਉਦਘਾਟਨ ਕੀਤਾ, ਇਨਕਲੂਸਿਵ ਥੀਏਟਰ ਫੈਸਟੀਵਲ ਦੇ ਜੇਤੂਆਂ ਨੂੰ ਸਨਮਾਨਿਤ ਕੀਤਾ



ਚੰਡੀਗੜ੍ਹ, 5 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ (ਜੀਐੱਮਐੱਸਐੱਸਐੱਸ), ਸੈਕਟਰ 10, ਚੰਡੀਗੜ੍ਹ ਵਿਖੇ ਫ੍ਰੰਟ ਆਫ਼ਿਸ ਲੈਬ ਅਤੇ ਫੂਡ ਪ੍ਰੋਡਕਸ਼ਨ ਲੈਬ ਦਾ ਉਦਘਾਟਨ ਕੀਤਾ। ਉਨ੍ਹਾਂ ਨੇ ਸਟੇਟ-ਲੈਵਲ ਇਨਕਲੂਸਿਵ ਥੀਏਟਰ ਫੈਸਟੀਵਲ 2026 ਦੇ ਜੇਤੂਆਂ ਨੂੰ ਵੀ ਸਨਮਾਨਿਤ ਕੀਤਾ। ਉਨ੍ਹਾਂ ਨੇ ਸਕੂਲੀ ਵਿਦਿਆਰਥੀਆਂ ਦੁਆਰਾ ਤਲਵਾਰਬਾਜ਼ੀ ਪ੍ਰਦਰਸ਼ਨ ਅਤੇ ਸਟੇਟ-ਲੈਵਲ ਇਨਕਲੂਸਿਵ ਥੀਏਟਰ ਫੈਸਟੀਵਲ ਟੀਮ ਦੇ ਜੇਤੂਆਂ ਦੁਆਰਾ ਪੇਸ਼ ਇੱਕ ਪਰਫਾਰਮੈਂਸ ਦੇਖੀ। ਦੌਰੇ ਦੇ ਦੌਰਾਨ ਉਨ੍ਹਾਂ ਨੇ ਅਟਲ ਟਿੰਕਰਿੰਗ ਲੈਬ ਦਾ ਵੀ ਦੌਰਾ ਕੀਤਾ ਅਤੇ ਵਿਦਿਆਰਥੀਆਂ ਦੀਆਂ ਇਨੋਵੇਸ਼ਨਸ ਅਤੇ ਟੈਕਨੋਲੋਜੀ ਦੇ ਰਚਨਾਤਮਕ ਉਪਯੋਗ ਦੀ ਸ਼ਲਾਘਾ ਕੀਤੀ।

ਨਵੀਆਂ ਉਦਘਾਟਨ ਕੀਤੀਆਂ ਗਈਆਂ ਲੈਬਾਂ ਵਿਦਿਆਰਥੀਆਂ ਨੂੰ ਫ੍ਰੰਟ ਆਫ਼ਿਸ ਸੰਚਾਲਨ, ਖੁਰਾਕ ਉਤਪਾਦਨ, ਖੁਰਾਕ ਪੋਸ਼ਣ ਅਤੇ ਖੁਰਾਕ ਵਿਗਿਆਨ ਵਿੱਚ ਵਿਵਹਾਰਿਕ ਟ੍ਰੇਨਿੰਗ ਦੇਣਗੀਆਂ। ਇਨ੍ਹਾਂ ਸੁਵਿਧਾਵਾਂ ਦਾ ਉਦੇਸ਼ ਵਿਦਿਆਰਥੀਆਂ ਨੂੰ ਰਾਸ਼ਟਰੀ ਸਿੱਖਿਆ ਨੀਤੀ (ਐੱਨਈਪੀ) 2020 ਦੇ ਅਨੁਸਾਰ ਲਾਭਦਾਇਕ ਕੌਸ਼ਲ ਵਿਕਸਿਤ ਕਰਨ ਅਤੇ ਭਵਿੱਖ ਦੇ ਰੋਜ਼ਗਾਰ ਲਈ ਤਿਆਰ ਕਰਨ ਵਿੱਚ ਸਹਾਇਤਾ ਕਰਨਾ ਹੈ। ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਪ੍ਰਸ਼ਾਸਕ ਨੇ ਉਨ੍ਹਾਂ ਨੂੰ ਰੋਜ਼ਾਨਾ ਦੀਆਂ ਗਤੀਵਿਧੀਆਂ ਦੇ ਜ਼ਰੀਏ ਸਿੱਖਣ, ਘਰੇਲੂ ਜ਼ਿੰਮੇਵਾਰੀਆਂ ਸਾਂਝੀਆਂ ਕਰਨ ਅਤੇ ਆਪਣੇ ਪਰਿਵਾਰਾਂ ਦੀ ਮਦਦ ਕਰਨ ਲਈ ਪ੍ਰੋਤਸਾਹਿਤ ਕੀਤਾ। ਉਨ੍ਹਾਂ ਨੇ ਕਿਹਾ ਕਿ ਅਜਿਹੇ ਅਨੁਭਵ ਹਰ ਤਰ੍ਹਾਂ ਦੇ ਕੰਮ ਲਈ ਸਤਿਕਾਰ ਨੂੰ ਉਤਸ਼ਾਹਿਤ ਕਰਦੇ ਹੋਏ ਵਿਵਹਾਰਿਕ ਕੌਸ਼ਲ, ਵਿਸ਼ਵਾਸ, ਅਨੁਸ਼ਾਸਨ, ਜ਼ਿੰਮੇਵਾਰੀ ਅਤੇ ਆਤਮਨਿਰਭਰਤਾ ਦਾ ਨਿਰਮਾਣ ਕਰਦੇ ਹਨ। ਉਨ੍ਹਾਂ ਨੇ ਸਟੇਟ-ਲੈਵਲ ਇਨਕਲੂਸਿਵ ਥੀਏਟਰ ਫੈਸਟੀਵਲ ਦੀ ਜੇਤੂ ਟੀਮ ਨੂੰ ਰੀਜਨਲ-ਲੈਵਲ ਫੈਸਟੀਵਲ ਲਈ ਚੁਣੇ ਜਾਣ 'ਤੇ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਵਿਸ਼ਵਾਸ ਨਾਲ ਪ੍ਰਦਰਸ਼ਨ ਕਰਨ, ਚੰਗੀ ਤਿਆਰੀ ਕਰਨ ਅਤੇ ਆਪਣੇ ਕੌਸ਼ਲ ਵਿੱਚ ਸੁਧਾਰ ਕਰਦੇ ਰਹਿਣ ਲਈ ਪ੍ਰੋਤਸਾਹਿਤ ਕੀਤਾ। ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦਾ ਸੱਦਾ ਦਿੰਦੇ ਹੋਏ, ਉਨ੍ਹਾਂ ਨੂੰ ਕਿਤਾਬਾਂ, ਕਲਾ, ਇਨੋਵੇਸ਼ਨ ਅਤੇ ਹੋਰ ਸਕਾਰਾਤਮਕ ਗਤੀਵਿਧੀਆਂ 'ਤੇ ਧਿਆਨ ਕੇਂਦ੍ਰਿਤ ਕਰਨ ਅਤੇ ਉਨ੍ਹਾਂ ਦੋਸਤਾਂ ਦਾ ਸਮਰਥਨ ਕਰਨ ਲਈ ਉਤਸ਼ਾਹਿਤ ਕੀਤਾ ਜਿਨ੍ਹਾਂ ਨੂੰ ਮਦਦ ਦੀ ਜ਼ਰੂਰਤ ਹੋ ਸਕਦੀ ਹੈ।

ਸਟੇਟ-ਲੈਵਲ ਇਨਕਲੂਸਿਵ ਥੀਏਟਰ ਫੈਸਟੀਵਲ 2026 12 ਤੋਂ 14 ਅਕਤੂਬਰ ਤੱਕ ਪੀਐੱਮ ਸ਼੍ਰੀ ਸਰਕਾਰੀ ਗਰਲਸ ਮਾਡਲ ਸੀਨੀਅਰ ਸੈਕੰਡਰੀ ਸਕੂਲ, ਸੈਕਟਰ 18, ਚੰਡੀਗੜ੍ਹ ਵਿਖੇ ਆਯੋਜਿਤ ਕੀਤਾ ਗਿਆ, ਜਿਸ ਵਿੱਚ 20 ਕਲੱਸਟਰ ਸਕੂਲਾਂ ਦੇ ਵਿਸ਼ੇਸ਼ ਜ਼ਰੂਰਤਾਂ ਵਾਲੇ ਬੱਚਿਆਂ (ਸੀਡਬਲਿਊਐੱਸਐੱਨ) ਸਹਿਤ ਲਗਭਗ 300 ਵਿਦਿਆਰਥੀਆਂ ਨੇ ਹਿੱਸਾ ਲਿਆ। ਕਲੱਸਟਰ 13 ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਉਸ ਤੋਂ ਬਾਅਦ ਕਲੱਸਟਰ 19 ਦੂਸਰੇ ਸਥਾਨ 'ਤੇ ਅਤੇ ਕਲੱਸਟਰ 11 ਤੀਸਰੇ ਸਥਾਨ 'ਤੇ ਰਿਹਾ। ਜੇਤੂਆਂ ਨੂੰ ਵਧਾਈ ਦਿੰਦੇ ਹੋਏ ਪ੍ਰਸ਼ਾਸਕ ਨੇ ਉਨ੍ਹਾਂ ਨੂੰ ਆਪਣੀ ਪ੍ਰਤਿਭਾ ਨੂੰ ਵਿਕਸਿਤ ਕਰਦੇ ਰਹਿਣ ਲਈ ਉਤਸ਼ਾਹਿਤ ਕੀਤਾ। ਜੇਤੂ ਟੀਮ 18 ਨਵੰਬਰ, 2026 ਨੂੰ ਚੰਡੀਗੜ੍ਹ ਵਿੱਚ ਰੀਜਨਲ-ਲੈਵਲ ਫੈਸਟੀਵਲ ਵਿੱਚ ਚੰਡੀਗੜ੍ਹ ਦੀ ਪ੍ਰਤੀਨਿਧਤਾ ਕਰੇਗੀ, ਜਿਸ ਦੇ ਨਾਲ 3 ਦਸੰਬਰ, 2026 ਨੂੰ ਦਿੱਲੀ ਵਿੱਚ ਨੈਸ਼ਨਲ-ਲੈਵਲ ਫੈਸਟੀਵਲ ਵਿੱਚ ਹਿੱਸਾ ਲੈਣ ਦਾ ਅਵਸਰ ਮਿਲੇਗਾ। ਪ੍ਰਸ਼ਾਸਕ ਦੇ ਨਾਲ ਸਕੱਤਰ ਸਿੱਖਿਆ ਸੁਸ਼੍ਰੀ ਪ੍ਰੇਰਣਾ ਪੁਰੀ, ਡਾਇਰੈਕਟਰ ਸਕੂਲ ਸਿੱਖਿਆ ਸ਼੍ਰੀ ਨਿਤੀਸ਼ ਸਿੰਗਲਾ, ਅਤੇ ਸਕੂਲ ਸਿੱਖਿਆ ਵਿਭਾਗ, ਯੂ.ਟੀ. ਚੰਡੀਗੜ੍ਹ ਦੇ ਹੋਰ ਅਧਿਕਾਰੀ ਅਤੇ ਅਧਿਆਪਕ ਮੌਜੂਦ ਸਨ।

ਪੰਜਾਬ ਵਿੱਚ ਅਮਨ-ਕਾਨੂੰਨ ਦੀ ਸਥਿਤੀ ਚਿੰਤਾਜਨਕ: ਐਡਵੋਕੇਟ ਬਿਕਰਮ ਸਿੰਘ ਸਿੱਧੂ



ਲੁਧਿਆਣਾ, 5 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਭਾਜਪਾ ਪੰਜਾਬ ਦੇ ਕਾਰਜਕਾਰਨੀ ਮੈਂਬਰ ਅਤੇ ਸੀਨੀਅਰ ਐਡਵੋਕੇਟ ਬਿਕਰਮ ਸਿੰਘ ਸਿੱਧੂ ਨੇ ਪੰਜਾਬ ਦੀ ਮੌਜੂਦਾ ਕਾਨੂੰਨ ਵਿਵਸਥਾ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਸੂਬੇ ਵਿੱਚ ਕਤਲ, ਫਿਰੌਤੀਆਂ ਅਤੇ ਗੁੰਡਾਗਰਦੀ ਦੀਆਂ ਘਟਨਾਵਾਂ ਕਾਰਨ ਆਮ ਲੋਕਾਂ ਵਿੱਚ ਡਰ ਦਾ ਮਾਹੌਲ ਹੈ। ਉਨ੍ਹਾਂ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੌਰਾਨ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਉਣ ਵਿੱਚ ਪ੍ਰਸ਼ਾਸਨ ਨਾਕਾਮ ਰਿਹਾ ਹੈ।

ਉਨ੍ਹਾਂ ਲੁਧਿਆਣਾ ਸੈਂਟਰਲ ਹਲਕੇ ਵਿੱਚ ਇੱਕ ਨੌਜਵਾਨ ਲੜਕੀ ਵੱਲੋਂ ਖੁਦਕੁਸ਼ੀ ਕੀਤੇ ਜਾਣ ਦੇ ਮਾਮਲੇ ਦਾ ਜ਼ਿਕਰ ਕਰਦਿਆਂ ਦੋਸ਼ ਲਾਇਆ ਕਿ ਕਥਿਤ ਮੁਲਜ਼ਮ ਦੇਵਾਂਸ਼ੂ ਬੱਗਾ ਵੱਲੋਂ ਲੜਕੀ ਨੂੰ ਧਮਕਾਉਣ ਅਤੇ ਪ੍ਰੇਸ਼ਾਨ ਕਰਨ ਕਾਰਨ ਇਹ ਦੁਖਦਾਈ ਘਟਨਾ ਵਾਪਰੀ। ਉਨ੍ਹਾਂ ਅਨੁਸਾਰ, ਇਸ ਮਾਮਲੇ ਵਿੱਚ 3 ਨਵੰਬਰ 2026 ਨੂੰ ਦੇਵਾਂਸ਼ੂ ਬੱਗਾ ਅਤੇ ਕੁਝ ਹੋਰ ਵਿਅਕਤੀਆਂ ਖ਼ਿਲਾਫ਼ ਬੀਐਨਐਸ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਗਿਆ ਹੈ।

ਐਡਵੋਕੇਟ ਸਿੱਧੂ ਨੇ ਪੁਲਿਸ ਕਮਿਸ਼ਨਰ ਲੁਧਿਆਣਾ ਤੋਂ ਮੰਗ ਕੀਤੀ ਕਿ ਮਾਮਲੇ ਦੀ ਨਿਰਪੱਖ ਜਾਂਚ ਕਰਕੇ ਸਾਰੇ ਜ਼ਿੰਮੇਵਾਰ ਵਿਅਕਤੀਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਪੀੜਤ ਪਰਿਵਾਰ ਨੂੰ ਇਨਸਾਫ਼ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਪੁਲਿਸ ਨੇ ਤੁਰੰਤ ਕਾਰਵਾਈ ਨਾ ਕੀਤੀ ਤਾਂ ਉਹ ਆਮ ਲੋਕਾਂ ਨੂੰ ਨਾਲ ਲੈ ਕੇ ਪੁਲਿਸ ਕਮਿਸ਼ਨਰ ਦਫ਼ਤਰ ਅੱਗੇ ਪ੍ਰਦਰਸ਼ਨ ਕਰਨਗੇ ਅਤੇ ਮਾਮਲੇ ਦੀ ਨਿੱਜੀ ਪੱਧਰ 'ਤੇ ਪੈਰਵੀ ਵੀ ਕਰਨਗੇ।

ਉਨ੍ਹਾਂ ਕਿਹਾ ਕਿ ਪੁਲਿਸ ਦੀ ਮੁੱਖ ਜ਼ਿੰਮੇਵਾਰੀ ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਅਤੇ ਸ਼ਹਿਰ ਵਿੱਚ ਅਮਨ-ਕਾਨੂੰਨ ਕਾਇਮ ਰੱਖਣਾ ਹੈ। ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਨੂੰ ਅਜਿਹੀਆਂ ਘਟਨਾਵਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਦੋਸ਼ੀਆਂ ਖ਼ਿਲਾਫ਼ ਬਿਨਾਂ ਕਿਸੇ ਦਬਾਅ ਦੇ ਕਾਰਵਾਈ ਕਰਨੀ ਚਾਹੀਦੀ ਹੈ।

ਭਾਸ਼ਾ ਵਿਭਾਗ ਵੱਲੋਂ ਵਿਦਿਆਰਥੀਆਂ ਦੇ ਜ਼ਿਲ੍ਹਾ ਪੱਧਰੀ ਕਵਿਤਾ ਗਾਇਨ ਅਤੇ ਸਾਹਿਤ ਸਿਰਜਣ ਮੁਕਾਬਲੇ ਕਰਵਾਏ



ਫ਼ਤਹਿਗੜ੍ਹ ਸਾਹਿਬ, 4 ਨਵੰਬਰ
-ਜੀ. ਐਸ. ਤੁੰਗ-

ਵਿਦਿਆਰਥੀਆਂ ਦੀਆਂ ਸਿਰਜਣਾਤਮਕ ਅਤੇ ਸੁਹਜਾਤਮਕ ਰੁਚੀਆਂ ਨੂੰ ਪ੍ਰਫੁੱਲਿਤ ਕਰਨ ਦੇ ਉਦੇਸ਼ ਨਾਲ ਜ਼ਿਲ੍ਹਾ ਭਾਸ਼ਾ ਦਫ਼ਤਰ, ਫ਼ਤਹਿਗੜ੍ਹ ਸਾਹਿਬ ਵਲੋਂ ਵਿਦਿਆਰਥੀਆਂ ਦੇ ਪੰਜਾਬੀ ਕਵਿਤਾ ਗਾਇਨ ਅਤੇ ਸਾਹਿਤ ਸਿਰਜਣ ਦੇ ਜ਼ਿਲ੍ਹਾ ਪੱਧਰੀ ਮੁਕਾਬਲੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਕਰਵਾਏ ਗਏ।

ਇਨ੍ਹਾਂ ਮੁਕਾਬਲਿਆਂ ਵਿੱਚ ਜ਼ਿਲ੍ਹੇ ਭਰ ਦੇ ਸਰਕਾਰੀ, ਅਰਧ-ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਭਾਸ਼ਾ ਦਫ਼ਤਰ ਦੇ ਖੋਜ ਅਫ਼ਸਰ ਸੰਦੀਪ ਸਿੰਘ ਨੇ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਦਾ ਮੁੱਖ ਮੰਤਵ ਵਿਦਿਆਰਥੀਆਂ ਅੰਦਰ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਪ੍ਰਤੀ ਰੁਚੀ ਪੈਦਾ ਕਰਨ ਦੇ ਨਾਲ-ਨਾਲ ਉਨ੍ਹਾਂ ਦੀਆਂ ਕਲਾਤਮਕ ਅਤੇ ਸਾਹਿਤਕ ਪ੍ਰਤਿਭਾਵਾਂ ਨੂੰ ਮੰਚ ਪ੍ਰਦਾਨ ਕਰਨਾ ਹੈ।

ਉਨ੍ਹਾਂ ਦੱਸਿਆ ਕਿ ਪੰਜਾਬੀ ਕਵਿਤਾ ਗਾਇਨ ਮੁਕਾਬਲੇ ਵਿੱਚ ਸੇਂਟ ਫ਼ਰੀਦ ਪਬਲਿਕ ਸਕੂਲ ਦੀ ਵਿਦਿਆਰਥਣ ਸ਼ਗਨਪ੍ਰੀਤ ਕੌਰ ਨੇ ਪਹਿਲਾ, ਮਾਤਾ ਗੁਜਰੀ ਸਕੂਲ ਆਫ਼ ਐਮੀਨੈਂਸ ਦੇ ਵਿਦਿਆਰਥੀ ਜਸਪਿੰਦਰ ਸਿੰਘ ਨੇ ਦੂਜਾ ਅਤੇ ਇਸੇ ਸਕੂਲ ਦੀ ਵਿਦਿਆਰਥਣ ਪ੍ਰਭਜੋਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ।

ਕਹਾਣੀ ਰਚਨਾ ਮੁਕਾਬਲੇ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਲਾੜ੍ਹੀ ਕਲਾਂ ਦੀ ਵਿਦਿਆਰਥਣ ਸਵਨੀਤ ਕੌਰ ਨੇ ਪਹਿਲਾ, ਜੀਸਸ ਸੇਵੀਅਰਜ਼ ਸਕੂਲ, ਫ਼ਤਹਿਗੜ੍ਹ ਸਾਹਿਬ ਦੀ ਵਿਦਿਆਰਥਣ ਹਰਲੀਨ ਕੌਰ ਨੇ ਦੂਜਾ ਅਤੇ ਸਰਕਾਰੀ ਹਾਈ ਸਕੂਲ ਮਾਧੋਪੁਰ ਦੀ ਵਿਦਿਆਰਥਣ ਹਰਸਿਮਰਨ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

ਕਵਿਤਾ ਰਚਨਾ ਮੁਕਾਬਲੇ ਵਿੱਚ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ, ਬੱਸੀ ਪਠਾਣਾ ਦੀ ਵਿਦਿਆਰਥਣ ਸਿਮਰਨਜੀਤ ਕੌਰ ਨੇ ਪਹਿਲਾ, ਐੱਸ.ਐੱਨ.ਏ.ਐੱਸ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਮੰਡੀ ਗੋਬਿੰਦਗੜ੍ਹ ਦੀ ਵਿਦਿਆਰਥਣ ਸਿਮਰਨ ਮਿੱਤਲ ਨੇ ਦੂਜਾ ਅਤੇ ਬੀ.ਜੇ.ਐੱਸ.ਐੱਫ.ਐੱਸ. ਸੀਨੀਅਰ ਸੈਕੰਡਰੀ ਸਕੂਲ, ਫ਼ਤਹਿਗੜ੍ਹ ਸਾਹਿਬ ਦੇ ਵਿਦਿਆਰਥੀ ਮੁਹੰਮਦ ਆਬਿਦ ਨੇ ਤੀਜਾ ਸਥਾਨ ਹਾਸਲ ਕੀਤਾ।

ਇਸੇ ਤਰ੍ਹਾਂ ਲੇਖ ਰਚਨਾ ਮੁਕਾਬਲੇ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਕੋਟਲਾ ਬਜਵਾੜਾ ਦੀ ਵਿਦਿਆਰਥਣ ਤਮੰਨਾ ਨੇ ਪਹਿਲਾ, ਜੀਸਸ ਸੇਵੀਅਰਜ਼ ਸਕੂਲ ਦੇ ਵਿਦਿਆਰਥੀ ਸਮਰਪ੍ਰੀਤ ਸਿੰਘ ਨੇ ਦੂਜਾ ਅਤੇ ਸੇਂਟ ਫ਼ਰੀਦ ਪਬਲਿਕ ਸਕੂਲ ਦੀ ਵਿਦਿਆਰਥਣ ਹਰਨੀਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

ਮੁਕਾਬਲਿਆਂ ਦੇ ਹਰੇਕ ਵਰਗ ਵਿੱਚ ਪਹਿਲੇ ਤਿੰਨ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਕ੍ਰਮਵਾਰ 1000, 750 ਅਤੇ 500 ਰੁਪਏ ਦੀ ਨਕਦ ਇਨਾਮੀ ਰਾਸ਼ੀ ਦੇ ਨਾਲ-ਨਾਲ ਭਾਸ਼ਾ ਵਿਭਾਗ ਵੱਲੋਂ ਜਾਰੀ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।

ਪੰਜਾਬ ਪੁਲਿਸ ਨੇ ਸੂਬੇ ਭਰ ਦੇ 214 ਬੱਸ ਅੱਡਿਆਂ 'ਤੇ ਤਲਾਸ਼ੀ ਮੁਹਿੰਮ ਚਲਾਈ

ਚੰਡੀਗੜ੍ਹ, 5 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਅਨੁਸਾਰ ਸੂਬੇ ਭਰ ਵਿੱਚ ਦੀਵਾਲੀ ਦੇ ਤਿਉਹਾਰ ਨੂੰ ਸੁਰੱਖਿਅਤ ਅਤੇ ਸ਼ਾਂਤੀਪੂਰਵਕ ਢੰਗ ਨਾਲ ਮਨਾਉਣਾ ਯਕੀਨੀ ਬਣਾਉਣ ਲਈ, ਪੰਜਾਬ ਪੁਲਿਸ ਵੱਲੋਂ ਅੱਜ ਸੂਬੇ ਭਰ ਦੇ 214 ਬੱਸ ਅੱਡਿਆਂ 'ਤੇ ਘੇਰਾਬੰਦੀ ਅਤੇ ਤਲਾਸ਼ੀ ਮੁਹਿੰਮ (ਕਾਸੋ) ਚਲਾਈ ਗਈ।

ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਇਹ ਮੁਹਿੰਮ ਸੂਬੇ ਦੇ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ ਸਵੇਰੇ 10 ਵਜੇ ਤੋਂ ਦੁਪਹਿਰ 12 ਵਜੇ ਤੱਕ ਇੱਕੋ ਸਮੇਂ ਚਲਾਈ ਗਈ।

ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ (ਸਪੈਸ਼ਲ ਡੀਜੀਪੀ) ਕਾਨੂੰਨ ਅਤੇ ਵਿਵਸਥਾ ਪ੍ਰਵੀਨ ਸਿਨਹਾ, ਜੋ ਨਿੱਜੀ ਤੌਰ 'ਤੇ ਇਸ ਸੂਬਾ-ਪੱਧਰੀ ਅਪਰੇਸ਼ਨ ਦੀ ਨਿਗਰਾਨੀ ਕਰ ਰਹੇ ਸਨ, ਨੇ ਦੱਸਿਆ ਕਿ ਇਸ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਸਾਰੇ ਸੀਪੀਜ਼/ਐੱਸਐੱਸਪੀਜ਼ ਨੂੰ ਗਜ਼ਟਿਡ ਅਧਿਕਾਰੀਆਂ ਦੀ ਅਗਵਾਈ ਹੇਠ ਭਾਰੀ ਪੁਲਿਸ ਬਲ ਤਾਇਨਾਤ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।

ਉਨ੍ਹਾਂ ਦੱਸਿਆ ਕਿ ਸੂਬੇ ਦੇ ਬੱਸ ਅੱਡਿਆਂ 'ਤੇ ਚਲਾਈ ਗਈ ਇਸ ਮੁਹਿੰਮ ਦੌਰਾਨ 1161 ਸ਼ੱਕੀ ਵਿਅਕਤੀਆਂ ਦੀ ਤਲਾਸ਼ੀ ਲਈ ਗਈ।

ਸਪੈਸ਼ਲ ਡੀਜੀਪੀ ਨੇ ਜਾਣਕਾਰੀ ਦਿੱਤੀ ਕਿ 100 ਤੋਂ ਵੱਧ ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1500 ਤੋਂ ਵੱਧ ਪੁਲਿਸ ਮੁਲਾਜ਼ਮਾਂ ਵਾਲੀਆਂ 216 ਪੁਲਿਸ ਟੀਮਾਂ ਨੇ ਸੂਬੇ ਭਰ ਵਿੱਚ ਛਾਪੇਮਾਰੀ ਕੀਤੀ।

ਇਸ ਤੋਂ ਇਲਾਵਾ, ਪੁਲਿਸ ਟੀਮਾਂ ਨੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ 613ਵੇਂ ਦਿਨ ਅੱਜ 301 ਥਾਵਾਂ 'ਤੇ ਛਾਪੇਮਾਰੀ ਕੀਤੀ, ਜਿਸ ਦੌਰਾਨ ਸੂਬੇ ਭਰ ਵਿੱਚ 86 ਐਫਆਈਆਰਜ਼ ਦਰਜ ਕਰਕੇ 112 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਇਸ ਨਾਲ 613 ਦਿਨਾਂ ਦੇ ਅੰਦਰ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 91,031 ਤੱਕ ਪਹੁੰਚ ਗਈ ਹੈ।

ਸਪੈਸ਼ਲ ਡੀਜੀਪੀ ਨੇ ਦੱਸਿਆ ਕਿ ਇਸ ਛਾਪੇਮਾਰੀ ਦੌਰਾਨ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਕੋਲੋਂ 2.5 ਕਿਲੋ ਹੈਰੋਇਨ, 2.5 ਕਿਲੋ ਅਫ਼ੀਮ, 488 ਨਸ਼ੀਲੀਆਂ ਗੋਲੀਆਂ ਅਤੇ 2.24 ਲੱਖ ਰੁਪਏ ਡਰੱਗ ਮਨੀ ਬਰਾਮਦ ਕੀਤੀ ਗਈ ਹੈ।

ਅੰਬਰ ਐਂਟਰਪ੍ਰਾਇਜਿਜ਼ ਵੱਲੋਂ 80 ਅਸਾਮੀਆਂ ਦੀ ਭਰਤੀ ਲਈ 15 ਨਵੰਬਰ ਤੱਕ ਵਾਕ-ਇਨ ਇੰਟਰਵਿਊ

ਪਟਿਆਲਾ, 5 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਅੰਬਰ ਐਂਟਰਪ੍ਰਾਇਜਿਜ਼ ਵੱਲੋਂ 80 ਅਸਾਮੀਆਂ ਦੀ ਭਰਤੀ ਲਈ ਮਿਤੀ 27 ਅਕਤੂਬਰ ਤੋਂ ਕੀਤੀ ਜਾ ਰਹੀ ਵਾਕ-ਇਨ ਇੰਟਰਵਿਊ 15 ਨਵੰਬਰ ਤੱਕ ਕੀਤੀ ਜਾ ਰਹੀ।\

ਇਸ ਬਾਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰੋਜ਼ਗਾਰ ਉਤਪਤੀ ਹੁਨਰ ਵਿਕਾਸ ਅਤੇ ਸਿਖਲਾਈ ਵਿਭਾਗ ਦੇ ਡਿਪਟੀ ਡਾਇਰੈਕਟਰ ਰਵਿੰਦਰਪਾਲ ਸਿੰਘ ਨੇ ਦੱਸਿਆ ਕਿ ਅੰਬਰ ਐਂਟਰਪ੍ਰਾਇਜਿਜ਼ ਵੱਲੋਂ ਪੇਂਟਰ, ਵੈਲਡਰ ਅਤੇ ਪ੍ਰੈਸ ਉਪਰੇਟਰ ਲਈ 80 ਅਸਾਮੀਆਂ ਦੀ ਭਰਤੀ ਕੀਤੀ ਜਾਣੀ ਹੈ। ਇੰਟਰਵਿਊ ਲਈ ਵਿਦਿਅਕ ਯੋਗਤਾ 12ਵੀਂ, ਆਈ.ਟੀ.ਆਈ ਅਤੇ ਡਿਪਲੋਮਾ ਹੋਣਾ ਚਾਹੀਦਾ ਹੈ। ਪ੍ਰਾਰਥੀ ਦੀ ਉਮਰ 18 ਤੋਂ 45 ਸਾਲ ਤੇ ਇਹਨਾ ਅਸਾਮੀਆਂ ਲਈ ਲੜਕੇ-ਲੜਕੀਆਂ ਦੋਵੇ ਹੀ ਇੰਟਰਵਿਊ ਦੇ ਸਕਦੇ ਹਨ। ਪ੍ਰਾਰਥੀ ਨੂੰ ਯੋਗਤਾ ਅਨੁਸਾਰ 20,000 ਤੋਂ 25,000 ਤੱਕ ਤਨਖਾਹ ਦਿੱਤੀ ਜਾਵੇਗੀ। ਇੰਟਰਵਿਊ ਦਾ ਸਥਾਨ ਅੰਬਰ ਐਂਟਰਪ੍ਰਾਇਜਿਜ਼, ਪਲਾਟ ਨੰ: ਸੀ-12, ਫੋਕਲ ਪੁਆਇੰਟ ਰਾਜਪੁਰਾ ਹੈ।

ਹੋਰ ਵਧੇਰੇ ਜਾਣਕਾਰੀ ਲਈ ਅੰਬਰ ਕੰਪਨੀ ਦੇ ਦਫ਼ਤਰ ਦੇ ਨੰਬਰ 9276428485, 9216428446 ਤੇ ਸੰਪਰਕ ਕਰ ਸਕਦੇ ਹਨ। ਇਸ ਵਾਕ-ਇਨ ਇੰਟਰਵਿਊ ਲਈ ਕੋਈ ਟੀ.ਏ/ਡੀ.ਏ ਮਿਲਣਯੋਗ ਨਹੀ ਹੋਵੇਗਾ।

ਮੁਲਤਾਨੀ ਮਲ ਮੋਦੀ ਕਾਲਜ ਪਟਿਆਲਾ ਵੱਲੋਂ ਵਿਕਸਿਤ ਭਾਰਤ ਯੂਥ ਪਾਰਲੀਮੈਂਟ ਦਾ ਆਯੋਜਨ



ਪਟਿਆਲਾ, 5 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਮੇਰਾ ਯੁਵਾ ਭਾਰਤ ਅਤੇ ਮੁਲਤਾਨੀ ਮਲ ਮੋਦੀ ਕਾਲਜ ਪਟਿਆਲਾ ਵੱਲੋਂ ਵਿਕਸਿਤ ਭਾਰਤ ਯੂਥ ਪਾਰਲੀਮੈਂਟ ਦਾ ਆਯੋਜਨ ਕਾਨਫਰਸ ਹਾਲ ਮੁਲਤਾਨੀ ਮੁਲ ਮੋਦੀ ਕਾਲਜ ਪਟਿਆਲਾ ਵਿਖੇ ਕੀਤਾ ਗਿਆ। ਪ੍ਰੋਗਰਾਮ ਵਿੱਚ ਡਾਕਟਰ ਨੀਰਜ ਗੋਇਲ ਪ੍ਰਿੰਸੀਪਲ ਮੁਲਤਾਨੀ ਮਲ ਮੋਦੀ ਕਾਲਜ ਪਟਿਆਲਾ ਜੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਪ੍ਰੋਗਰਾਮ ਵਿੱਚ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਕਾਲਜਾਂ ਤੇ ਯੂਨੀਵਰਸਿਟੀ ਵਿੱਚੋਂ ਲਗਭਗ 60 ਨੌਜਵਾਨਾਂ ਨੇ ਇੱਕ ਰਾਸ਼ਟਰ ਇੱਕ ਮਤਦਾਨ ਵਿਸ਼ੇ ਉੱਤੇ ਆਪਣਾ ਭਾਸ਼ਣ ਦਿੱਤਾ। ਭਾਸ਼ਣ ਪ੍ਰਤੋਗਿਤਾ ਵਿੱਚ ਪਹਿਲਾ ਸਥਾਨ ਮਨਬੀਰ ਕੌਰ ਦੂਜਾ ਸਥਾਨ ਏਕਮ ਪ੍ਰੀਤ ਕੌਰ ਤੀਜਾ ਸਥਾਨ ਖੁਸ਼ੀ ਨੂੰ ਹਾਸਿਲ ਹੋਇਆ। ਪ੍ਰੋਗਰਾਮ ਵਿੱਚ ਡਾਕਟਰ ਅਭਿਨਵ ਭੰਡਾਰੀ ਡਾਕਟਰ ਜਸਵਿੰਦਰ ਕੌਰ ਸ਼੍ਰੀਮਤੀ ਬਲਜਿੰਦਰ ਕੌਰ ਔਜਲਾ, ਡਾਕਟਰ ਰੁਪਿੰਦਰ ਸ਼ਰਮਾ, ਅਤੇ ਡਾਕਟਰ ਪ੍ਰੀਤੀ ਭਾਟੀਆ ਜੀ ਵੱਲੋਂ ਜੱਜ ਦੀ ਭੂਮਿਕਾ ਨਿਭਾਈ ਗਈ। ਸਟੇਜ ਦਾ ਸੰਚਾਲਨ ਮੁਲਤਾਨੀ ਮਲ ਮੋਦੀ ਕਾਲਜ ਦੀ ਵਿਦਿਆਰਥਨਾ ਅਮਨਜੋਤ ਕੌਰ ਦਿਲਜੀਤ ਕੌਰ ਅਤੇ ਸਮ੍ਰਿਤੀ ਸਿੰਗਲਾ ਵੱਲੋਂ ਕੀਤਾ ਗਿਆ। ਪ੍ਰੋਗਰਾਮ ਦਾ ਆਯੋਜਨ ਵਿਚ ਜਿਲਾ ਯੂਥ ਅਫਸਰ ਕਾਰਤਿਕ ਸਿੰਗਲਾ, ਲੇਖਪਾਲ ਜਿਤੇਂਦਰਾ ਕੁਮਾਰ ਤੇ ਦਫ਼ਤਰ ਸਹਾਇਕ ਇੰਦਰਪ੍ਰੀਤ ਸਿੰਘ ਨੇ ਮੁੱਖ ਭੂਮਿਕਾ ਨਿਭਾਇ। ਪ੍ਰੋਗਰਾਮ ਦੇ ਸੁਚਾਰੂ ਸੰਚਾਲਨ ਵਿੱਚ ਮੇਰਾ ਯੁਵਾ ਭਾਰਤ ਦੇ ਵੋਲੰਟੀਅਰਾਂ ਨੇ ਅਹਿਮ ਭੂਮਿਕਾ ਨਿਭਾਈ ਜਿਸ ਵਿੱਚ ਲਵਿਆ ਕੇਸ਼ਵ ਹਾਰਦਿਕ ਸ਼ਿਵਮ ਸਿਮਰਨ ਤੇ ਰਜਨੀ ਸ਼ਾਮਲ ਸਨ। ਕਾਲਜ ਵੱਲੋਂ ਡਾਕਟਰ ਸੰਜੀਵ ਕੁਮਾਰ ਨੇ ਕਾਰੇਕਰਮ ਦੇ ਸੁਚਾਰੂ ਆਯੋਜਨ ਵਿੱਚ ਮੁੱਖ ਭੂਮਿਕਾ ਨਿਭਾਈ। ਪ੍ਰੋਗਰਾਮ ਦੇ ਅੰਤ ਵਿੱਚ ਪਹਿਲੇ ਦੂਜੇ ਤੇ ਤੀਜੇ ਸਥਾਨ ਤੇ ਆਉਣ ਵਾਲੇ ਨੌਜਵਾਨਾਂ ਨੂੰ ਟਰੋਫੀ ਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ ਤੇ ਨਾਲ ਹੀ ਸਾਰੇ ਪ੍ਰਤਿਭਾਗੀਆ ਨੂੰ ਸਰਟੀਫਿਕੇਟ ਦੇ ਕੇ ਹੌਸਲਾ ਅਫਜਾਈ ਕੀਤੀ ਗਈ। ਪਹਿਲੇ ਤਿੰਨ ਸਥਾਨ ਤੇ ਰਹਿਣ ਵਾਲੇ ਨੌਜਵਾਨ ਪਟਿਆਲਾ ਜ਼ਿਲ੍ਹੇ ਦਾ ਰਾਜ ਪੱਧਰੀ ਮੁਕਾਬਲੇ ਵਿੱਚ ਪ੍ਰਤੀਨਿਧ ਕਰਨਗੇ।

ਕੇਂਦਰੀ ਏਜੰਸੀਆਂ ਭਾਜਪਾ ਦੇ ਇਸ਼ਾਰੇ ਉੱਤੇ 'ਆਪ' ਆਗੂਆਂ ਖ਼ਿਲਾਫ਼ ਛਾਪੇ ਮਾਰ ਰਹੀਆਂ ਹਨ, ਪਰ ਕੁਝ ਨਹੀਂ ਲੱਭ ਰਿਹਾ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

➢ ਭਾਜਪਾ ਅਤੇ ਇਸ ਦੀਆਂ ਏਜੰਸੀਆਂ ਜਿੰਨੇ ਮਰਜ਼ੀ ਛਾਪੇ ਮਾਰ ਲੈਣ, ਅਸੀਂ ਪੰਜਾਬ ਦੇ ਲੋਕਾਂ ਲਈ ਕੰਮ ਕਰਨਾ ਨਹੀਂ ਛੱਡਾਂਗੇ ➢ ਕੇਂਦਰ ਸਰਕਾਰ ਸਿਆਸੀ ਬਦਲਾਖ਼ੋਰੀ ਦੀ ਬਜਾਏ ਲੋਕਾਂ ਵੱਲ ਧਿਆਨ ਦੇਵੇ

ਚੰਡੀਗੜ੍ਹ, 5 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ 'ਆਪ' ਆਗੂਆਂ ਵਿਰੁੱਧ ਕੇਂਦਰੀ ਏਜੰਸੀਆਂ ਦੀਆਂ ਲਗਾਤਾਰ ਛਾਪੇਮਾਰੀਆਂ ਨੂੰ ਲੈ ਕੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ 'ਤੇ ਤਿੱਖੇ ਹਮਲੇ ਕਰਦਿਆਂ ਆਖਿਆ ਕਿ ਭਾਜਪਾ ਅਤੇ ਇਸ ਦੀਆਂ ਏਜੰਸੀਆਂ ਭਾਵੇਂ ਜਿੰਨੇ ਮਰਜ਼ੀ ਛਾਪੇ ਮਾਰ ਲੈਣ, ਪਰ ਕੋਈ ਵੀ ਚੀਜ਼ 'ਆਪ' ਸਰਕਾਰ ਨੂੰ ਪੰਜਾਬ ਦੇ ਲੋਕਾਂ ਲਈ ਦਿਨ-ਰਾਤ ਮਿਹਨਤ ਕਰਨ ਤੋਂ ਨਹੀਂ ਰੋਕ ਸਕਦੀ। 'ਆਪ' ਵਿਧਾਇਕ ਡਾ. ਅਮਨਦੀਪ ਕੌਰ ਦੇ ਘਰ ਹੋਈ ਛਾਪੇਮਾਰੀ 'ਤੇ ਪ੍ਰਤੀਕਰਮ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭਾਜਪਾ ਵੱਲੋਂ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਕਰ ਕੇ ਵਿਰੋਧੀ ਆਗੂਆਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ ਅਤੇ ਵਿਰੋਧ ਦੀ ਆਵਾਜ਼ ਨੂੰ ਦਬਾਇਆ ਜਾ ਰਿਹਾ ਹੈ, ਪਰ ਇਮਾਨਦਾਰੀ ਅਤੇ ਸਮਰਪਣ ਨਾਲ ਲੋਕਾਂ ਦੀ ਸੇਵਾ ਕਰ ਰਹੇ 'ਆਪ' ਆਗੂਆਂ ਵਿਰੁੱਧ ਜਾਂਚ ਏਜੰਸੀਆਂ ਨੂੰ ਕੁੱਝ ਨਹੀਂ ਮਿਲੇਗਾ।

ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਡਰਾਵੇ, ਸਿਆਸੀ ਬਦਲਾਖ਼ੋਰੀ ਅਤੇ ਸਾਜ਼ਿਸ਼ਾਂ ਨਾ ਤਾਂ 'ਆਪ' ਨੂੰ ਕਮਜ਼ੋਰ ਕਰ ਸਕਦੀਆਂ ਹਨ ਅਤੇ ਨਾ ਹੀ ਪੰਜਾਬ ਦੇ ਵਿਕਾਸ ਦੇ ਏਜੰਡੇ ਨੂੰ ਲੀਹੋਂ ਲਾਹ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੂੰ ਸਿਆਸੀ ਬਦਲਾਖ਼ੋਰੀ ਲਈ ਜਾਂਚ ਏਜੰਸੀਆਂ ਦੀ ਦੁਰਵਰਤੋਂ ਕਰਨ ਦੀ ਬਜਾਏ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਵੱਲ ਧਿਆਨ ਦੇਣਾ ਚਾਹੀਦਾ ਹੈ।

ਇੱਥੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵਿਰੋਧੀ ਆਗੂਆਂ ਨੂੰ ਡਰਾਉਣ ਅਤੇ ਸਰਕਾਰ ਦੀਆਂ ਨੀਤੀਆਂ 'ਤੇ ਸਵਾਲ ਉਠਾਉਣ ਵਾਲਿਆਂ ਦੀ ਆਵਾਜ਼ ਨੂੰ ਚੁੱਪ ਕਰਾਉਣ ਲਈ ਕੇਂਦਰੀ ਜਾਂਚ ਏਜੰਸੀਆਂ ਨੂੰ ਸਿਆਸੀ ਹਥਿਆਰ ਵਜੋਂ ਵਰਤ ਰਹੀ ਹੈ। ਇਹ ਏਜੰਸੀਆਂ ਆਪਣੇ ਸਿਆਸੀ ਮਾਲਕਾਂ ਦੇ ਇਸ਼ਾਰੇ 'ਤੇ ਛਾਪੇ ਮਾਰਨ ਲਈ ਆਜ਼ਾਦ ਹਨ, ਪਰ ਇਨ੍ਹਾਂ ਨੂੰ 'ਆਪ' ਆਗੂਆਂ ਵਿਰੁੱਧ ਕੁੱਝ ਨਹੀਂ ਮਿਲੇਗਾ, ਜੋ ਇਮਾਨਦਾਰੀ ਨਾਲ ਕੰਮ ਕਰ ਰਹੇ ਹਨ ਅਤੇ ਆਪਣੀ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾ ਰਹੇ ਹਨ।

ਮੁੱਖ ਮੰਤਰੀ ਨੇ ਆਖਿਆ, ਅਜਿਹੇ ਹਥਕੰਡੇ ਨਾ ਤਾਂ ਆਮ ਆਦਮੀ ਪਾਰਟੀ ਨੂੰ ਡਰਾ ਸਕਦੇ ਹਨ ਅਤੇ ਨਾ ਪੰਜਾਬ ਦੇ ਲੋਕਾਂ ਦੀ ਸੇਵਾ ਕਰਨ ਪ੍ਰਤੀ ਸਾਡੀ ਵਚਨਬੱਧਤਾ ਨੂੰ ਕਮਜ਼ੋਰ ਕਰ ਸਕਦੇ ਹਨ। ਪੰਜਾਬ ਦੇ ਲੋਕਾਂ ਨੇ ਸਾਨੂੰ ਬਦਲਾਅ ਅਤੇ ਵਿਕਾਸ ਲਈ ਫਤਵਾ ਦਿੱਤਾ ਹੈ ਅਤੇ ਸਿਆਸੀ ਧੱਕੇਸ਼ਾਹੀ ਦਾ ਕੋਈ ਵੀ ਹਰਬਾ ਇਸ ਮਿਸ਼ਨ ਨੂੰ ਰੋਕ ਨਹੀਂ ਸਕਦਾ।

ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੂੰ ਘੇਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਿਆਸੀ ਹਿਸਾਬ-ਕਿਤਾਬ ਬਰਾਬਰ ਕਰਨ ਲਈ ਜਾਂਚ ਏਜੰਸੀਆਂ ਦੀ ਵਰਤੋਂ ਕਰਨ ਦੀ ਬਜਾਏ ਕੇਂਦਰ ਸਰਕਾਰ ਨੂੰ ਲੋਕਾਂ ਦੀਆਂ ਮੁਸ਼ਕਲਾਂ ਹੱਲ ਕਰਨ 'ਤੇ ਧਿਆਨ ਦੇਣਾ ਚਾਹੀਦਾ ਹੈ। ਸਿਆਸੀ ਸਾਜ਼ਿਸ਼ਾਂ ਅਤੇ ਦਬਾਅ ਦੀਆਂ ਚਾਲਾਂ ਸਾਨੂੰ ਪੰਜਾਬੀਆਂ ਨਾਲ ਕੀਤੇ ਵਾਅਦੇ ਪੂਰੇ ਕਰਨ ਤੋਂ ਪਾਸੇ ਨਹੀਂ ਹਟਾ ਸਕਦੀਆਂ।

ਸਿਆਸੀ ਰੈਲੀਆਂ ਬਾਰੇ ਪੁੱਛੇ ਸਵਾਲ ਦੇ ਜਵਾਬ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਰਾਹੁਲ ਗਾਂਧੀ ਸਮੇਤ ਹਰ ਸਿਆਸੀ ਆਗੂ ਰੈਲੀਆਂ ਕਰਨ ਅਤੇ ਆਪਣੇ ਜਮਹੂਰੀ ਹੱਕਾਂ ਦੀ ਵਰਤੋਂ ਕਰਨ ਲਈ ਪੂਰੀ ਤਰ੍ਹਾਂ ਆਜ਼ਾਦ ਹੈ। ਲੋਕਤੰਤਰ ਵਿਚਾਰ ਪ੍ਰਗਟਾਵੇ ਅਤੇ ਸਿਆਸੀ ਸਰਗਰਮੀਆਂ ਵਿੱਚ ਹਿੱਸਾ ਲੈਣ ਦੀ ਆਜ਼ਾਦੀ ਨਾਲ ਹੀ ਪ੍ਰਫੁੱਲਤ ਹੁੰਦਾ ਹੈ ਅਤੇ ਹਰ ਕਿਸੇ ਨੂੰ ਅਜਿਹਾ ਕਰਨ ਦਾ ਸੰਵਿਧਾਨਕ ਅਧਿਕਾਰ ਪ੍ਰਾਪਤ ਹੈ।

ਇੱਕ ਹੋਰ ਸਵਾਲ ਦੇ ਜਵਾਬ ਵਿੱਚ ਮੁੱਖ ਮੰਤਰੀ ਨੇ ਕਿਹਾ, ਕੇਵਲ ਵਿਧਾਇਕ ਬਣ ਜਾਣਾ ਹੀ ਕਾਫ਼ੀ ਨਹੀਂ ਹੈ। ਚੁਣੇ ਹੋਏ ਨੁਮਾਇੰਦਿਆਂ ਦੀ ਇਹ ਵੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਆਪਣੀ ਪਾਰਟੀ ਨਾਲ ਮਜ਼ਬੂਤੀ ਨਾਲ ਖੜ੍ਹੇ ਰਹਿਣ, ਇਸ ਦੇ ਅਸੂਲਾਂ ਦੀ ਪਾਲਣਾ ਕਰਨ ਅਤੇ ਜਥੇਬੰਦਕ ਸਰਗਰਮੀਆਂ ਵਿੱਚ ਸਰਗਰਮ ਯੋਗਦਾਨ ਪਾਉਣ। ਸਿਆਸੀ ਜ਼ਿੰਮੇਵਾਰੀ ਸਿਰਫ਼ ਚੋਣ ਜਿੱਤਣ ਤੱਕ ਸੀਮਤ ਨਹੀਂ ਹੁੰਦੀ।

'ਆਪ' ਸਰਕਾਰ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਾਰੀ ਸਰਕਾਰ ਨੇ ਆਮ ਆਦਮੀ ਕਲੀਨਿਕਾਂ, ਬਿਹਤਰ ਸਰਕਾਰੀ ਸਕੂਲਾਂ ਅਤੇ ਪੂਰੇ ਪੰਜਾਬ ਵਿੱਚ ਦੋ ਹਜ਼ਾਰ ਤੋਂ ਵੱਧ ਖੇਡ ਮੈਦਾਨਾਂ ਦੇ ਵਿਕਾਸ ਰਾਹੀਂ ਲੋਕ ਸੇਵਾ ਦੇ ਖੇਤਰ ਵਿੱਚ ਵੱਡੀ ਤਬਦੀਲੀ ਲਿਆਂਦੀ ਹੈ। ਅਸੀਂ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ, ਮਿਆਰੀ ਸਿੱਖਿਆ ਅਤੇ ਆਧੁਨਿਕ ਬੁਨਿਆਦੀ ਢਾਂਚਾ ਮੁਹੱਈਆ ਕਰਵਾਉਣ ਲਈ ਲਗਾਤਾਰ ਕੰਮ ਕਰ ਰਹੇ ਹਾਂ।

ਮੁੱਖ ਮੰਤਰੀ ਨੇ ਅੱਗੇ ਕਿਹਾ, ਸਾਡੀ ਸਰਕਾਰ ਨੇ ਸੀਚੇਵਾਲ ਮਾਡਲ ਰਾਹੀਂ ਨਾਲਿਆਂ ਦੀ ਸਫ਼ਾਈ ਦਾ ਕੰਮ ਕੀਤਾ ਹੈ ਅਤੇ ਉਨ੍ਹਾਂ ਖੇਤਰਾਂ ਵਿੱਚ ਨਹਿਰੀ ਪਾਣੀ ਦੀ ਸਹੂਲਤ ਨੂੰ ਬਹਾਲ ਕੀਤਾ ਹੈ, ਜੋ ਦਹਾਕਿਆਂ ਤੱਕ ਇਸ ਜੀਵਨ ਰੇਖਾ ਤੋਂ ਵਾਂਝੇ ਸਨ। ਇਹ ਉਪਰਾਲੇ ਪੁਰਾਣੀਆਂ ਸਮੱਸਿਆਵਾਂ ਹੱਲ ਕਰਨ ਅਤੇ ਵਿਕਾਸ ਦਾ ਲਾਭ ਪੰਜਾਬ ਦੇ ਹਰ ਕੋਨੇ ਤੱਕ ਪਹੁੰਚਾਉਣ ਦੀ ਸਾਡੀ ਵਚਨਬੱਧਤਾ ਨੂੰ ਦਰਸਾਉਂਦੇ ਹਨ।

ਕਿਸਾਨਾਂ ਨੂੰ ਸਵੇਰ ਦੇ ਸਮੇਂ ਮਿਲ ਰਹੀ ਹੈ ਬਿਜਲੀ, ਜਿਸ ਨਾਲ ਮਿਲੀ ਵੱਡੀ ਰਾਹਤ

ਕਿਸਾਨ ਭਾਈਚਾਰੇ ਪ੍ਰਤੀ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਦੇ ਕਿਸਾਨਾਂ ਨੂੰ ਹੁਣ ਸਵੇਰ ਦੇ ਸਮੇਂ ਬਿਜਲੀ ਮਿਲ ਰਹੀ ਹੈ, ਜਿਸ ਨਾਲ ਉਨ੍ਹਾਂ ਨੂੰ ਬਹੁਤ ਵੱਡੀ ਰਾਹਤ ਮਿਲੀ ਹੈ। ਸਾਡੀ ਸਰਕਾਰ ਕਿਸਾਨਾਂ ਨੂੰ ਦਰਪੇਸ਼ ਮੁਸ਼ਕਲਾਂ ਨੂੰ ਚੰਗੀ ਤਰ੍ਹਾਂ ਸਮਝਦੀ ਹੈ ਅਤੇ ਖੇਤੀਬਾੜੀ ਸਹੂਲਤਾਂ ਨੂੰ ਬਿਹਤਰ ਬਣਾਉਣ ਅਤੇ ਇਹ ਯਕੀਨੀ ਬਣਾਉਣ ਲਈ ਹਰ ਸੰਭਵ ਯਤਨ ਕਰ ਰਹੀ ਹੈ ਕਿ ਉਨ੍ਹਾਂ ਨੂੰ ਕਿਸੇ ਕਿਸਮ ਦੀ ਬੇਲੋੜੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਰੋਜ਼ਾਨਾ ਲਗਪਗ ਦੋ ਹਜ਼ਾਰ ਸ਼ਰਧਾਲੂ ਕਰ ਰਹੇ ਹਨ ਧਾਰਮਿਕ ਸਥਾਨਾਂ ਦੇ ਦਰਸ਼ਨ

ਧਾਰਮਿਕ ਸੈਰ-ਸਪਾਟੇ ਨੂੰ ਹੁਲਾਰਾ ਦੇਣ ਅਤੇ ਤੀਰਥ ਯਾਤਰਾਵਾਂ ਨੂੰ ਸੁਖਾਲਾ ਬਣਾਉਣ ਪ੍ਰਤੀ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਰੋਜ਼ਾਨਾ ਲਗਪਗ 50 ਬੱਸਾਂ ਚੱਲ ਰਹੀਆਂ ਹਨ, ਜਿਨ੍ਹਾਂ ਰਾਹੀਂ ਲਗਪਗ ਦੋ ਹਜ਼ਾਰ ਸ਼ਰਧਾਲੂ ਪੰਜਾਬ ਵਿੱਚ ਅਤੇ ਬਾਹਰ ਸਥਿਤ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰ ਰਹੇ ਹਨ।

ਮੁੱਖ ਮੰਤਰੀ ਨੇ ਅੱਗੇ ਕਿਹਾ, ਸਾਡੀ ਸਰਕਾਰ ਇਹ ਯਕੀਨੀ ਬਣਾਉਣ ਲਈ ਵਚਨਬੱਧ ਹੈ ਕਿ ਸਮਾਜ ਦੇ ਹਰ ਵਰਗ ਦੇ ਲੋਕ ਪੂਰੇ ਸਨਮਾਨ ਅਤੇ ਸਹੂਲਤ ਨਾਲ ਧਾਰਮਿਕ ਯਾਤਰਾਵਾਂ ਕਰ ਸਕਣ। ਇਸ ਉਪਰਾਲੇ ਦਾ ਮੁੱਖ ਮੰਤਵ ਉਨ੍ਹਾਂ ਸ਼ਰਧਾਲੂਆਂ ਨੂੰ ਸਹੂਲਤ ਦੇਣਾ ਹੈ, ਜੋ ਪਵਿੱਤਰ ਅਸਥਾਨਾਂ ਦੇ ਦਰਸ਼ਨ ਕਰਨਾ ਚਾਹੁੰਦੇ ਹਨ।

ਏਸ਼ੀਅਨ ਚੈਂਪੀਅਨਜ਼ ਟਰਾਫ਼ੀ ਵਿੱਚ ਹਾਕੀ ਪ੍ਰਤੀ ਪੰਜਾਬ ਦੀ ਦੀਵਾਨਗੀ ਝਲਕੀ

ਏਸ਼ੀਅਨ ਚੈਂਪੀਅਨਜ਼ ਟਰਾਫ਼ੀ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਖੇਡ ਪ੍ਰੇਮੀਆਂ ਨੂੰ ਭਾਰਤ ਅਤੇ ਕੋਰੀਆ ਵਿਚਕਾਰ ਹੋਣ ਵਾਲੇ ਰੋਮਾਂਚਕ ਸੈਮੀਫਾਈਨਲ ਮੁਕਾਬਲੇ ਦੇਖਣ ਦਾ ਖੁੱਲ੍ਹਾ ਸੱਦਾ ਦਿੱਤਾ।

ਮੁੱਖ ਮੰਤਰੀ ਨੇ ਕਿਹਾ, ਟੂਰਨਾਮੈਂਟ ਨੂੰ ਮਿਲ ਰਹੇ ਭਰਵੇਂ ਜਨਤਕ ਹੁੰਗਾਰੇ ਅਤੇ ਅੰਤਰਰਾਸ਼ਟਰੀ ਹਾਕੀ ਦਿੱਗਜ਼ਾਂ ਦੀ ਮੌਜੂਦਗੀ ਨੇ ਇਕ ਵਾਰ ਫਿਰ ਹਾਕੀ ਪ੍ਰਤੀ ਪੰਜਾਬ ਦੇ ਬੇਮਿਸਾਲ ਜਨੂੰਨ ਨੂੰ ਸਾਬਤ ਕਰ ਦਿੱਤਾ ਹੈ। ਪੰਜਾਬ ਦਾ ਖੇਡਾਂ ਦਾ ਅਮੀਰ ਵਿਰਸਾ ਰਿਹਾ ਹੈ ਅਤੇ ਸਾਡੀ ਸਰਕਾਰ ਵਿਸ਼ਵ ਪੱਧਰੀ ਖੇਡ ਬੁਨਿਆਦੀ ਢਾਂਚੇ ਅਤੇ ਖੇਡਾਂ ਨੂੰ ਉਤਸ਼ਾਹਿਤ ਕਰਨ ਵਾਲੇ ਉਪਰਾਲਿਆਂ ਰਾਹੀਂ ਇਸ ਵਿਰਸੇ ਨੂੰ ਹੋਰ ਮਜ਼ਬੂਤ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਉਨ੍ਹਾਂ ਅੱਗੇ ਕਿਹਾ, ਪੰਜਾਬ ਦਾ ਖੇਡ ਵਿਰਸਾ, ਆਧੁਨਿਕ ਬੁਨਿਆਦੀ ਢਾਂਚੇ ਅਤੇ ਸਰਕਾਰੀ ਸਹਿਯੋਗ ਨਾਲ ਮਿਲ ਕੇ ਸੂਬੇ ਨੂੰ ਇੱਕ ਪ੍ਰਮੁੱਖ ਖੇਡ ਕੇਂਦਰ ਵਜੋਂ ਉਭਾਰ ਰਿਹਾ ਹੈ। ਅਸੀਂ ਚਾਹੁੰਦੇ ਹਾਂ ਕਿ ਸਾਡੇ ਨੌਜਵਾਨ ਖੇਡਾਂ ਵਿੱਚ ਮੱਲਾਂ ਮਾਰਨ ਅਤੇ ਕੌਮੀ ਤੇ ਕੌਮਾਂਤਰੀ ਪੱਧਰ 'ਤੇ ਪੰਜਾਬ ਦਾ ਨਾਮ ਰੌਸ਼ਨ ਕਰਨ।

ਪੰਜਾਬੀਆਂ ਪ੍ਰਤੀ ਜ਼ਿੰਮੇਵਾਰੀਆਂ ਤੋਂ ਭੱਜਣ ਲਈ ਕਦੇ ਵੀ ਖ਼ਜ਼ਾਨਾ ਖ਼ਾਲੀ ਹੋਣ ਦਾ ਬਹਾਨਾ ਨਹੀਂ ਬਣਾਵਾਂਗੇ

ਲੋਕ ਵਾਅਦਿਆਂ ਨੂੰ ਪੂਰਾ ਕਰਨ ਵਿੱਚ ਵਿੱਤੀ ਅੰਕੜਿਆਂ ਦੇ ਬਹਾਨੇ ਨੂੰ ਮੁੱਢੋਂ ਖਾਰਜ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਾਡੀ ਸਰਕਾਰ ਲੋਕਾਂ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਤੋਂ ਬਚਣ ਲਈ ਕਦੇ ਵੀ ਸਰਕਾਰੀ ਖ਼ਜ਼ਾਨਾ ਖ਼ਾਲੀ ਹੋਣ ਦੇ ਬਹਾਨੇ ਪਿੱਛੇ ਨਹੀਂ ਲੁਕੇਗੀ। ਲੋਕ ਭਲਾਈ ਸਾਡੀ ਸਭ ਤੋਂ ਵੱਡੀ ਤਰਜੀਹ ਹੈ ਅਤੇ ਅਸੀਂ ਮੁਲਾਜ਼ਮਾਂ, ਕਿਸਾਨਾਂ, ਨੌਜਵਾਨਾਂ ਅਤੇ ਸਮਾਜ ਦੇ ਹਰ ਵਰਗ ਦੀਆਂ ਉਮੀਦਾਂ ਨੂੰ ਪੂਰਾ ਕਰਨ ਲਈ ਹਰ ਸੰਭਵ ਕੋਸ਼ਿਸ਼ ਕਰਾਂਗੇ।

ਮੁੱਖ ਮੰਤਰੀ ਨੇ ਦਾਅਵਾ ਕੀਤਾ, ਪੰਜਾਬ ਦੇ ਲੋਕਾਂ ਨੇ ਸਾਨੂੰ ਉਨ੍ਹਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਦੀ ਜ਼ਿੰਮੇਵਾਰੀ ਸੌਂਪੀ ਹੈ ਅਤੇ ਅਸੀਂ ਉਸ ਭਰੋਸੇ 'ਤੇ ਪੂਰਾ ਉਤਰਨ ਲਈ ਦ੍ਰਿੜ੍ਹ ਸੰਕਲਪ ਹਾਂ। ਸਾਡੀ ਸਰਕਾਰ ਆਪਣੀਆਂ ਜ਼ਿੰਮੇਵਾਰੀਆਂ ਤੋਂ ਭੱਜੇ ਬਿਨਾਂ ਵਿਸ਼ਾਲ ਲੋਕ ਹਿੱਤ ਵਿੱਚ ਫੈਸਲੇ ਲੈਣਾ ਜਾਰੀ ਰੱਖੇਗੀ।

ਪੰਜਾਬ ਦੇ ਅਕਸ ਨੂੰ ਦਾਗਦਾਰ ਕਰਨ ਵਾਲੇ ਬਿਆਨਾਂ 'ਤੇ ਸਖ਼ਤ ਇਤਰਾਜ਼ ਜਤਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਉਨ੍ਹਾਂ ਲੋਕਾਂ ਦੀ ਸਖ਼ਤ ਆਲੋਚਨਾ ਕੀਤੀ, ਜੋ ਤੱਥਾਂ ਨੂੰ ਤੋੜ-ਮਰੋੜ ਕੇ ਸੂਬੇ ਅਤੇ ਇਸ ਦੇ ਲੋਕਾਂ ਦੀ ਤਸਵੀਰ ਖ਼ਰਾਬ ਕਰਨ ਦੀ ਕੋਸ਼ਿਸ਼ ਕਰ ਰਹੇ ਹਨ।

ਉਨ੍ਹਾਂ ਕਿਹਾ, ਪੰਜਾਬ ਅਤੇ ਇਸ ਦੇ ਲੋਕ ਸਤਿਕਾਰ ਦੇ ਹੱਕਦਾਰ ਹਨ ਅਤੇ ਤੱਥਾਂ ਨੂੰ ਤੋੜ-ਮਰੋੜ ਕੇ ਉਨ੍ਹਾਂ ਦੇ ਅਕਸ ਨੂੰ ਢਾਹ ਲਾਉਣ ਦੀਆਂ ਕੋਸ਼ਿਸ਼ਾਂ ਬਰਦਾਸ਼ਤਯੋਗ ਨਹੀਂ ਹਨ। ਸਾਡੀ ਸਰਕਾਰ ਪੰਜਾਬੀਆਂ ਦੇ ਹਿੱਤਾਂ ਅਤੇ ਸਨਮਾਨ ਦੀ ਰੱਖਿਆ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

40 ਉਮੀਦਵਾਰਾਂ ਦਾ ਐਲਾਨ ਜਥੇਬੰਦਕ ਪ੍ਰਕਿਰਿਆ ਦਾ ਹਿੱਸਾ

ਉਮੀਦਵਾਰਾਂ ਦੇ ਐਲਾਨ ਬਾਰੇ ਪੁੱਛੇ ਸਵਾਲ ਦੇ ਜਵਾਬ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 40 ਉਮੀਦਵਾਰਾਂ ਦਾ ਐਲਾਨ ਚੱਲ ਰਹੀ ਜਥੇਬੰਦਕ ਪ੍ਰਕਿਰਿਆ ਦਾ ਹਿੱਸਾ ਹੈ ਅਤੇ ਬਾਕੀ ਰਹਿੰਦੇ ਨਾਵਾਂ ਦਾ ਐਲਾਨ ਵੀ ਸਮਾਂ ਆਉਣ 'ਤੇ ਕਰ ਦਿੱਤਾ ਜਾਵੇਗਾ।

ਪੰਜਾਬ ਦੀ ਤਰੱਕੀ ਪ੍ਰਤੀ 'ਆਪ' ਸਰਕਾਰ ਦਾ ਸੰਕਲਪ ਦੁਹਰਾਉਂਦਿਆਂ ਮੁੱਖ ਮੰਤਰੀ ਨੇ ਆਖਿਆ, ਸਾਡੀ ਸਰਕਾਰ ਹਰ ਪੰਜਾਬੀ ਦੇ ਜੀਵਨ ਮਿਆਰ ਨੂੰ ਉੱਚਾ ਚੁੱਕਣ ਲਈ ਆਪਣੀਆਂ ਕੋਸ਼ਿਸ਼ਾਂ ਜਾਰੀ ਰੱਖੇਗੀ। ਸਿਆਸੀ ਵਿਰੋਧੀ, ਸਾਜ਼ਿਸ਼ਾਂ ਦਾ ਸਹਾਰਾ ਲੈ ਸਕਦੇ ਹਨ ਅਤੇ ਦਬਾਅ ਬਣਾਉਣ ਲਈ ਕੇਂਦਰੀ ਏਜੰਸੀਆਂ ਦੀ ਵਰਤੋਂ ਕੀਤੀ ਜਾ ਸਕਦੀ ਹੈ, ਪਰ ਸਾਡਾ ਧਿਆਨ ਪੂਰੀ ਤਰ੍ਹਾਂ ਵਿਕਾਸ, ਲੋਕ ਭਲਾਈ ਅਤੇ ਵਾਅਦਿਆਂ ਨੂੰ ਪੂਰਾ ਕਰਨ 'ਤੇ ਹੀ ਕੇਂਦਰਿਤ ਰਹੇਗਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਪਣੇ ਸੰਬੋਧਨ ਦੇ ਅੰਤ ਵਿੱਚ ਕਿਹਾ, ਪੰਜਾਬ ਦੇ ਲੋਕਾਂ ਨੇ ਸਾਨੂੰ ਤਬਦੀਲੀ ਲਿਆਉਣ ਲਈ ਫਤਵਾ ਦਿੱਤਾ ਹੈ ਅਤੇ ਅਸੀਂ ਉਨ੍ਹਾਂ ਦੀਆਂ ਉਮੀਦਾਂ ਨੂੰ ਪੂਰਾ ਕਰਨ ਲਈ ਇਮਾਨਦਾਰੀ, ਸਮਰਪਣ ਅਤੇ ਦ੍ਰਿੜ੍ਹ ਇਰਾਦੇ ਨਾਲ ਕੰਮ ਕਰਦੇ ਰਹਾਂਗੇ। ਕੋਈ ਵੀ ਸਿਆਸੀ ਦਬਾਅ ਜਾਂ ਸਾਜ਼ਿਸ਼ ਇੱਕ ਤਰੱਕੀਸ਼ੀਲ ਅਤੇ ਖ਼ੁਸ਼ਹਾਲ ਪੰਜਾਬ ਬਣਾਉਣ ਦੇ ਸਾਡੇ ਸੰਕਲਪ ਨੂੰ ਕਮਜ਼ੋਰ ਨਹੀਂ ਕਰ ਸਕਦੀ।

ਸਮੁੰਦਰਾਂ 'ਚ ਤੇਜ਼ੀ ਨਾਲ ਵਧੇਗਾ ਪਾਣੀ ਦਾ ਪੱਧਰ

ਜਨੇਵਾ, 5 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਅੰਤਰ-ਰਾਸ਼ਟਰੀ ਜਲਵਾਯੂ ਪਹਿਲ ਇੰਟਰਨੈਸ਼ਨਲ ਕ੍ਰਾਇਓਸਫ਼ੀਅਰ ਕਲਾਈਮੇਟ ਇਨੀਸ਼ੀਏਟਿਵ (ICCI) ਅਤੇ ਸੰਯੁਕਤ ਰਾਸ਼ਟਰ ਵਾਤਾਵਰਣ ਪ੍ਰੋਗਰਾਮ ਦੀ ਇੱਕ ਰਿਪੋਰਟ 'ਚ ਦੱਸਿਆ ਗਿਆ ਹੈ ਕਿ ਨੇੜਲੇ ਭਵਿੱਖ 'ਚ ਧਰਤੀ ਦੇ ਤਾਪਮਾਨ ਦੇ 1.5 ਡਿਗਰੀ ਸੈਲਸੀਅਸ ਦੀ ਸੀਮਾ ਨੂੰ ਅਸਥਾਈ ਤੌਰ 'ਤੇ ਪਾਰ ਕਰਨ ਦਾ ਅਸਰ ਇੱਥੇ ਦੀਆਂ ਬਰਫ਼ ਦੀਆਂ ਚਾਦਰਾਂ ਅਤੇ ਗਲੇਸ਼ੀਅਰਾਂ 'ਤੇ ਪਵੇਗਾ। ਰਿਪੋਰਟ ਦੇ ਮੁੱਖ ਲੇਖਕਾਂ 'ਚੋਂ ਇੱਕ ਨੇ ਸੋਮਵਾਰ ਨੂੰ ਕਿਹਾ ਕਿ ਇਹ ਸੰਕਟ ਸਾਡੇ ਬਹੁਤ ਨੇੜੇ ਹੈ ਅਤੇ ਇਹ ਦੂਰ-ਦੁਰਾਡੇ ਦੇ ਇਲਾਕਿਆਂ ਤਕ ਹੀ ਸੀਮਿਤ ਨਹੀਂ।

ਇੱਕ ਇੰਟਰਵਿਊ 'ਚ ICCI ਦੇ ਮੁੱਖ ਵਿਗਿਆਨੀ ਅਤੇ ਇਸ ਰਿਪੋਰਟ ਦਾ ਤਾਲਮੇਲ ਕਰਨ ਵਾਲੇ ਮੁੱਖ ਲੇਖਕ ਜੇਮਜ਼ ਕਿਰਕਹਮ ਨੇ ਕਿਹਾ ਕਿ ਤਾਪਮਾਨ 'ਚ ਹੋਰ ਵਾਧੇ ਨਾਲ ਇਸ ਦੇ ਕਈ ਪ੍ਰਭਾਵ ਕਾਫ਼ੀ ਗੰਭੀਰ ਹੋ ਜਾਣਗੇ ਅਤੇ ਉਨ੍ਹਾਂ 'ਚੋਂ ਕੁੱਝ ਦੇ ਲੰਬੇ ਸਮੇਂ ਤਕ ਬਣੇ ਰਹਿਣ ਦਾ ਖਤਰਾ ਹੈ। ICCI ਨੇ ਸੰਯੁਕਤ ਰਾਸ਼ਟਰ ਵਾਤਾਵਰਣ ਪ੍ਰੋਗਰਾਮ (UNEP) ਦੇ ਤਾਲਮੇਲ ਨਾਲ ਓਵਰਸ਼ੂਟ ਐਂਡ ਦਾ ਕ੍ਰਾਇਓਸਫ਼ੀਅਰ ਨਾਮੀ ਇਹ ਰਿਪੋਰਟ ਤਿਆਰ ਕੀਤੀ ਹੈ। ਇਹ UNEP ਦੀ ਹਾਲੀਆ ਰਿਪੋਰਟ ਲਿਮਟਿੰਗ ਓਵਰਸ਼ੂਟ ਦੀ ਪੂਰਕ ਰਿਪੋਰਟ ਹੈ।

ਲਿਮਿਟਿੰਗ ਓਵਰਸ਼ੂਟ ਰਿਪੋਰਟ 'ਚ ਚਿਤਾਵਨੀ ਦਿੱਤੀ ਗਈ ਹੈ ਕਿ ਅਗਲੇ ਕੁੱਝ ਸਾਲਾਂ 'ਚ ਵਿਸ਼ਵ-ਵਿਆਪੀ ਤਾਪਮਾਨ ਅਸਥਾਈ ਤੌਰ 'ਤੇ ਪੂਰਵ-ਉਦਯੋਗਿਕ ਪੱਧਰਾਂ ਦੇ ਮੁਕਾਬਲੇ 1.5 ਡਿਗਰੀ ਸੈਲਸੀਅਸ ਸੀਮਾ ਤੋਂ ਪਾਰ ਹੋ ਸਕਦਾ ਹੈ। ਉੱਥੇ ਹੀ ਓਵਰਸ਼ੂਟ ਐਂਡ ਦਾ ਕ੍ਰਾਇਓਸਫ਼ੀਅਰ ਰਿਪੋਰਟ 'ਚ ਦੱਸਿਆ ਗਿਆ ਹੈ ਕਿ ਤਾਪਮਾਨ ਦੇ ਇਸ ਸੀਮਾ ਤੋਂ ਉੱਪਰ ਜਾਣ, ਸਿਖਰ 'ਤੇ ਪਹੁੰਚਣ ਅਤੇ ਫ਼ਿਰ ਘਟਣ ਦਾ ਧਰਤੀ ਦੇ ਕ੍ਰਾਇਓਸਫ਼ੀਅਰ 'ਤੇ ਕੀ ਅਸਰ ਪਵੇਗਾ। ਕ੍ਰਾਇਓਸਫ਼ੀਅਰ 'ਚ ਧਰਤੀ ਦੀ ਸਤਿਹ ਦੇ ਉਹ ਹਿੱਸੇ ਸ਼ਾਮਿਲ ਹਨ ਜਿੱਥੇ ਪਾਣੀ ਠੋਸ ਅਤੇ ਜੰਮੇ ਹੋਏ ਰੂਪ 'ਚ ਮੌਜੂਦ ਹੁੰਦਾ ਹੈ ਜਿਵੇਂ ਗਲੇਸ਼ੀਅਰ, ਬਰਫ਼ ਦੀਆਂ ਚਾਦਰਾਂ ਅਤੇ ਸਮੁੰਦਰੀ ਬਰਫ਼ ਆਦਿ।

ਕਿਰਕਹਮ ਨੇ ਦੱਸਿਆ, "ਆਉਣ ਵਾਲੇ ਦਹਾਕਿਆਂ 'ਚ ਸਮੁੰਦਰ ਦਾ ਪੱਧਰ ਵਧਣ ਨਾਲ ਕਰੋੜਾਂ ਲੋਕ ਪ੍ਰਭਾਵਿਤ ਹੋਣਗੇ। ਸਮੁੰਦਰ ਦੇ ਜਲ ਪੱਧਰ 'ਚ ਤੇਜ਼ੀ ਨਾਲ ਹੋ ਰਹੇ ਵਾਧੇ ਕਾਰਨ ਇਸ ਦਾ ਅਨੁਕੂਲ ਹੋਣਾ ਇੱਕ ਵੱਡੀ ਚੁਣੌਤੀ ਬਣ ਜਾਵੇਗਾ। ਪਹਾੜੀ ਗਲੇਸ਼ੀਅਰਾਂ ਦੇ ਪਿਘਲਣ ਨਾਲ ਪਾਣੀ ਦੀ ਕਮੀ ਅਤੇ ਕੁਦਰਤੀ ਆਫ਼ਤਾਂ ਦਾ ਖ਼ਤਰਾ ਵੀ ਵੱਧ ਰਿਹਾ ਹੈ। ਉਦਾਹਰਣ ਲਈ ਅਗਸਤ 'ਚ ਨੇਪਾਲ 'ਚ ਪਹਾੜ ਦਾ ਇੱਕ ਹਿੱਸਾ ਢਹਿਣ ਅਤੇ ਗਲੇਸ਼ੀਅਰ ਦੇ ਕਾਰਨ ਆਏ ਹੜ੍ਹ 'ਚ ਹਜ਼ਾਰਾਂ ਲੋਕਾਂ ਦੀ ਜਾਨ ਚਲੀ ਗਈ। ਇਸ ਇੱਕ ਘਟਨਾ ਨਾਲ ਦੇਸ਼ ਨੂੰ ਇੰਨਾ ਨੁਕਸਾਨ ਹੋਇਆ ਜੋ ਉਸ ਦੀ GDP ਦੇ 10 ਫ਼ੀਸਦੀ ਦੇ ਬਰਾਬਰ ਸੀ।"

ਉਨ੍ਹਾਂ ਕਿਹਾ ਕਿ ਸਮੁੰਦਰੀ ਬਰਫ਼ ਪਿਘਲਣਾ ਭਿਆਨਕ ਮੌਸਮ ਦੀਆਂ ਘਟਨਾਵਾਂ ਦਾ ਕਾਰਨ ਬਣ ਸਕਦਾ ਹੈ ਜਿਸ 'ਚ ਸੋਕਾ, ਹੜ੍ਹ ਅਤੇ ਜੰਗਲ ਦੀ ਅੱਗ ਵਰਗੀਆਂ ਆਫ਼ਤਾਂ ਸ਼ਾਮਿਲ ਹਨ। ਇਸ ਗਰਮੀ 'ਚ ਦੁਨੀਆਂ ਦੇ ਕਈ ਹਿੱਸਿਆਂ 'ਚ ਅਜਿਹੀਆਂ ਘਟਨਾਵਾਂ ਦੇਖਣ ਨੂੰ ਮਿਲੀਆਂ ਹਨ। ਕਿਰਕਹਮ 20 ਦੇਸ਼ਾਂ ਦੇ ਇੱਕ ਉੱਚ ਪੱਧਰੀ ਸਮੂਹ ਐਮਬਿਸ਼ਨ ਔਨ ਮੈਲਟਿੰਗ ਆਈਸ (AMI) ਦੇ ਵਿਗਿਆਨ ਸਲਾਹਕਾਰ ਵੀ ਹਨ। ਉਨ੍ਹਾਂ ਨੇ ਚਿਤਾਵਨੀ ਦਿੱਤੀ ਕਿ ਗਲੋਬਲ ਪ੍ਰਭਾਵ ਪਹਿਲੇ ਦੀ ਦਿੱਸਣ ਲੱਗੇ ਹਨ ਅਤੇ ਹਰ ਕਿਸੇ ਨੂੰ ਪ੍ਰਭਾਵਿਤ ਕਰ ਰਹੇ ਹਨ।

ਉਨ੍ਹਾਂ ਦੱਸਿਆ ਕਿ ਪਹਾੜੀ ਇਲਾਕਿਆਂ 'ਚ ਖ਼ਤਰਿਆਂ ਦਾ ਵਧਣਾ ਅਤੇ ਹੇਠਲੀ ਇਲਾਕਿਆਂ 'ਤ ਉਸ ਦਾ ਅਸਰ ਨਜ਼ਦੀਕੀ ਭਵਿੱਖ ਲਈ ਇੱਕ ਬਹੁਤ ਵੱਡਾ ਜੋਖ਼ਮ ਹੈ। ਆਉਣ ਵਾਲੇ ਦਹਾਕਿਆਂ 'ਚ ਇਸ ਸਮੱਸਿਆ ਨਾਲ ਨਜਿੱਠਣ ਲਈ ਤੁਰੰਤ ਕਦਮ ਚੁੱਕਣ ਦੀ ਲੋੜ ਹੈ। ਉਨ੍ਹਾਂ ਕਿਹਾ, "2026 'ਚ ਨੇਪਾਲ ਅਤੇ 2023 'ਚ ਸਿੱਕਮ ਦੀਆਂ ਤਸਵੀਰਾਂ ਦੇਖ ਕੇ ਮੈਨੂੰ ਡੂੰਘਾ ਧੱਕਾ ਲੱਗਾ ਪਰ ਹੈਰਾਨੀ ਨਹੀਂ ਹੋਈ। ਅਜਿਹਾ ਇਸ ਲਈ ਹੈ ਕਿਉਂਕਿ ਜਿਵੇਂ-ਜਿਵੇਂ ਤਾਪਮਾਨ ਵੱਧ ਰਿਹਾ ਹੈ ਪਹਾੜ ਅਸਥਿਰ ਹੁੰਦੇ ਜਾ ਰਹੇ ਹਨ ਜਿਸ ਨਾਲ ਹੜ੍ਹਾਂ ਅਤੇ ਇਸ ਤਰ੍ਹਾਂ ਦੀਆਂ ਹੋਰ ਘਟਨਾਵਾਂ ਦਾ ਖ਼ਦਸ਼ਾ ਵੱਧ ਗਿਆ ਹੈ।

28 ਸਾਲਾ ਪੰਜਾਬੀ ਦੀ ਟਰੇਨ ਹੇਠ ਕਾਰਨ ਨਾਲ ਮੌਤ

ਬਰੈਂਪਟਨ, 5 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਕੈਨੇਡਾ ਦੇ ਬਰੈਂਪਟਨ ਸ਼ਹਿਰ ਤੋਂ ਇੱਕ ਬਹੁਤ ਹੀ ਦੁੱਖਦਾਈ ਖ਼ਬਰ ਸਾਹਮਣੇ ਆਈ ਹੈ ਜਿੱਥੇ ਟਰੇਨ ਹੇਠ ਆਉਣ ਕਾਰਨ ਪੰਜਾਬ ਦੇ ਜ਼ਿਲ੍ਹਾ ਤਰਨਤਾਰਨ ਦੇ ਕਸਬਾ ਪੱਟੀ ਨਾਲ ਸਬੰਧਤ 28 ਸਾਲਾ ਪਰਵਾਸੀ ਨੌਜਵਾਨ ਸਿਮਰਨਜੀਤ ਸਿੰਘ ਦੀ ਅਚਾਨਕ ਮੌਤ ਹੋ ਗਈ।

ਪ੍ਰਾਪਤ ਜਾਣਕਾਰੀ ਅਨੁਸਾਰ ਮ੍ਰਿਤਕ ਸਿਮਰਨਜੀਤ ਸਿੰਘ ਪਿਛਲੇ ਪੰਜ ਸਾਲਾਂ ਤੋਂ ਵੀ ਵੱਧ ਸਮੇਂ ਤੋਂ ਕੈਨੇਡਾ 'ਚ ਰਹਿ ਰਿਹਾ ਸੀ। ਉਹ ਉੱਥੇ ਰੋਜ਼ੀ-ਰੋਟੀ ਦੇ ਸਿਲਸਿਲੇ 'ਚ ਟਰੱਕਿੰਗ ਖੇਤਰ (ਟਰੱਕ ਡਰਾਈਵਿੰਗ/ਟਰਾਂਸਪੋਰਟ ਸਰਵਿਸ) 'ਚ ਕੰਮ ਕਰ ਰਿਹਾ ਸੀ।

ਦੱਸਿਆ ਜਾ ਰਿਹਾ ਹੈ ਕਿ ਸਿਮਰਨਜੀਤ ਸਿੰਘ 31 ਅਕਤੂਬਰ ਨੂੰ ਆਪਣੇ ਘਰੋਂ ਨਿਕਲਿਆ ਸੀ, ਪਰ ਜਦੋਂ ਉਹ ਕਾਫ਼ੀ ਸਮਾਂ ਬੀਤਣ ਤੋਂ ਬਾਅਦ ਵੀ ਵਾਪਿਸ ਘਰ ਨਾ ਆਇਆ ਤਾਂ ਪਰਿਵਾਰ ਅਤੇ ਨੇੜਲੇ ਸਾਥੀਆਂ ਨੂੰ ਚਿੰਤਾ ਹੋਈ।

ਪੁਨਰਵਾਸ ਲਈ UK ਨੇ ਖੋਲ੍ਹੇ ਤਿੰਨ ਨਵੇਂ ਕਾਨੂੰਨੀ ਰਸਤੇ

ਲੰਡਨ, 5 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਇੰਗਲਿਸ਼ ਚੈਨਲ ਰਾਹੀਂ ਹੋਣ ਵਾਲੀ ਗ਼ੈਰ-ਕਾਨੂੰਨੀ ਘੁਸਪੈਠ ਅਤੇ ਮਾਨਵੀ ਤਸਕਰੀ ਨੂੰ ਨੱਥ ਪਾਉਣ ਲਈ UK ਸਰਕਾਰ ਨੇ ਇੱਕ ਵੱਡੀ ਅਤੇ ਇਤਿਹਾਸਕ ਇਮੀਗ੍ਰੇਸ਼ਨ ਨੀਤੀ ਦਾ ਐਲਾਨ ਕੀਤਾ ਹੈ। UK ਦੇ ਹੋਮ ਔਫ਼ਿਸ ਮੰਤਰੀ ਐਨਾ ਟਰਲੀ ਨੇ ਦੇਸ਼ 'ਚ ਸ਼ਰਨਾਰਥੀਆਂ ਨੂੰ ਸੁੱਰਖਿਅਤ ਅਤੇ ਕਾਨੂੰਨੀ ਤਰੀਕੇ ਨਾਲ ਵਸਾਉਣ ਲਈ ਤਿੰਨ ਨਵੇਂ ਰੂਟਾਂ ਦੀ ਘੋਸ਼ਣਾ ਕੀਤੀ ਹੈ। ਇਹ ਨਵਾਂ ਪ੍ਰੋਗਰਾਮ Canada ਦੇ ਸਫ਼ਲ Private Sponsorship System ਤੋਂ ਪ੍ਰੇਰਿਤ ਹੈ ਜਿਸ 'ਚ ਸਰਕਾਰ ਦੀ ਬਜਾਏ ਸਥਾਨਕ ਸੰਸਥਾਵਾਂ ਅਤੇ ਰੁਜ਼ਗਾਰਦਾਤਾ ਸ਼ਰਨਾਰਥੀਆਂ ਦੇ ਪੁਨਰਵਾਸ ਦੀ ਜ਼ਿੰਮੇਵਾਰੀ ਚੁੱਕਣਗੇ। UK ਦੇ ਗ੍ਰਹਿ ਵਿਭਾਗ ਮੁਤਾਬਿਕ ਇਸ ਯੋਜਨਾ ਤਹਿਤ ਮੁੱਖ ਤੌਰ 'ਤੇ ਤਿੰਨ ਰਾਹ ਖੋਲ੍ਹੇ ਗਏ ਹਨ। ਪਹਿਲਾ ਨੇਮਡ ਕਮਿਊਨਿਟੀ ਸਪੌਂਸਰਸ਼ਿਪ, ਜਿਸ 'ਚ UK ਦੀਆਂ ਰੈਜਿਸਟਰਡ ਚੈਰਿਟੀਆਂ ਅਤੇ ਸਥਾਨਕ ਗਰੁੱਪ ਸ਼ਰਨਾਰਥੀਆਂ ਦੀ ਰਿਹਾਇਸ਼ ਅਤੇ ਸਮਾਜਿਕ ਤਾਲਮੇਲ 'ਚ ਮਦਦ ਕਰਨਗੇ। ਦੂਜਾ ਰੈਫ਼ਿਊਜੀ ਸਟੱਡੀ ਰੂਟ ਜਿਸ ਤਹਿਤ UK ਦੀਆਂ ਯੂਨੀਵਰਸਿਟੀਆਂ ਯੋਗ ਸ਼ਰਨਾਰਥੀਆਂ ਨੂੰ ਉੱਚ ਸਿਖਿਆ ਲਈ ਸਪੌਂਸਰ ਕਰ ਸਕਣਗੀਆਂ। ਤੀਜਾ ਅਤੇ ਸੱਭ ਤੋਂ ਅਹਿਮ ਰੈਫ਼ਿਊਜੀ ਵਰਕ ਰੂਟ ਹੈ ਜਿਸ ਰਾਹੀਂ ਬ੍ਰਿਟੇਨ ਦੇ ਕਾਰੋਬਾਰੀ ਅਤੇ ਰੁਜ਼ਗਾਰਦਾਤਾ ਹੁਨਰਮੰਦ ਸ਼ਰਨਾਰਥੀਆਂ ਨੂੰ ਸਿੱਧੀਆਂ ਨੌਕਰੀਆਂ ਦੀ ਪੇਸ਼ਕਸ਼ ਕਰ ਕੇ UK ਲਿਆ ਸਕਣਗੇ। ਇਸ ਕਾਨੂੰਨੀ ਰਸਤੇ ਰਾਹੀਂ ਆਉਣ ਵਾਲੇ ਸ਼ਰਨਾਰਥੀਆਂ ਨੂੰ UK ਪਹੁੰਚਣ 'ਤੇ ਤੁਰਤ ਪੰਜ ਸਾਲਾਂ ਲਈ ਰਹਿਣ ਅਤੇ ਕੰਮ ਕਰਨ ਦੀ ਇਜਾਜ਼ਤ ਦਿਤੀ ਜਾਵੇਗੀ। ਇਹ ਪੰਜ ਸਾਲ ਪੂਰੇ ਹੋਣ ਤੋਂ ਬਾਅਦ ਉਨ੍ਹਾਂ ਕੋਲ UK ਦੀ ਪੱਕੀ ਰਿਹਾਇਸ਼ ਹਾਸਲ ਕਰਨ ਦਾ ਸਿੱਧਾ ਅਤੇ ਸੁਰੱਖਿਅਤ ਰਸਤਾ ਹੋਵੇਗਾ। ਸਰਕਾਰ ਦਾ ਮੰਨਣਾ ਹੈ ਕਿ ਇਸ ਨਾਲ ਗ਼ੈਰ-ਕਾਨੂੰਨੀ ਢੰਗ ਨਾਲ ਆਉਣ ਵਾਲਿਆਂ ਦੇ ਮੁਕਾਬਲੇ ਕਾਨੂੰਨੀ ਤੌਰ 'ਤੇ ਆਉਣ ਵਾਲਿਆਂ ਨੂੰ ਬਿਹਤਰ ਭਵਿੱਖ ਮਿਲੇਗਾ।

ਸ਼ੁਰੂਆਤੀ ਦੌਰ 'ਚ ਇਹ ਸਕੀਮ ਸਿਰਫ਼ ਭਾਰਤ, ਬੰਗਲਾਦੇਸ਼, ਪਾਕਿਸਤਾਨ, ਮਿਸਰ, ਕੀਨੀਆ, ਮਲੇਸ਼ੀਆ ਅਤੇ ਯੂਗੈਂਡਾ ਲਈ ਹੈ। ਬਿਨੈਕਾਰ ਅਪਣੇ ਮੂਲ ਦੇਸ਼ ਤੋਂ ਬਾਹਰ ਕਿਸੇ ਹੋਰ ਮੁਲਕ 'ਚ ਸ਼ਰਨਾਰਥੀ ਵਜੋਂ ਰਹਿ ਰਿਹਾ ਹੋਵੇ। ਬਿਨੈਕਾਰ ਦਾ 1 ਅਕਤੂਬਰ 2026 ਤੋਂ ਪਹਿਲਾਂ UHNCR ਜਾਂ ਸਥਾਨਕ ਪ੍ਰਸ਼ਾਸ਼ਨ ਕੋਲ ਰੈਜਿਸਟਰਡ ਹੋਣਾ ਲਾਜ਼ਮੀ ਹੈ। UK ਹੋਮ ਔਫ਼ਿਸ ਵਲੋਂ ਸਾਰੇ ਬਿਨੈਕਾਰਾਂ ਦੇ ਪਿਛੋਕੜ ਅਤੇ ਸੁੱਰਖਿਆ ਦੀ ਸਖ਼ਤ ਜਾਂਚ ਕੀਤੀ ਜਾਵੇਗੀ। ਕਮਿਊਨਿਟੀ ਅਤੇ ਸਟੱਡੀ ਰੂਟਾਂ ਲਈ UK ਦੀਆਂ ਸੰਸਥਾਵਾਂ ਦੀ ਰੈਜਿਸਟ੍ਰੇਸ਼ਨ ਅਕਤੂਬਰ ਦੇ ਅਖ਼ੀਰ 'ਚ ਸ਼ੁਰੂ ਹੋ ਚੁਕੀ ਹੈ। ਨੌਕਰੀਆਂ ਵਾਲੇ ਰੂਟ ਲਈ ਅਰਜ਼ੀਆਂ ਅਗਲੇ ਸਾਲ ਬਸੰਤ ਰੁਤ 'ਚ ਸ਼ੁਰੂ ਹੋਣਗੀਆਂ। ਕਾਨੂੰਨੀ ਪ੍ਰਕਿਰਿਆ ਪੂਰੀ ਹੋਣ ਤੋਂ ਬਾਅਦ ਪਹਿਲੇ ਸ਼ਰਨਾਰਥੀ ਅਗਲੇ ਸਾਲ ਪੱਤਝੜ ਤਕ UK ਪਹੁੰਚਣਗੇ। ਸ਼ੁਰੂਆਤੀ ਸਾਲ 'ਚ ਕੋਟਾ ਸਿਰਫ਼ ਕੁੱਝ 100 ਸ਼ਰਨਾਰਥੀਆਂ ਤਕ ਹੀ ਸੀਮਿਤ ਰੱਖਿਆ ਜਾਵੇਗਾ ਜਿਸ ਨੂੰ ਹੌਲੀ-ਹੌਲੀ ਵਧਾਇਆ ਜਾਵੇਗਾ। ਹੋਮ ਔਫ਼ਿਸ ਨੇ ਸਾਫ਼ ਕੀਤਾ ਹੈ ਕਿ ਇਹ ਤਿੰਨ ਨਵੇਂ ਰੂਟ UK ਦੀ ਮੌਜੂਦਾ UK Resettlement Scheme ਦੇ ਨਾਲ-ਨਾਲ ਚੱਲਣਗੇ। ਪੁਰਾਣੀ ਸਕੀਮ ਤਹਿਤ ਅਫ਼ਗਾਨਿਸਤਾਨ ਦੀਆਂ ਮਹਿਲਾਵਾਂ, ਲੜਕੀਆਂ ਅਤੇ ਗਾਜ਼ਾ ਦੀ ਜੰਗ ਤੋਂ ਪੀੜਤ ਫ਼ਲਸਤੀਨੀਆਂ ਵਰਗੇ ਸੱਭ ਤੋਂ ਵੱਧ ਕਮਜ਼ੋਰ ਅਤੇ ਖ਼ਤਰੇ ਵਾਲੇ ਵਰਗਾਂ ਨੂੰ ਪਹਿਲ ਦੇ ਆਧਾਰ 'ਤੇ ਸ਼ਰਨ ਦੇਣ ਦਾ ਕੰਮ ਨਿਰੰਤਰ ਜਾਰੀ ਰਹੇਗਾ।

ਅਮਨ ਅਰੋੜਾ ਵੱਲੋਂ 'ਪੰਜਾਬ ਇਨਵੈਸਟਰ ਸਰਕਲ 2.0' ਦੀ ਸ਼ੁਰੂਆਤ; 28 ਸਟਾਰਟਅੱਪਸ ਨੂੰ 1.17 ਕਰੋੜ ਰੁਪਏ ਦੀ ਸੀਡ ਗ੍ਰਾਂਟ ਵੰਡੀ

➢ ਪੰਜਾਬ ਵਿੱਚ ਸਟਾਰਟਅੱਪਸ ਦੀ ਗਿਣਤੀ 5 ਸਾਲਾਂ ਦੌਰਾਨ 36 ਤੋਂ ਵਧ ਕੇ 404 ਹੋਈ ➢ 222 ਸਟਾਰਟਅੱਪਸ ਨੂੰ 6.8 ਕਰੋੜ ਰੁਪਏ ਵੰਡੇ, ਨਵੀਂ ਸਟਾਰਟਅੱਪ ਨੀਤੀ 2026 ਤਹਿਤ 15 ਲੱਖ ਰੁਪਏ ਤੱਕ ਦੀ ਸੀਡ ਗ੍ਰਾਂਟ ਦਿੱਤੀ ਜਾ ਰਹੀ: ਉਦਯੋਗ ਮੰਤਰੀ



ਚੰਡੀਗੜ੍ਹ, 4 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-

ਸੂਬੇ ਦੇ ਖੋਜ ਅਤੇ ਨਵੀਨਤਾ-ਅਧਾਰਤ ਵਿਕਾਸ ਨੂੰ ਵੱਡਾ ਹੁਲਾਰਾ ਦਿੰਦਿਆਂ ਪੰਜਾਬ ਦੇ ਉਦਯੋਗ ਤੇ ਵਣਜ ਮੰਤਰੀ ਸ੍ਰੀ ਅਮਨ ਅਰੋੜਾ ਨੇ 'ਪੰਜਾਬ ਇਨਵੈਸਟਰ ਸਰਕਲ' ਦੇ ਪਹਿਲੇ ਪੜਾਅ ਦੀ ਸ਼ੁਰੂਆਤ ਤੋਂ ਮਹਿਜ਼ ਚਾਰ ਮਹੀਨਿਆਂ ਦੇ ਅੰਦਰ ਹੀ ਅੱਜ ਇਸ ਦੇ ਦੂਜੇ ਐਡੀਸ਼ਨ ਦਾ ਆਗਾਜ਼ ਕੀਤਾ। ਇਸ ਮੌਕੇ ਉਨ੍ਹਾਂ ਸੂਬੇ ਦੇ ਸਟਾਰਟਅੱਪ ਈਕੋਸਿਸਟਮ ਨੂੰ ਹੁਲਾਰਾ ਦੇਣ ਲਈ 28 ਸਟਾਰਟਅੱਪਸ ਨੂੰ 1.17 ਕਰੋੜ ਰੁਪਏ ਦੀ ਸੀਡ ਗ੍ਰਾਂਟ ਵੀ ਵੰਡੀ।

ਇੱਥੇ ਇੱਕ ਹੋਟਲ ਵਿਖੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਸ੍ਰੀ ਅਮਨ ਅਰੋੜਾ ਨੇ ਕਿਹਾ, ਪੰਜਾਬ ਹੁਣ ਆਈ.ਟੀ. ਸੇਵਾਵਾਂ, ਸਿਹਤ ਸੰਭਾਲ ਤੇ ਜੀਵ ਵਿਗਿਆਨ, ਖੇਤੀਬਾੜੀ, ਖੁਰਾਕ ਤੇ ਪੀਣ ਵਾਲੇ ਪਦਾਰਥਾਂ ਅਤੇ ਸਿੱਖਿਆ ਖੇਤਰ ਦੇ ਸੈਂਕੜੇ ਸਟਾਰਟਅੱਪਸ ਦਾ ਕੇਂਦਰ ਬਣ ਚੁੱਕਾ ਹੈ, ਜਿਨ੍ਹਾਂ ਵਿੱਚੋਂ 50 ਫ਼ੀਸਦੀ ਦੀ ਅਗਵਾਈ ਮਹਿਲਾ ਡਾਇਰੈਕਟਰਾਂ ਵੱਲੋਂ ਕੀਤੀ ਜਾ ਰਹੀ ਹੈ। ਜੁਲਾਈ ਮਹੀਨੇ ਅਸੀਂ ਆਈ.ਐਨ.ਐਸ.ਟੀ. ਮੋਹਾਲੀ ਵਿਖੇ ਇਸ ਮੰਚ ਦੀ ਸ਼ੁਰੂਆਤ ਕੀਤੀ ਸੀ ਅਤੇ ਚਾਰ ਮਹੀਨਿਆਂ ਦੇ ਅੰਦਰ ਹੀ ਅਸੀਂ ਇਸ ਦਾ ਦੂਜਾ ਐਡੀਸ਼ਨ ਲੈ ਕੇ ਆਏ ਹਾਂ। ਇਹ ਮਹਿਜ਼ ਇੱਕ ਸਮਾਗਮ ਨਹੀਂ ਹੈ, ਬਲਕਿ ਸਾਡੇ ਸਟਾਰਟਅੱਪਸ ਅਤੇ ਕੈਪੀਟਲ ਦਰਮਿਆਨ ਨਿਰੰਤਰ ਤਾਲਮੇਲ ਬਣਾਉਣ ਦੀ ਸਾਡੀ ਵਚਨਬੱਧਤਾ ਹੈ।

ਉੱਦਮੀਆਂ ਨੂੰ ਵਧਾਈ ਦਿੰਦਿਆਂ ਉਦਯੋਗ ਮੰਤਰੀ ਨੇ ਦੱਸਿਆ ਕਿ ਪੰਜਾਬ ਦਾ ਸਟਾਰਟਅੱਪ ਈਕੋਸਿਸਟਮ ਸਾਲ 2021-22 ਦੇ ਮਹਿਜ਼ 36 ਸਟਾਰਟਅੱਪਸ ਤੋਂ ਵਧ ਕੇ ਸਾਲ 2026 ਵਿੱਚ 404 ਤੱਕ ਪਹੁੰਚ ਗਿਆ ਹੈ ਅਤੇ ਹੁਣ ਤੱਕ 222 ਸਟਾਰਟਅੱਪਸ ਨੂੰ 6.80 ਕਰੋੜ ਰੁਪਏ ਦੀ ਸੀਡ ਫੰਡਿੰਗ ਕੀਤੀ ਜਾ ਚੁੱਕੀ ਹੈ। ਐਸ.ਆਰ.ਐਫ. 4.0 ਅਤੇ 5.0 ਵਿੱਚ ਮੋਹਰੀ ਪ੍ਰਦਰਸ਼ਨ ਕਰਨ ਵਾਲੇ ਵਜੋਂ ਮਾਨਤਾ ਹਾਸਲ ਕਰਨ ਵਾਲੇ ਪੰਜਾਬ ਨੇ 'ਪੰਜਾਬ ਸਟਾਰਟਅੱਪ ਨੀਤੀ 2026' ਰਾਹੀਂ ਆਪਣੇ ਢਾਂਚੇ ਨੂੰ ਹੋਰ ਮਜ਼ਬੂਤ ਕੀਤਾ ਹੈ, ਜਿਸ ਤਹਿਤ ਦੋ ਕਿਸ਼ਤਾਂ ਵਿੱਚ 15 ਲੱਖ ਰੁਪਏ ਤੱਕ ਦੀ ਸੀਡ ਗ੍ਰਾਂਟ, ਵਿਆਜ ਅਤੇ ਲੀਜ਼ ਕਿਰਾਏ 'ਤੇ ਸਬਸਿਡੀ ਅਤੇ ਸਰਕਾਰੀ ਖਰੀਦ ਵਿੱਚ ਤਰਜੀਹ ਦਿੱਤੀ ਜਾ ਰਹੀ ਹੈ। 350 ਤੋਂ ਵੱਧ ਆਊਟਰੀਚ ਗਤੀਵਿਧੀਆਂ, ਪੰਜਾਬ ਇਨਵੈਸਟਰ ਸਰਕਲ ਅਤੇ ਸਟਾਰਟਅੱਪ ਪੰਜਾਬ ਹੱਬ - ਨਿਊਰੋਨ 2.0 ਦੇ ਜ਼ਰੀਏ ਸੂਬੇ ਨੇ ਫੰਡਿੰਗ, ਇਨਕਿਊਬੇਸ਼ਨ ਅਤੇ ਉਦਯੋਗਿਕ ਸਾਂਝੇਦਾਰੀ ਦਾ ਮਜ਼ਬੂਤ ਤੰਤਰ ਕਾਇਮ ਕੀਤਾ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਵਿੱਚ ਅਥਾਹ ਉੱਦਮੀ ਸਮਰੱਥਾ ਹੈ ਅਤੇ ਸਰਕਾਰ ਉਨ੍ਹਾਂ ਦੇ ਨਵੀਨਤਾਕਾਰੀ ਵਿਚਾਰਾਂ ਨੂੰ ਸਫ਼ਲ ਉੱਦਮਾਂ ਵਿੱਚ ਬਦਲਣ ਲਈ ਵਿੱਤੀ ਸਹਾਇਤਾ, ਸੰਸਥਾਗਤ ਮਦਦ, ਮਾਰਗਦਰਸ਼ਨ ਅਤੇ ਬਾਜ਼ਾਰ ਤੱਕ ਪਹੁੰਚ ਮੁਹੱਈਆ ਕਰਵਾਉਣ 'ਤੇ ਪੂਰਾ ਧਿਆਨ ਕੇਂਦਰਿਤ ਕਰ ਰਹੀ ਹੈ।

ਉਦਯੋਗ ਮੰਤਰੀ ਨੇ ਕਿਹਾ, ਪੰਜਾਬ ਦਾ ਮਜ਼ਬੂਤ ਉਦਯੋਗਿਕ ਆਧਾਰ, ਹੁਨਰਮੰਦ ਮਨੁੱਖੀ ਸ਼ਕਤੀ, ਮੋਹਰੀ ਵਿਦਿਅਕ ਤੇ ਖੋਜ ਸੰਸਥਾਵਾਂ ਅਤੇ ਨਿਵੇਸ਼ਕਾਂ ਦੀ ਸਹੂਲਤ ਵਾਲਾ ਪ੍ਰਗਤੀਸ਼ੀਲ ਢਾਂਚਾ ਸਟਾਰਟਅੱਪਸ ਨੂੰ ਨਵੀ ਖੋਜ ਕਰਨ, ਕਾਰੋਬਾਰ ਦਾ ਵਿਸਥਾਰ ਕਰਨ ਅਤੇ ਕੌਮੀ ਤੇ ਕੌਮਾਂਤਰੀ ਪੱਧਰ 'ਤੇ ਮੁਕਾਬਲਾ ਕਰਨ ਲਈ ਢੁਕਵਾਂ ਮਾਹੌਲ ਪ੍ਰਦਾਨ ਕਰਦਾ ਹੈ।

ਸਮਾਗਮ ਦੌਰਾਨ ਆਪਣੇ ਪ੍ਰੋਜੈਕਟ ਪੇਸ਼ ਕਰਨ ਵਾਲੇ ਸੰਸਥਾਪਕਾਂ ਨੂੰ ਸੰਬੋਧਨ ਕਰਦਿਆਂ ਸ੍ਰੀ ਅਮਨ ਅਰੋੜਾ ਨੇ ਕਿਹਾ, ਛੋਟਾ ਨਹੀਂ ਬਲਕਿ ਵੱਡਾ ਸੋਚੋ। ਗਲੋਬਲ ਕੰਪਨੀਆਂ ਅਤੇ ਯੂਨੀਕੋਰਨ ਬਣਨ ਦਾ ਟੀਚਾ ਮਿੱਥੋ। ਜਦੋਂ ਤੁਸੀਂ ਕਾਮਯਾਬ ਹੁੰਦੇ ਹੋ, ਤਾਂ ਤੁਸੀਂ ਪੰਜਾਬ ਦੀ ਨੁਮਾਇੰਦਗੀ ਕਰਦੇ ਹੋ, ਸਾਡੀ ਪਛਾਣ ਨੂੰ ਅੱਗੇ ਵਧਾਉਂਦੇ ਹੋ ਅਤੇ ਸੂਬੇ ਦੇ ਬ੍ਰਾਂਡ ਅੰਬੈਸਡਰ ਬਣਦੇ ਹੋ।

'ਪੰਜਾਬ ਇਨਵੈਸਟਰ ਸਰਕਲ' ਦਾ ਮੁੱਖ ਆਕਰਸ਼ਣ 'ਇਨਵੈਸਟਰ ਪਿੱਚਿੰਗ ਸੈਸ਼ਨ' ਸੀ, ਜਿੱਥੇ 10 ਅਹਿਮ ਸਟਾਰਟਅੱਪਸ ਨੇ ਨਿਵੇਸ਼ਕਾਂ ਅਤੇ ਮਾਹਰ ਜਿਊਰੀ ਅੱਗੇ ਆਪਣੇ ਨਵੀਨਤਾਕਾਰੀ ਕਾਰੋਬਾਰੀ ਮਾਡਲ ਅਤੇ ਤਕਨਾਲੋਜੀਆਂ ਪੇਸ਼ ਕੀਤੀਆਂ। ਇਸ ਸੈਸ਼ਨ ਨੇ ਸਟਾਰਟਅੱਪਸ ਨੂੰ ਸੰਭਾਵੀ ਨਿਵੇਸ਼ਕਾਂ ਨਾਲ ਸਿੱਧਾ ਜੁੜਨ, ਫੰਡਿੰਗ ਭਾਈਵਾਲੀ ਦੀਆਂ ਸੰਭਾਵਨਾਵਾਂ ਤਲਾਸ਼ਣ, ਮਾਹਿਰਾਂ ਦੇ ਸੁਝਾਅ ਲੈਣ ਅਤੇ ਭਵਿੱਖ ਦੇ ਵਿਕਾਸ ਲਈ ਆਪਣੀ ਨਿਵੇਸ਼ਕ ਪਹੁੰਚ ਨੂੰ ਮਜ਼ਬੂਤ ਕਰਨ ਦਾ ਮੌਕਾ ਪ੍ਰਦਾਨ ਕੀਤਾ।

ਇਨ੍ਹਾਂ ਸਟਾਰਟਅੱਪਸ ਦੌਰਾਨ ਆਰਟੀਫਿਸ਼ੀਅਲ ਇੰਟੈਲੀਜੈਂਸ, ਰੋਬੋਟਿਕਸ, ਐਡਵਾਂਸਡ ਮਟੀਰੀਅਲ, ਬਾਇਓਟੈਕਨਾਲੋਜੀ, ਹੈਲਥ-ਟੈਕ, ਟਿਕਾਊ ਤਕਨਾਲੋਜੀਆਂ, ਸਮਾਰਟ ਨਿਰਮਾਣ, ਅਤਿ-ਆਧੁਨਿਕ ਐਜੂ-ਟੈਕ (ਸਿੱਖਿਆ ਤਕਨਾਲੋਜੀ) ਅਤੇ ਐਗਰੀ-ਬਾਇਓਟੈਕ ਵਰਗੇ ਖੇਤਰਾਂ ਵਿੱਚ ਨਵੀਨਤਮ ਕਾਢਾਂ ਦਾ ਪ੍ਰਦਰਸ਼ਨ ਕੀਤਾ ਗਿਆ। ਇਹ ਪੰਜਾਬ ਦੀ 'ਡੀਪ-ਟੈਕ' ਖੋਜ, ਤਕਨਾਲੋਜੀ ਦੇ ਵਪਾਰੀਕਰਨ ਅਤੇ ਉੱਭਰਦੀਆਂ ਉਦਯੋਗਿਕ ਤੇ ਸਮਾਜਿਕ ਲੋੜਾਂ ਲਈ ਵਿਸਤਾਰਯੋਗ ਹੱਲ ਪ੍ਰਦਾਨ ਕਰਨ ਵਿੱਚ ਵਧ ਰਹੀ ਸਮਰੱਥਾ ਦਾ ਪ੍ਰਤੱਖ ਪ੍ਰਮਾਣ ਹੈ।

ਇਸ ਦੇ ਨਾਲ ਹੀ ਕਰਵਾਈ ਗਈ ਇੱਕ 'ਨਵੀਨਤਾ ਪ੍ਰਦਰਸ਼ਨੀ' ਰਾਹੀਂ ਪੰਜਾਬ ਦੇ ਉੱਭਰਦੇ ਉੱਦਮਾਂ ਦੀ ਵਿਭਿੰਨਤਾ ਅਤੇ ਤਕਨੀਕੀ ਸਮਰੱਥਾਵਾਂ ਨੂੰ ਹੋਰ ਉਜਾਗਰ ਕੀਤਾ। ਪ੍ਰਦਰਸ਼ਕਾਂ ਨੇ ਉੱਨਤ ਸਮੱਗਰੀ ਅਤੇ ਸਮਾਰਟ ਟੈਕਸਟਾਈਲ, ਟਿਕਾਊ ਨਿਰਮਾਣ, ਖੁਰਾਕ ਅਤੇ ਖੇਤੀ-ਤਕਨਾਲੋਜੀ, ਪੋਸ਼ਣ ਵਿਗਿਆਨ, ਏਆਈ-ਅਧਾਰਤ ਸਿੱਖਿਆ ਤਕਨਾਲੋਜੀ, ਰੋਬੋਟਿਕਸ ਅਤੇ ਇੰਟਰਐਕਟਿਵ ਲਰਨਿੰਗ ਸਲਿਊਸ਼ਨਜ਼ ਬਾਰੇ ਨਵੀਨਤਮ ਜਾਣਕਾਰੀ ਸਾਂਝੀ ਕੀਤੀ।

ਇਸ ਦੌਰਾਨ 'ਸਟਾਰਟਅੱਪ ਪੰਜਾਬ' ਨੇ ਆਪਣੇ 'ਜ਼ੋਹੋ ਫਾਰ ਸਟਾਰਟਅੱਪਸ' ਪ੍ਰੋਗਰਾਮ ਤਹਿਤ 'ਜ਼ੋਹੋ ਕਾਰਪੋਰੇਸ਼ਨ' ਨਾਲ ਇੱਕ ਸਮਝੌਤਾ ਪੱਤਰ (ਐਮਓਯੂ) ਵੀ ਸਹੀਬੱਧ ਕੀਤਾ। ਇਸ ਸਹਿਯੋਗ ਤਹਿਤ ਯੋਗ ਰਜਿਸਟਰਡ ਸਟਾਰਟਅੱਪਸ ਨੂੰ 1.86 ਲੱਖ ਰੁਪਏ ਤੱਕ ਦੇ 'ਜ਼ੋਹੋ ਵੌਲਿਟ ਕ੍ਰੈਡਿਟ' ਦਿੱਤੇ ਜਾਣਗੇ, ਜਿਸ ਨਾਲ ਉਹ ਡਿਜੀਟਲ ਕਾਰੋਬਾਰੀ ਹੱਲਾਂ ਤੱਕ ਪਹੁੰਚ ਕਰ ਸਕਣਗੇ, ਆਪਣੇ ਕੰਮਕਾਜ ਨੂੰ ਸੁਚਾਰੂ ਬਣਾ ਸਕਣਗੇ ਅਤੇ ਆਪਣੀਆਂ ਸਮਰੱਥਾਵਾਂ ਨੂੰ ਹੋਰ ਬਿਹਤਰ ਕਰ ਸਕਣਗੇ। ਸਮਾਗਮ ਦੌਰਾਨ ਪੰਜਾਬ ਦੇ ਵਧ ਰਹੇ ਸਹਾਇਕ ਢਾਂਚੇ ਨੂੰ ਵੀ ਉਜਾਗਰ ਕੀਤਾ ਗਿਆ, ਜਿਸ ਵਿੱਚ 25 ਤੋਂ ਵੱਧ ਮਾਨਤਾ ਪ੍ਰਾਪਤ ਇਨਕਿਊਬੇਟਰ ਅਤੇ ਐਕਸਲਰੇਟਰ, ਸਲਾਹਕਾਰਾਂ ਦਾ ਇੱਕ ਮਜ਼ਬੂਤ ਨੈੱਟਵਰਕ ਅਤੇ ਆਈਆਈਟੀ ਰੋਪੜ, ਆਈਆਈਐਸਈਆਰ ਮੋਹਾਲੀ, ਆਈਐਸਬੀ ਮੋਹਾਲੀ, ਪਲਾਕਸ਼ਾ ਯੂਨੀਵਰਸਿਟੀ, ਪੀਏਯੂ, ਗਡਵਾਸੂ ਅਤੇ ਥਾਪਰ ਇੰਸਟੀਚਿਊਟ ਨਾਲ ਸਾਂਝੇਦਾਰੀ ਸ਼ਾਮਲ ਹੈ।

ਉਦਯੋਗ ਅਤੇ ਵਣਜ ਵਿਭਾਗ ਦੇ ਪ੍ਰਸ਼ਾਸਕੀ ਸਕੱਤਰ, ਡਾ. ਬਸੰਤ ਗਰਗ ਨੇ ਕਿਹਾ ਕਿ 'ਸਟਾਰਟਅੱਪ ਪੰਜਾਬ' ਦੀ 'ਇਨਵੈਸਟਰ ਕੁਨੈਕਟ ਪਹਿਲਕਦਮੀ' ਤਹਿਤ ਸ਼ੁਰੂ ਕੀਤਾ 'ਪੰਜਾਬ ਇਨਵੈਸਟਰ ਸਰਕਲ' ਉਪਰਾਲਾ ਨਵੀਨਤਾਕਾਰੀ ਸਟਾਰਟਅੱਪਾਂ ਨੂੰ ਨਿਵੇਸ਼ਕਾਂ, ਉਦਯੋਗਿਕ ਆਗੂਆਂ ਅਤੇ ਫੰਡਿੰਗ ਸੰਸਥਾਵਾਂ ਨਾਲ ਜੋੜਨ ਲਈ ਇੱਕ ਢੁਕਵਾਂ ਮੰਚ ਹੈ। ਜੁਲਾਈ 2026 ਵਿੱਚ ਆਈ.ਐਨ.ਐਸ.ਟੀ. ਮੋਹਾਲੀ ਵਿਖੇ ਕਰਵਾਏ ਪਹਿਲੇ ਸੰਸਕਰਣ ਤੋਂ ਅਗਾਂਹ ਵਧਦਿਆਂ ਇਸ ਦੇ ਦੂਜੇ ਸੰਸਕਰਣ ਨੇ ਪੰਜਾਬ ਦੀ ਉੱਦਮੀ ਪ੍ਰਤਿਭਾ ਅਤੇ ਨਿਵੇਸ਼ਕ ਭਾਈਚਾਰੇ ਵਿਚਲੇ ਸੰਪਰਕ ਨੂੰ ਹੋਰ ਮਜ਼ਬੂਤ ਕੀਤਾ ਹੈ।

ਉਨ੍ਹਾਂ ਕਿਹਾ ਕਿ ਇਹ ਪਹਿਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨੌਜਵਾਨਾਂ ਦੀ ਅਗਵਾਈ ਵਾਲੇ ਉੱਦਮਾਂ ਨੂੰ ਉਤਸ਼ਾਹਿਤ ਕਰਨ, ਤਕਨਾਲੋਜੀ-ਅਧਾਰਤ ਵਿਕਾਸ ਨੂੰ ਤੇਜ਼ ਕਰਨ, ਨਵੀਨਤਾ ਨੂੰ ਉਤਸ਼ਾਹਿਤ ਕਰਨ ਅਤੇ ਪੰਜਾਬ ਭਰ ਵਿੱਚ ਨਵੇਂ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਦੇ ਸੁਪਨੇ ਨੂੰ ਦਰਸਾਉਂਦੀ ਹੈ।

ਉਨ੍ਹਾਂ ਕਿਹਾ ਕਿ ਪਹਿਲ ਸਟਾਰਟਅੱਪਸ, ਨਿਵੇਸ਼ਕਾਂ ਅਤੇ ਉਦਯੋਗ ਦੇ ਭਾਈਵਾਲਾਂ ਵਿਚਕਾਰ ਜੀਵੰਤ, ਨਿਵੇਸ਼ ਲਈ ਤਿਆਰ ਅਤੇ ਵਿਸ਼ਵ ਪੱਧਰੀ ਸਟਾਰਟਅੱਪ ਨੂੰ ਹੁਲਾਰਾ ਦੇਣ ਲਈ ਸਰਕਾਰ ਦੀ ਵਚਨਬੱਧਤਾ ਦਾ ਸਪੱਸ਼ਟ ਸਬੂਤ ਹੈ।

ਇਸ ਸਮਾਗਮ ਦੌਰਾਨ ਡਾਇਰੈਕਟਰ ਉਦਯੋਗ ਅਤੇ ਵਣਜ ਸ਼੍ਰੀ ਜਸਪ੍ਰੀਤ ਸਿੰਘ, ਪੰਜਾਬ ਵਿੱਤੀ ਕਾਰਪੋਰੇਸ਼ਨ ਦੀ ਮੈਨੇਜਿੰਗ ਡਾਇਰੈਕਟਰ ਸ਼੍ਰੀਮਤੀ ਸੇਨੂ ਦੁੱਗਲ ਅਤੇ ਵਿਭਾਗ ਦੇ ਸੀਨੀਅਰ ਅਧਿਕਾਰੀ ਵੀ ਹਾਜ਼ਰ ਸਨ।

ਦੀਵਿਆਂ ਦੀ ਲੋਅ ਨਾਲ ਵਾਤਾਵਰਨ ਸੰਭਾਲ ਦਾ ਸੁਨੇਹਾ, ਵਿਦਿਆਰਥੀਆਂ ਨੇ ਸਿਰਜੀ ਹਰੀ ਦੀਵਾਲੀ



ਜੈਤੋਂ, 5 ਨਵੰਬਰ
-ਮਨਜੀਤ ਸਿੰਘ ਢੱਲਾ-
-ਸ਼ਹੀਦ-ਏ-ਆਜ਼ਮ-ਬਿਊਰੋ-

ਐਚਐਸਐਨ ਸਕੂਲ ਆਫ ਐਮੀਨੈਂਸੀ ਜੈਤੋ ਵਿਖੇ ਪ੍ਰਿੰਸੀਪਲ ਸ਼੍ਰੀਮਤੀ ਅਮਰਜੀਤ ਕੌਰ ਦੀ ਅਗਵਾਈ ਹੇਠ ਈਕੋ ਕਲੱਬ ਦੇ ਵਿਦਿਆਰਥੀਆਂ ਵੱਲੋਂ ਹਰੀ ਦੀਵਾਲੀ ਦੇ ਸੰਕਲਪ ਨੂੰ ਸਮਰਪਿਤ ਵਿਸ਼ੇਸ਼ ਗਤੀਵਿਧੀ ਕਰਵਾਈ ਗਈ। ਇਸ ਮੌਕੇ ਵਿਦਿਆਰਥੀਆਂ ਨੇ ਆਪਣੀ ਸਿਰਜਣਾਤਮਕ ਪ੍ਰਤਿਭਾ ਦਾ ਪ੍ਰਗਟਾਵਾ ਕਰਦਿਆਂ ਆਪਣੇ ਹੱਥੀਂ ਵਾਤਾਵਰਨ ਪੱਖੀ ਸਜਾਵਟੀ ਸਮਾਨ ਤਿਆਰ ਕੀਤਾ।

ਵਿਦਿਆਰਥੀਆਂ ਵੱਲੋਂ ਤਿਆਰ ਕੀਤੇ ਪੌਦੇ, ਖ਼ੂਬਸੂਰਤ ਰੰਗਾਂ ਨਾਲ ਸਜਾਈਆਂ ਬੋਤਲਾਂ ਅਤੇ ਦੀਵੇ ਵਿਸ਼ੇਸ਼ ਖਿੱਚ ਦਾ ਕੇਂਦਰ ਬਣੇ। ਇਸ ਮੌਕੇ ਵਿਦਿਆਰਥੀਆਂ ਨੇ ਆਪਣਾ ਤਿਆਰ ਕੀਤਾ ਸਮਾਨ ਅਧਿਆਪਕਾਂ ਨੂੰ ਵੇਚਿਆ। ਇਸ ਗਤੀਵਿਧੀ ਰਾਹੀਂ ਵਿਦਿਆਰਥੀਆਂ ਨੂੰ ਸਵੈ-ਨਿਰਭਰਤਾ, ਮਿਹਨਤ ਦੀ ਕਦਰ ਅਤੇ ਰਚਨਾਤਮਕ ਸੋਚ ਦੀ ਮਹੱਤਤਾ ਬਾਰੇ ਵਿਹਾਰਕ ਅਨੁਭਵ ਪ੍ਰਾਪਤ ਹੋਇਆ।

ਇਸ ਉਪਰਾਲੇ ਦਾ ਮੁੱਖ ਮਕਸਦ ਦੀਵਾਲੀ ਦੇ ਤਿਉਹਾਰ ਨੂੰ ਵਾਤਾਵਰਨ ਪੱਖੀ ਢੰਗ ਨਾਲ ਮਨਾਉਣ, ਪੌਦਿਆਂ ਦੀ ਮਹੱਤਤਾ ਸਮਝਾਉਣ ਅਤੇ ਮੁੜ ਵਰਤੋਂ ਯੋਗ ਵਸਤਾਂ ਨੂੰ ਨਵੀਂ ਦਿੱਖ ਦੇ ਕੇ ਉਨ੍ਹਾਂ ਦੀ ਵਰਤੋਂ ਨੂੰ ਉਤਸ਼ਾਹਿਤ ਕਰਨਾ ਸੀ।

ਇਸ ਗਤੀਵਿਧੀ ਨੇ ਇਹ ਸੁਨੇਹਾ ਦਿੱਤਾ ਕਿ ਤਿਉਹਾਰਾਂ ਦੀ ਅਸਲ ਖ਼ੁਸ਼ੀ ਪ੍ਰਦੂਸ਼ਣ ਫੈਲਾਉਣ ਵਿੱਚ ਨਹੀਂ, ਸਗੋਂ ਕੁਦਰਤ ਨਾਲ ਸਾਂਝ ਪਾ ਕੇ ਖ਼ੁਸ਼ੀਆਂ ਵੰਡਣ ਵਿੱਚ ਹੈ। ਇਸ ਸਮੂਹ ਅਧਿਆਪਕ ਵਰਗ ਤੋਂ ਇਲਾਵਾ ਅਧਿਆਪਕ ਰਜਿੰਦਰ ਸਿੰਘ ਨੇ ਬੱਚਿਆਂ ਦੀ ਮਿਹਨਤ ਨੂੰ ਸ਼ਲਾਘਾਯੋਗ ਕਦਮ ਦੱਸਿਆ।

ਕੈਬਨਿਟ ਨੇ ਸਾਰੇ ਅਗਨੀਵੀਰਾਂ ਨੂੰ ਰੱਖਿਆ ਬਲਾਂ ਵਿੱਚ ਸ਼ਾਮਲ ਕਰਨ ਦਾ ਰਾਹ ਪੱਧਰਾ ਕੀਤਾ

ਨਵੀਂ ਦਿੱਲੀ, 5 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪਿਛਲੇ ਚਾਰ ਸਾਲਾਂ ਦੌਰਾਨ ਰੱਖਿਆ ਬਲਾਂ ਵੱਲੋਂ ਅਗਨੀਵੀਰਾਂ ਦੇ ਪ੍ਰਦਰਸ਼ਨ ਦੇ ਮੁਲਾਂਕਣ ਨੂੰ ਉਨ੍ਹਾਂ ਦੇ ਸਮੁੱਚੇ ਪ੍ਰਦਰਸ਼ਨ 'ਤੇ ਸਕਾਰਾਤਮਕ ਪ੍ਰਤੀਕਿਰਿਆ ਪ੍ਰਾਪਤ ਹੋਈ। ਪਹਿਲਾਂ ਦੀ ਵਿਵਸਥਾ ਦੇ ਅਨੁਸਾਰ, 25% ਅਗਨੀਵੀਰਾਂ ਨੂੰ ਯੋਗਤਾ ਦੇ ਅਧਾਰ 'ਤੇ ਰੱਖਿਆ ਬਲਾਂ ਵਿੱਚ ਨਿਯਮਿਤ ਸੇਵਾ ਦਾ ਮੌਕਾ ਦਿੱਤਾ ਜਾਵੇਗਾ। ਬਾਕੀ ਅਗਨੀਵੀਰਾਂ ਨੂੰ ਸਵੈ-ਇੱਛਤ ਅਧਾਰ 'ਤੇ ਦੋ ਸਾਲਾਂ ਦੀ ਇੱਕ ਹੋਰ ਸੇਵਾ ਮਿਆਦ ਦਾ ਵਿਕਲਪ ਦਿੱਤਾ ਜਾਵੇਗਾ। ਦੋ ਸਾਲਾਂ ਦੀ ਇਸ ਸੇਵਾ ਮਿਆਦ ਨੂੰ ਪੂਰਾ ਕਰਨ ਤੋਂ ਬਾਅਦ, ਸਾਰੇ ਅਗਨੀਵੀਰਾਂ ਨੂੰ ਉਨ੍ਹਾਂ ਦੀ ਇੱਛਾ 'ਤੇ ਅਤੇ ਨਿਰਧਾਰਿਤ ਚੋਣ ਮਾਪਦੰਡਾਂ ਨੂੰ ਪੂਰਾ ਕਰਨ ਦੀ ਸ਼ਰਤ 'ਤੇ ਨਿਯਮਿਤ ਸਿਪਾਹੀਆਂ ਵਜੋਂ ਭਰਤੀ ਕੀਤਾ ਜਾਵੇਗਾ। ਸੰਗਠਨਾਤਮਕ ਜ਼ਰੂਰਤਾਂ ਅਤੇ ਸੰਚਾਲਨ/ਰਣਨੀਤਕ ਕੁਸ਼ਲਤਾ 'ਤੇ ਉਦੇਸ਼ ਰੱਖਦੇ ਹੋਏ ਇੱਕ ਉਦੇਸ਼ਪੂਰਨ ਮੁਲਾਂਕਣ ਤੋਂ ਸਪੱਸ਼ਟ ਹੋਇਆ ਕਿ ਅਗਨੀਵੀਰਾਂ ਨੇ ਆਪਣੇ ਹੁਨਰ, ਪ੍ਰੇਰਣਾ ਪੱਧਰ, ਸਰੀਰਕ ਸਿਹਤ/ ਤੰਦਰੁਸਤੀ ਅਤੇ ਤਕਨੀਕੀ ਮੁਹਾਰਤ ਦੇ ਮਾਮਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਪਹਿਲਾਂ ਤੋਂ ਸਥਾਪਿਤ ਪ੍ਰਬੰਧ ਦੇ ਅਨੁਸਾਰ, 25 ਪ੍ਰਤੀਸ਼ਤ ਅਗਨੀਵੀਰਾਂ ਨੂੰ ਯੋਗਤਾ ਦੇ ਅਧਾਰ 'ਤੇ ਰੱਖਿਆ ਬਲਾਂ ਵਿੱਚ ਨਿਯਮਿਤ ਸੇਵਾ ਦਾ ਮੌਕਾ ਦਿੱਤਾ ਜਾਵੇਗਾ।

ਇਸ ਤੋਂ ਇਲਾਵਾ, ਭਾਰਤੀ ਰੱਖਿਆ ਬਲਾਂ ਦੀਆਂ ਸਿਫ਼ਾਰਸ਼ਾਂ ਦੇ ਅਧਾਰ ' ਤੇ ਮੰਤਰੀ ਮੰਡਲ ਨੇ ਬਾਕੀ 75 ਪ੍ਰਤੀਸ਼ਤ ਅਗਨੀਵੀਰਾਂ ਲਈ ਦੋ ਸਾਲਾਂ ਦੀ ਵਾਧੂ ਸੇਵਾ ਮਿਆਦ ਨੂੰ ਮਨਜ਼ੂਰੀ ਦੇ ਦਿੱਤੀ ਹੈ। ਇਸ ਵਾਧੂ ਦੋ ਸਾਲਾਂ ਦੀ ਸੇਵਾ ਮਿਆਦ ਪੂਰੀ ਹੋਣ 'ਤੇ , ਸਾਰੇ ਅਗਨੀਵੀਰਾਂ ਨੂੰ ਨਿਯਮਿਤ ਸਿਪਾਹੀਆਂ ਵਜੋਂ ਭਰਤੀ ਹੋਣ ਦਾ ਮੌਕਾ ਦਿੱਤਾ ਜਾਵੇਗਾ, ਜੋ ਕਿ ਉਨ੍ਹਾਂ ਦੀ ਇੱਛਾ ਅਤੇ ਨਿਰਧਾਰਿਤ ਚੋਣ ਮਾਪਦੰਡਾਂ ਨੂੰ ਪੂਰਾ ਕਰਨ ਦੇ ਅਧੀਨ ਹੋਵੇਗਾ।

ਇੱਛੁਕ 75% ਅਗਨੀਵੀਰਾਂ ਲਈ ਦੋ ਸਾਲਾਂ ਦੀ ਵਾਧੂ ਸੇਵਾ ਮਿਆਦ ਸ਼ੁਰੂ ਕਰਨ ਦਾ ਫੈਸਲਾ ਅਗਨੀਵੀਰਾਂ ਦੀਆਂ ਇੱਛਾਵਾਂ ਅਤੇ ਸੰਗਠਨਾਤਮਕ ਕੁਸ਼ਲਤਾ ਵਿਚਕਾਰ ਬਿਹਤਰ ਮੇਲ ਸਥਾਪਿਤ ਕਰਨ ਦੇ ਮੂਲ ਉਦੇਸ਼ ਨਾਲ ਪ੍ਰਾਪਤ ਵਿਸਤ੍ਰਿਤ, ਬਿਹਤਰ ਵਿਚਾਰੇ ਅਤੇ ਤਰਕਸ਼ੀਲ ਮੁਲਾਂਕਣ ਅਤੇ ਫੀਡਬੈਕ ਦੇ ਅਧਾਰ ' ਤੇ ਲਿਆ ਗਿਆ ਹੈ।

ਅਗਨੀਪਥ ਯੋਜਨਾ ਦੀਆਂ ਪ੍ਰਾਪਤੀਆਂ

ਇਸ ਯੋਜਨਾ ਦੇ ਚਾਰ ਸਾਲਾਂ ਬਾਅਦ, ਇਸਦੀ ਪ੍ਰਭਾਵਸ਼ੀਲਤਾ ਅਤੇ ਅਗਨੀਵੀਰਾਂ ਦੇ ਪ੍ਰਦਰਸ਼ਨ ਬਾਰੇ ਵਿਸਤ੍ਰਿਤ ਫੀਡਬੈਕ ਪ੍ਰਾਪਤ ਹੋਈਆਂ ਹਨ। ਅਗਨੀਪਥ ਯੋਜਨਾ ਦੀਆਂ ਕੁਝ ਪ੍ਰਮੁੱਖ ਪ੍ਰਾਪਤੀਆਂ ਇਸ ਪ੍ਰਕਾਰ ਹਨ :

ਦੇਸ਼ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਅਗਨੀਵੀਰਾਂ ਦੀ ਭਰਤੀ ਦਾ ਦਾਇਰਾ ਵਧਿਆ ਹੈ।

ਭਰਤੀ ਪ੍ਰਕਿਰਿਆ ਵਧੇਰੇ ਮਿਆਰੀ ਅਤੇ ਪਾਰਦਰਸ਼ੀ ਹੋ ਗਈ ਹੈ।

ਸਰੀਰਕ ਸਿਹਤ/ਤੰਦਰੁਸਤੀ, ਮਨੋਬਲ, ਪ੍ਰੇਰਣਾ, ਮੁਕਾਬਲੇ ਦੀ ਭਾਵਨਾ ਅਤੇ ਅਨੁਸ਼ਾਸਨ ਬਹੁਤ ਉੱਚੇ ਮਿਆਰਾਂ ਦੇ ਪਾਏ ਗਏ।

ਸੇਵਾ ਦੌਰਾਨ ਹੁਨਰ, ਤਕਨੀਕੀ ਅਨੁਕੂਲਤਾ ਅਤੇ ਵਿਦਿਅਕ ਯੋਗਤਾਵਾਂ ਵਿੱਚ ਵਾਧਾ ਹੋਇਆ ਹੈ।

ਰੱਖਿਆ ਬਲਾਂ ਦੀਆਂ ਵੱਖ-ਵੱਖ ਸ਼ਾਖਾਵਾਂ ਵਿੱਚ ਔਰਤਾਂ ਲਈ ਮੌਕਿਆਂ ਦੇ ਦਰਵਾਜ਼ੇ ਖੁੱਲ੍ਹੇ ਹਨ।

ਉਪਰੋਕਤ ਪ੍ਰਾਪਤੀਆਂ ਦੇ ਅਧਾਰ 'ਤੇ, ਅਗਨੀਪਥ ਯੋਜਨਾ ਜਾਰੀ ਰਹੇਗੀ। ਅਗਨੀਵੀਰਾਂ ਨੂੰ ਉਨ੍ਹਾਂ ਦੇ ਦੂਜੇ ਸੇਵਾ ਕਾਰਜਕਾਲ ਦੌਰਾਨ ਉੱਚ ਮਿਹਨਤਾਨਾ, ਵਧੇ ਹੋਏ ਸੇਵਾ ਫੰਡ ਪੈਕੇਜ ਅਤੇ ਸੀਨੀਅਰਤਾ ਲਾਭ ਪ੍ਰਦਾਨ ਕੀਤੇ ਜਾਣਗੇ। ਕੈਬਨਿਟ ਨੇ ਦੋ ਸਾਲਾਂ ਦੀ ਵਾਧੂ ਸੇਵਾ ਮਿਆਦ ਸ਼ੁਰੂ ਕਰਕੇ ਅਤੇ ਉਸ ਤੋਂ ਬਾਅਦ ਸਾਰੇ ਅਗਨੀਵੀਰਾਂ ਨੂੰ ਨਿਯਮਿਤ ਸਿਪਾਹੀਆਂ ਵਜੋਂ ਸ਼ਾਮਲ ਕਰਕੇ ਸਾਰੇ ਅਗਨੀਵੀਰਾਂ ਨੂੰ ਰੱਖਿਆ ਬਲਾਂ ਵਿੱਚ ਸਮਾਹਿਤ ਕਰਨ ਦਾ ਰਾਹ ਪੱਧਰਾ ਕਰ ਦਿੱਤਾ ਹੈ।



ਹਰਿਆਣਾ ਖ਼ਬਰਨਾਮਾ



ਅੰਬਾਲਾ ਵਿੱਚ ਸ਼ਹੀਦੀ ਸਮਾਰਕ ਦੇ ਉਦਘਾਟਨ ਮੌਕੇ ਅਮਿਤ ਸ਼ਾਹ ਦਾ ਹਰਿਆਣਾ ਦੀ ਧਰਤੀ 'ਤੇ ਸ਼ਾਨਦਾਰ ਸਵਾਗਤ ਕਰੇਗਾ ਸੂਬਾ : ਰਣਬੀਰ ਗੰਗਵਾ

ਚੰਡੀਗੜ੍ਹ, 5 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-



ਹਰਿਆਣਾ ਦੇ ਜਨ ਸਿਹਤ ਇੰਜੀਨੀਅਰਿੰਗ ਅਤੇ ਲੋਕ ਨਿਰਮਾਣ ਮੰਤਰੀ ਸ੍ਰੀ ਰਣਬੀਰ ਗੰਗਵਾ ਨੇ ਕਿਹਾ ਕਿ ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਸ੍ਰੀ ਅਮਿਤ ਸ਼ਾਹ ਦਾ 5 ਨਵੰਬਰ ਨੂੰ ਅੰਬਾਲਾ ਆਗਮਨ ਸੂਬੇ ਲਈ ਮਾਣ ਅਤੇ ਉਤਸ਼ਾਹ ਦਾ ਇੱਕ ਵੱਡਾ ਮੌਕਾ ਹੈ। ਹਰਿਆਣਾ ਦੀ ਵੀਰ ਭੂਮੀ 'ਤੇ ਉਨ੍ਹਾਂ ਦਾ ਸ਼ਾਨਦਾਰ ਸਵਾਗਤ ਕੀਤਾ ਜਾਵੇਗਾ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਵੀ ਇਸ ਇਤਿਹਾਸਕ ਸਮਾਗਮ ਵਿੱਚ ਮੌਜੂਦ ਰਹਿਣਗੇ। ਉਨ੍ਹਾਂ ਕਿਹਾ ਕਿ ਭਾਜਪਾ ਸਰਕਾਰ ਦੇ 12 ਸਾਲਾਂ ਦੇ ਕਾਰਜਕਾਲ ਦੌਰਾਨ ਹਰਿਆਣਾ ਨੇ ਵਿਕਾਸ ਦੇ ਨਾਲ-ਨਾਲ ਆਪਣੀ ਅਮੀਰ ਸੱਭਿਆਚਾਰਕ ਵਿਰਾਸਤ, ਸ਼ਾਨਦਾਰ ਇਤਿਹਾਸ ਅਤੇ ਵੀਰ ਪਰੰਪਰਾਵਾਂ ਨੂੰ ਨਵੀਂ ਪਛਾਣ ਦੇਣ ਦਾ ਕੰਮ ਕੀਤਾ ਹੈ। ਅੰਬਾਲਾ ਵਿੱਚ 1857 ਦੇ ਪਹਿਲੇ ਆਜ਼ਾਦੀ ਸੰਗਰਾਮ ਦੇ ਵੀਰ ਬਲਿਦਾਨੀਆਂ ਨੂੰ ਸਮਰਪਿਤ ਸ਼ਾਨਦਾਰ ਸ਼ਹੀਦੀ ਸਮਾਰਕ ਦਾ ਉਦਘਾਟਨ ਇਸੇ ਸੋਚ ਦਾ ਪ੍ਰਤੀਕ ਹੈ। ਇਹ ਸਮਾਰਕ ਸੂਬਾ ਵਾਸੀਆਂ ਲਈ ਮਾਣ ਦਾ ਕੇਂਦਰ ਬਣੇਗਾ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਦੇਸ਼ ਦੀ ਆਜ਼ਾਦੀ ਲਈ ਸੰਘਰਸ਼ ਕਰਨ ਵਾਲੇ ਵੀਰਾਂ ਦੀਆਂ ਸ਼ੌਰਿਆ ਗਾਥਾਵਾਂ ਨਾਲ ਜੋੜਨ ਦਾ ਕੰਮ ਕਰੇਗਾ।

ਸ੍ਰੀ ਗੰਗਵਾ ਨੇ ਕਿਹਾ ਕਿ ਹਰਿਆਣਾ ਦੀ ਮਿੱਟੀ ਨੇ ਹਮੇਸ਼ਾ ਦੇਸ਼ ਦੀ ਰੱਖਿਆ ਅਤੇ ਸਨਮਾਨ ਲਈ ਆਪਣਾ ਸਭ ਕੁਝ ਕੁਰਬਾਨ ਕਰਨ ਵਾਲੇ ਵੀਰ ਸਪੂਤਾਂ ਨੂੰ ਜਨਮ ਦਿੱਤਾ ਹੈ। 1857 ਦੇ ਪਹਿਲੇ ਆਜ਼ਾਦੀ ਸੰਗਰਾਮ ਵਿੱਚ ਵੀ ਇਸ ਧਰਤੀ ਦੇ ਵੀਰਾਂ ਨੇ ਅਦੁੱਤੀ ਸਾਹਸ ਅਤੇ ਬਲਿਦਾਨ ਦੀ ਮਿਸਾਲ ਪੇਸ਼ ਕੀਤੀ ਸੀ। ਅੰਬਾਲਾ ਵਿੱਚ ਬਣ ਕੇ ਤਿਆਰ ਹੋਇਆ ਇਹ ਸਮਾਰਕ ਉਨ੍ਹਾਂ ਜਾਣੇ-ਅਣਜਾਣੇ ਬਲਿਦਾਨੀਆਂ ਨੂੰ ਸੱਚੀ ਸ਼ਰਧਾਂਜਲੀ ਹੈ, ਜਿਨ੍ਹਾਂ ਦੇ ਸੰਘਰਸ਼ ਅਤੇ ਕੁਰਬਾਨੀ ਸਦਕਾ ਦੇਸ਼ ਦੀ ਆਜ਼ਾਦੀ ਦੀ ਨੀਂਹ ਮਜ਼ਬੂਤ ਹੋਈ। ਇੱਥੇ 700 ਤੋਂ ਵੱਧ ਵੀਰ ਬਲਿਦਾਨੀਆਂ ਦੇ ਨਾਮ ਸੁਨਹਿਰੀ ਅੱਖਰਾਂ ਵਿੱਚ ਉੱਕਰੇ ਗਏ ਹਨ। ਆਧੁਨਿਕ ਤਕਨੀਕ ਅਤੇ ਆਕਰਸ਼ਕ ਪੇਸ਼ਕਾਰੀਆਂ ਰਾਹੀਂ ਆਜ਼ਾਦੀ ਸੰਗਰਾਮ ਦੀ ਸ਼ਾਨਦਾਰ ਗਾਥਾ ਨੂੰ ਇਸ ਤਰ੍ਹਾਂ ਸਾਂਭਿਆ ਗਿਆ ਹੈ ਕਿ ਹਰ ਆਗੰਤੁਕ ਉਸ ਦੌਰ ਦੇ ਸੰਘਰਸ਼ ਅਤੇ ਬਲਿਦਾਨ ਨੂੰ ਮਹਿਸੂਸ ਕਰ ਸਕੇ।

ਉਨ੍ਹਾਂ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਦਾ ਇਹ ਦੌਰਾ ਹਰਿਆਣਾ ਲਈ ਇੱਕ ਯਾਦਗਾਰੀ ਮੌਕਾ ਹੋਵੇਗਾ। ਸ਼ਹੀਦੀ ਸਮਾਰਕ ਦਾ ਉਦਘਾਟਨ ਸੂਬੇ ਦੇ ਇਤਿਹਾਸ ਵਿੱਚ ਇੱਕ ਮਹੱਤਵਪੂਰਨ ਅਧਿਆਇ ਜੋੜੇਗਾ। ਇਹ ਸਿਰਫ਼ ਇੱਟਾਂ-ਪੱਥਰਾਂ ਨਾਲ ਬਣਿਆ ਸਮਾਰਕ ਨਹੀਂ, ਸਗੋਂ ਦੇਸ਼ ਭਗਤੀ, ਤਿਆਗ, ਸਾਹਸ ਅਤੇ ਰਾਸ਼ਟਰੀ ਸਵੈਮਾਣ ਦੀ ਜਿਊਂਦੀ-ਜਾਗਦੀ ਪ੍ਰੇਰਣਾ ਹੈ। ਸ੍ਰੀ ਅਮਿਤ ਸ਼ਾਹ ਅੰਬਾਲਾ ਦੇ ਗਾਂਧੀ ਗਰਾਊਂਡ ਵਿੱਚ ਜਨ ਸਭਾ ਨੂੰ ਵੀ ਸੰਬੋਧਨ ਕਰਨਗੇ। ਸ੍ਰੀ ਗੰਗਵਾ ਨੇ ਸੂਬਾ ਵਾਸੀਆਂ ਨੂੰ ਇਸ ਇਤਿਹਾਸਕ ਮੌਕੇ ਦਾ ਹਿੱਸਾ ਬਣਨ ਅਤੇ ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਅਤੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦਾ ਨਿੱਘਾ ਸਵਾਗਤ ਕਰਨ ਦਾ ਸੱਦਾ ਦਿੱਤਾ।

ਐਸਆਈਆਰ ਨੂੰ ਲੈ ਕੇ ਵਿਰੋਧੀ ਧਿਰ ਕਰ ਰਹੀ ਹੈ ਗੁੰਮਰਾਹਕੁੰਨ ਪ੍ਰਚਾਰ : ਨਾਇਬ ਸਿੰਘ ਸੈਣੀ

ਚੰਡੀਗੜ੍ਹ, 4 ਨਵੰਬਰ
-ਸੰਜੀਵ ਸ਼ਰਮਾ-
-ਸ਼ਹੀਦ-ਏ-ਆਜ਼ਮ-ਬਿਊਰੋ-

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਵੀਰਵਾਰ ਨੂੰ ਕਰਨਾਲ ਵਿਖੇ ਆਯੋਜਿਤ 'ਲੋਕਤੰਤਰ ਬਚਾਓ-ਅਰਾਜਕਤਾ ਹਟਾਓ' ਪਦਯਾਤਰਾ ਦੇ ਮੌਕੇ 'ਤੇ ਕਰਵਾਏ ਗਏ ਪ੍ਰੋਗਰਾਮ ਨੂੰ ਸੰਬੋਧਿਤ ਕੀਤਾ। ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਸ੍ਰੀ ਅਮਿਤ ਸ਼ਾਹ ਨੇ ਹਰੀ ਝੰਡੀ ਦਿਖਾ ਕੇ ਪਦਯਾਤਰਾ ਨੂੰ ਰਵਾਨਾ ਕੀਤਾ।



ਪਦਯਾਤਰਾ ਵਿੱਚ ਕੇਂਦਰੀ ਮੰਤਰੀ ਸ੍ਰੀ ਮਨੋਹਰ ਲਾਲ, ਹਰਿਆਣਾ ਪ੍ਰਦੇਸ਼ ਦੀ ਇੰਚਾਰਜ ਅਤੇ ਸਾਬਕਾ ਕੇਂਦਰੀ ਮੰਤਰੀ ਸ੍ਰੀਮਤੀ ਸਮ੍ਰਿਤੀ ਇਰਾਨੀ, ਭਾਜਪਾ ਦੇ ਸੂਬਾ ਪ੍ਰਧਾਨ ਡਾ. ਅਰਚਨਾ ਗੁਪਤਾ, ਕੈਬਨਿਟ ਮੰਤਰੀ ਸ੍ਰੀ ਕ੍ਰਿਸ਼ਨ ਲਾਲ ਪੰਵਾਰ, ਰਾਓ ਨਰਬੀਰ ਸਿੰਘ, ਸ੍ਰੀ ਮਹੀਪਾਲ ਢਾਂਡਾ, ਡਾ. ਅਰਵਿੰਦ ਸ਼ਰਮਾ, ਸ੍ਰੀ ਕ੍ਰਿਸ਼ਨ ਬੇਦੀ, ਰਾਜ ਮੰਤਰੀ ਸ੍ਰੀ ਗੌਰਵ ਗੌਤਮ, ਡਿਪਟੀ ਸਪੀਕਰ ਡਾ. ਕ੍ਰਿਸ਼ਨ ਮਿੱਢਾ, ਸਰਕਾਰੀ ਮੁੱਖ ਚੀਫ਼ ਵਿਪ ਅਤੇ ਵਿਧਾਇਕ ਰਾਮ ਕੁਮਾਰ ਕਸ਼ਯਪ, ਵਿਧਾਇਕ ਜਗਮੋਹਨ ਆਨੰਦ, ਵਿਧਾਇਕ ਭਗਵਾਨਦਾਸ ਕਬੀਰਪੰਥੀ, ਵਿਧਾਇਕ ਯੋਗੇਂਦਰ ਰਾਣਾ ਸਮੇਤ ਸੀਨੀਅਰ ਅਹੁਦੇਦਾਰ ਅਤੇ ਵੱਡੀ ਗਿਣਤੀ ਵਿੱਚ ਨਾਗਰਿਕ ਤੇ ਵਰਕਰ ਮੌਜੂਦ ਰਹੇ।

ਮੁੱਖ ਮੰਤਰੀ ਨੇ ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਸ੍ਰੀ ਅਮਿਤ ਸ਼ਾਹ ਦਾ ਹਰਿਆਣਾ ਦੀ ਪਵਿੱਤਰ ਧਰਤੀ 'ਤੇ ਪਹੁੰਚਣ 'ਤੇ ਸਵਾਗਤ ਅਤੇ ਅਭਿਨੰਦਨ ਕੀਤਾ। ਉਨ੍ਹਾਂ ਕਿਹਾ ਕਿ ਐਸਆਈਆਰ ਨੂੰ ਲੈ ਕੇ ਵਿਰੋਧੀ ਧਿਰ ਵੱਲੋਂ ਗੁੰਮਰਾਹਕੁੰਨ ਪ੍ਰਚਾਰ ਕੀਤਾ ਜਾ ਰਿਹਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਦਾਨਵੀਰ ਕਰਨ ਦੀ ਨਗਰੀ ਕਰਨਾਲ ਤਿਆਗ, ਸੇਵਾ ਅਤੇ ਦਾਨ ਦੀ ਪਰੰਪਰਾ ਲਈ ਜਾਣੀ ਜਾਂਦੀ ਹੈ। ਲੋਕਤੰਤਰ ਵਿੱਚ ਹਰੇਕ ਨਾਗਰਿਕ ਦੀ ਵੋਟ ਸਭ ਤੋਂ ਮਹੱਤਵਪੂਰਨ ਅਧਿਕਾਰ ਹੈ, ਜੋ ਦੇਸ਼ ਅਤੇ ਸੂਬੇ ਦੇ ਭਵਿੱਖ ਦੇ ਨਿਰਮਾਣ ਵਿੱਚ ਉਸਦੀ ਭਾਗੀਦਾਰੀ ਨੂੰ ਯਕੀਨੀ ਬਣਾਉਂਦੀ ਹੈ।

ਉਨ੍ਹਾਂ ਕਿਹਾ ਕਿ ਲੋਕਤੰਤਰ ਦੀ ਮਜ਼ਬੂਤੀ ਲਈ ਜ਼ਰੂਰੀ ਹੈ ਕਿ ਹਰੇਕ ਯੋਗ ਨਾਗਰਿਕ ਦਾ ਨਾਮ ਵੋਟਰ ਸੂਚੀ ਵਿੱਚ ਦਰਜ ਹੋਵੇ ਅਤੇ ਉਹ ਬਿਨਾਂ ਕਿਸੇ ਰੁਕਾਵਟ ਦੇ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰ ਸਕੇ। ਵੋਟਰ ਸੂਚੀ ਦੀ ਐਸਆਈਆਰ ਇਸੇ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਪ੍ਰਕਿਰਿਆ ਹੈ, ਜਿਸ ਦਾ ਉਦੇਸ਼ ਵੋਟਰ ਸੂਚੀ ਨੂੰ ਹੋਰ ਵਧੇਰੇ ਸ਼ੁੱਧ, ਪਾਰਦਰਸ਼ੀ ਅਤੇ ਭਰੋਸੇਯੋਗ ਬਣਾਉਣਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਦਾ ਸਪੱਸ਼ਟ ਸੰਕਲਪ ਹੈ ਕਿ ਕੋਈ ਵੀ ਯੋਗ ਨਾਗਰਿਕ ਆਪਣੇ ਵੋਟ ਦੇ ਅਧਿਕਾਰ ਤੋਂ ਵਾਂਝਾ ਨਾ ਰਹੇ। ਵੋਟਰ ਸੂਚੀ ਵਿੱਚ ਮ੍ਰਿਤਕ ਵਿਅਕਤੀਆਂ ਦੇ ਨਾਂ, ਦੋਹਰੀਆਂ ਐਂਟਰੀਆਂ ਅਤੇ ਗਲਤ ਰਿਕਾਰਡ ਦੀ ਨਿਯਮਾਂ ਅਨੁਸਾਰ ਜਾਂਚ ਕਰਕੇ ਉਚਿਤ ਪ੍ਰਕਿਰਿਆ ਤਹਿਤ ਸੁਧਾਰ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਸੂਬਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਅਤੇ ਆਪਣੇ ਪਰਿਵਾਰਕ ਮੈਂਬਰਾਂ ਦੇ ਨਾਂ ਵੋਟਰ ਸੂਚੀ ਵਿੱਚ ਜ਼ਰੂਰ ਜਾਂਚਣ ਅਤੇ ਕਿਸੇ ਵੀ ਤਰ੍ਹਾਂ ਦੀ ਗਲਤੀ ਹੋਣ 'ਤੇ ਸਬੰਧਤ ਚੋਣ ਅਧਿਕਾਰੀ ਕੋਲ ਨਿਯਮਾਂ ਅਨੁਸਾਰ ਦਾਅਵਾ ਜਾਂ ਇਤਰਾਜ਼ ਦਰਜ ਕਰਵਾਉਣ।

ਮੁੱਖ ਮੰਤਰੀ ਨੇ ਕਿਹਾ ਕਿ ਜਿਸ ਤਰ੍ਹਾਂ ਅਸੀਂ ਦੀਵਾਲੀ ਤੋਂ ਪਹਿਲਾਂ ਆਪਣੇ ਘਰਾਂ ਦੀ ਸਫ਼ਾਈ ਕਰਦੇ ਹਾਂ, ਉਸੇ ਤਰ੍ਹਾਂ ਲੋਕਤੰਤਰੀ ਵਿਵਸਥਾ ਨੂੰ ਮਜ਼ਬੂਤ ਬਣਾਉਣ ਲਈ ਵੋਟਰ ਸੂਚੀ ਦੀ ਸ਼ੁੱਧਤਾ ਅਤੇ ਪਾਰਦਰਸ਼ਤਾ ਵੀ ਜ਼ਰੂਰੀ ਹੈ।

ਇਹ ਪ੍ਰਕਿਰਿਆ ਕਿਸੇ ਵਿਅਕਤੀ ਜਾਂ ਵਰਗ ਦੇ ਵਿਰੁੱਧ ਨਹੀਂ, ਸਗੋਂ ਲੋਕਤੰਤਰੀ ਵਿਵਸਥਾ ਨੂੰ ਹੋਰ ਮਜ਼ਬੂਤ ਬਣਾਉਣ ਦਾ ਕੰਮ ਹੈ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਲੋਕਤੰਤਰ ਪ੍ਰਤੀ ਜਾਗਰੂਕ ਰਹਿਣ, ਤੱਥਾਂ ਨੂੰ ਸਮਝਣ, ਸੰਵਿਧਾਨਕ ਸੰਸਥਾਵਾਂ ਦਾ ਸਨਮਾਨ ਕਰਨ ਅਤੇ ਆਪਣੇ ਅਧਿਕਾਰਾਂ ਦੇ ਨਾਲ-ਨਾਲ ਫਰਜ਼ਾਂ ਦੀ ਵੀ ਪਾਲਣਾ ਕਰਨ।

ਹਸਪਤਾਲਾਂ ਵਿੱਚ ਇਲਾਜ ਦੌਰਾਨ ਮਾਂ ਅਤੇ ਨਵਜੰਮੇ ਬੱਚੇ ਨੂੰ ਇਕੱਠੇ ਰੱਖਣ ਦੀ ਦਿਸ਼ਾ ਵਿੱਚ ਹਰਿਆਣਾ ਦੀ ਪਹਿਲਕਦਮੀ, ਫੈਮਿਲੀ ਸੈਂਟਰਡ ਕੇਅਰ ਦਾ ਕੀਤਾ ਜਾਵੇਗਾ ਵਿਸਥਾਰ

ਸਿਹਤ ਵਿਭਾਗ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ ਦੀ ਅਗਵਾਈ ਹੇਠ ਸੂਬਾ ਪੱਧਰੀ ਮਾਂ-ਨਵਜੰਮੇ ਬੱਚੇ ਦੀ ਦੇਖਭਾਲ ਸਬੰਧੀ ਪਹਿਲਕਦਮੀ ਸ਼ੁਰੂ; ਮਾਂ ਅਤੇ ਬੱਚੇ ਵਿਚਕਾਰ ਚਮੜੀ ਨਾਲ ਚਮੜੀ ਦਾ ਸੰਪਰਕ, ਦੁੱਧ ਚੁੰਘਾਉਣ ਅਤੇ ਨਵਜੰਮੇ ਬੱਚੇ ਦੇ ਇਲਾਜ ਵਿੱਚ ਮਾਪਿਆਂ ਦੀ ਭਾਗੀਦਾਰੀ ਨੂੰ ਮਿਲੇਗਾ ਉਤਸ਼ਾਹ

ਚੰਡੀਗੜ੍ਹ, 5 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਗੰਭੀਰ ਰੂਪ ਵਿੱਚ ਬਿਮਾਰ ਨਵਜੰਮੇ ਬੱਚਿਆਂ ਦੀ ਜਾਨ ਬਚਾਉਣ ਦੀਆਂ ਤਿਆਰੀਆਂ ਨੂੰ ਹੋਰ ਮਜ਼ਬੂਤ ਕਰਦਿਆਂ ਹਰਿਆਣਾ ਸਰਕਾਰ ਸੂਬੇ ਵਿੱਚ ਲਗਭਗ 7 ਕਰੋੜ ਰੁਪਏ ਦੀ ਲਾਗਤ ਨਾਲ 19 ਵਾਧੂ ਨਵਜੰਮੇ ਵੈਂਟੀਲੇਟਰ ਉਪਲਬਧ ਕਰਵਾਉਣ ਜਾ ਰਹੀ ਹੈ। ਸੂਬੇ ਦੀਆਂ ਵਿਸ਼ੇਸ਼ ਨਵਜੰਮੇ ਬੱਚਿਆਂ ਦੀ ਦੇਖਭਾਲ ਇਕਾਈਆਂ (ਐੱਸਐੱਨਸੀਯੂ) ਵਿੱਚ ਪਹਿਲਾਂ ਹੀ 54 ਨਵਜੰਮੇ ਵੈਂਟੀਲੇਟਰ ਉਪਲਬਧ ਹਨ। ਇਨ੍ਹਾਂ 19 ਨਵੇਂ ਵੈਂਟੀਲੇਟਰਾਂ ਦੇ ਸ਼ਾਮਲ ਹੋਣ ਨਾਲ ਗੰਭੀਰ ਹਾਲਾਤਾਂ ਵਿੱਚ ਨਵਜੰਮੇ ਬੱਚਿਆਂ ਨੂੰ ਸਮੇਂ ਸਿਰ ਸਾਹ ਲੈਣ ਵਿੱਚ ਸਹਾਇਤਾ ਪ੍ਰਦਾਨ ਕਰਨ ਦੀ ਸਮਰੱਥਾ ਹੋਰ ਮਜ਼ਬੂਤ ਹੋਵੇਗੀ।

ਇਸ ਦੇ ਨਾਲ ਹੀ ਹਰਿਆਣਾ ਸਰਕਾਰ ਵਿਸ਼ੇਸ਼ ਨਵਜੰਮੇ ਬੱਚਿਆਂ ਦੀ ਦੇਖਭਾਲ ਇਕਾਈਆਂ ਨੂੰ ਏਕੀਕ੍ਰਿਤ ਮਾਂ-ਨਵਜੰਮੇ ਬੱਚੇ ਦੀ ਦੇਖਭਾਲ ਇਕਾਈਆਂ (ਐੱਮਐੱਨਸੀਯੂ) ਵਜੋਂ ਵਿਕਸਤ ਕਰਨ ਲਈ ਸੂਬਾ ਪੱਧਰੀ ਪਹਿਲਕਦਮੀ ਕਰ ਰਹੀ ਹੈ। ਇਸ ਤਹਿਤ ਡਾਕਟਰੀ ਤੌਰ 'ਤੇ ਢੁੱਕਵੀਆਂ ਸਥਿਤੀਆਂ ਵਿੱਚ ਹਸਪਤਾਲ ਵਿੱਚ ਇਲਾਜ ਦੌਰਾਨ ਮਾਂ ਨੂੰ ਆਪਣੇ ਨਵਜੰਮੇ ਬੱਚੇ ਦੇ ਨਾਲ ਰਹਿਣ ਦੀ ਸਹੂਲਤ ਦਿੱਤੀ ਜਾਵੇਗੀ। ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ ਨੇ ਬੁੱਧਵਾਰ ਨੂੰ ਇਹ ਜਾਣਕਾਰੀ ਦਿੱਤੀ। ਇਸ ਪਹਿਲਕਦਮੀ ਦਾ ਉਦੇਸ਼ ਹਸਪਤਾਲ ਵਿੱਚ ਦਾਖ਼ਲ ਨਵਜੰਮੇ ਬੱਚਿਆਂ ਨੂੰ ਉਨ੍ਹਾਂ ਦੀਆਂ ਮਾਵਾਂ ਤੋਂ ਬੇਲੋੜੇ ਤੌਰ 'ਤੇ ਵੱਖ ਹੋਣ ਤੋਂ ਬਚਾਉਣਾ ਹੈ। ਇਸ ਲਈ ਵਿਸ਼ੇਸ਼ ਡਾਕਟਰੀ ਇਲਾਜ ਦੇ ਨਾਲ-ਨਾਲ ਮਾਂ ਦੀ ਨਿਰੰਤਰ ਮੌਜੂਦਗੀ, ਦੁੱਧ ਚੁੰਘਾਉਣ ਵਿੱਚ ਸਹਿਯੋਗ ਅਤੇ ਬੱਚੇ ਦੀ ਦੇਖਭਾਲ ਵਿੱਚ ਪਰਿਵਾਰ ਦੀ ਭਾਗੀਦਾਰੀ ਯਕੀਨੀ ਬਣਾਈ ਜਾਵੇਗੀ।

ਨਵੀਂ ਵਿਵਸਥਾ ਤਹਿਤ ਮਾਵਾਂ ਨੂੰ ਹਸਪਤਾਲ ਵਿੱਚ ਦਾਖ਼ਲ ਰਹਿਣ ਦੌਰਾਨ ਆਪਣੇ ਬੱਚਿਆਂ ਦੇ ਕੋਲ ਰਹਿਣ ਅਤੇ ਸਿਖਲਾਈ ਪ੍ਰਾਪਤ ਡਾਕਟਰਾਂ ਅਤੇ ਨਰਸਾਂ ਦੀ ਦੇਖ-ਰੇਖ ਹੇਠ ਉਨ੍ਹਾਂ ਦੀ ਦੇਖਭਾਲ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਉਤਸ਼ਾਹਿਤ ਕੀਤਾ ਜਾਵੇਗਾ। ਸਿਹਤ ਵਿਭਾਗ ਅਨੁਸਾਰ, ਇਹ ਪਹਿਲਕਦਮੀ ਵਿਸ਼ਵ ਸਿਹਤ ਸੰਗਠਨ (ਡਬਲਯੂਐੱਚਓ) ਦੇ 'ਜ਼ੀਰੋ ਸੈਪਰੇਸ਼ਨ' ਅਰਥਾਤ ਮਾਂ ਅਤੇ ਨਵਜੰਮੇ ਬੱਚੇ ਨੂੰ ਵੱਖ ਨਾ ਕਰਨ ਦੇ ਸਿਧਾਂਤ 'ਤੇ ਆਧਾਰਿਤ ਹੈ। ਇਸ ਸਿਧਾਂਤ ਤਹਿਤ ਡਾਕਟਰੀ ਤੌਰ 'ਤੇ ਸੰਭਵ ਹੋਣ 'ਤੇ ਵਿਸ਼ੇਸ਼ ਨਵਜੰਮੇ ਬੱਚਿਆਂ ਦੀ ਦੇਖਭਾਲ ਦੀ ਲੋੜ ਵਾਲੇ ਮਾਮਲਿਆਂ ਵਿੱਚ ਵੀ ਮਾਂ ਅਤੇ ਬੱਚੇ ਨੂੰ ਇਕੱਠੇ ਰੱਖਣ 'ਤੇ ਜ਼ੋਰ ਦਿੱਤਾ ਜਾਂਦਾ ਹੈ।

ਇਹ ਮਾਡਲ ਵਿਸ਼ੇਸ਼ ਤੌਰ 'ਤੇ ਸਮੇਂ ਤੋਂ ਪਹਿਲਾਂ ਜਨਮੇ ਅਤੇ ਘੱਟ ਵਜ਼ਨ ਵਾਲੇ ਬੱਚਿਆਂ ਲਈ ਮਹੱਤਵਪੂਰਨ ਹੈ, ਜਿਨ੍ਹਾਂ ਨੂੰ ਲੰਬੇ ਸਮੇਂ ਤੱਕ ਹਸਪਤਾਲ ਵਿੱਚ ਦਾਖ਼ਲ ਰੱਖਣ, ਦੁੱਧ ਪਿਲਾਉਣ ਵਿੱਚ ਸਹਾਇਤਾ, ਸਰੀਰ ਦਾ ਤਾਪਮਾਨ ਨਿਯੰਤਰਿਤ ਰੱਖਣ ਅਤੇ ਲਗਾਤਾਰ ਡਾਕਟਰੀ ਨਿਗਰਾਨੀ ਦੀ ਲੋੜ ਹੋ ਸਕਦੀ ਹੈ।

ਨਵਜੰਮੇ ਬੱਚੇ ਦੀ ਦੇਖਭਾਲ ਵਿੱਚ ਸਰਗਰਮ ਭਾਈਵਾਲ ਬਣਨਗੀਆਂ ਮਾਵਾਂ

ਮਾਂ-ਨਵਜੰਮੇ ਬੱਚੇ ਦੀ ਦੇਖਭਾਲ ਇਕਾਈ (ਐੱਮਐੱਨਸੀਯੂ) ਦੀਆਂ ਪ੍ਰਮੁੱਖ ਵਿਸ਼ੇਸ਼ਤਾਵਾਂ ਵਿੱਚ ਕੰਗਾਰੂ ਮਦਰ ਕੇਅਰ (ਕੇਐੱਮਸੀ) ਸ਼ਾਮਲ ਹੈ। ਇਸ ਵਿੱਚ ਨਵਜੰਮੇ ਬੱਚੇ ਨੂੰ ਮਾਂ ਜਾਂ ਕਿਸੇ ਹੋਰ ਢੁੱਕਵੇਂ ਦੇਖਭਾਲਕਰਤਾ ਦੀ ਛਾਤੀ ਨਾਲ ਸਿੱਧੇ ਚਮੜੀ ਦੇ ਸੰਪਰਕ ਵਿੱਚ ਰੱਖਿਆ ਜਾਂਦਾ ਹੈ। ਇਹ ਪ੍ਰਕਿਰਿਆ ਬੱਚੇ ਦੇ ਸਰੀਰ ਦਾ ਤਾਪਮਾਨ ਬਰਕਰਾਰ ਰੱਖਣ, ਦੁੱਧ ਚੁੰਘਾਉਣ ਨੂੰ ਉਤਸ਼ਾਹਿਤ ਕਰਨ ਅਤੇ ਮਾਂ ਤੇ ਬੱਚੇ ਵਿਚਕਾਰ ਭਾਵਨਾਤਮਕ ਸਬੰਧ ਮਜ਼ਬੂਤ ਕਰਨ ਵਿੱਚ ਮਦਦ ਕਰਦੀ ਹੈ। ਇਹ ਵਿਸ਼ੇਸ਼ ਤੌਰ 'ਤੇ ਸਮੇਂ ਤੋਂ ਪਹਿਲਾਂ ਜਨਮੇ ਅਤੇ ਘੱਟ ਵਜ਼ਨ ਵਾਲੇ ਬੱਚਿਆਂ ਲਈ ਲਾਹੇਵੰਦ ਹੈ।

ਇਸ ਏਕੀਕ੍ਰਿਤ ਦੇਖਭਾਲ ਮਾਡਲ ਤਹਿਤ ਸਿਹਤ ਮਾਹਿਰ ਮਾਵਾਂ ਨੂੰ ਦੁੱਧ ਚੁੰਘਾਉਣ, ਨਵਜੰਮੇ ਬੱਚੇ ਦੇ ਪੋਸ਼ਣ, ਸਫ਼ਾਈ ਅਤੇ ਬਿਮਾਰੀ ਦੇ ਚੇਤਾਵਨੀ ਸੰਕੇਤਾਂ ਦੀ ਪਛਾਣ ਕਰਨ ਸਬੰਧੀ ਵੀ ਮਾਰਗਦਰਸ਼ਨ ਦੇਣਗੇ। ਵਿਭਾਗ ਅਨੁਸਾਰ, ਮਾਂ ਦੀ ਨਿਰੰਤਰ ਮੌਜੂਦਗੀ ਨਾਲ ਮਾਵਾਂ ਵਿੱਚ ਆਪਣੇ ਬੱਚਿਆਂ ਦੀ ਦੇਖਭਾਲ ਨੂੰ ਲੈ ਕੇ ਆਤਮਵਿਸ਼ਵਾਸ ਵਧੇਗਾ ਅਤੇ ਹਸਪਤਾਲ ਵਿੱਚ ਦਾਖ਼ਲ ਰਹਿਣ ਦੌਰਾਨ ਬੇਲੋੜੇ ਵਿਛੋੜੇ ਕਾਰਨ ਹੋਣ ਵਾਲੀ ਮਾਨਸਿਕ ਪ੍ਰੇਸ਼ਾਨੀ ਵੀ ਘੱਟ ਹੋਵੇਗੀ। ਲੋੜ ਅਤੇ ਢੁੱਕਵੇਂਪਣ ਅਨੁਸਾਰ ਪਰਿਵਾਰ ਦੇ ਹੋਰ ਮੈਂਬਰ ਵੀ ਸਿਹਤ ਕਰਮਚਾਰੀਆਂ ਦੀ ਨਿਗਰਾਨੀ ਹੇਠ ਬੱਚੇ ਦੀ ਰੋਜ਼ਾਨਾ ਦੇਖਭਾਲ ਵਿੱਚ ਹਿੱਸਾ ਲੈ ਸਕਣਗੇ।

ਅੰਬਾਲਾ ਅਤੇ ਕੁਰੂਕਸ਼ੇਤਰ ਬਣੇ ਸੂਬਾ ਪੱਧਰੀ ਵਿਸਥਾਰ ਲਈ ਮਾਡਲ

ਸੂਬਾ ਪੱਧਰੀ ਪਹਿਲਕਦਮੀ ਦੀ ਸ਼ੁਰੂਆਤ ਅੰਬਾਲਾ ਸ਼ਹਿਰ ਅਤੇ ਕੁਰੂਕਸ਼ੇਤਰ ਦੇ ਜ਼ਿਲ੍ਹਾ ਹਸਪਤਾਲਾਂ ਵਿੱਚ ਸਥਾਪਤ ਮਾਂ-ਨਵਜੰਮੇ ਬੱਚੇ ਦੀ ਦੇਖਭਾਲ ਸਹੂਲਤਾਂ ਤੋਂ ਪ੍ਰਾਪਤ ਖੋਜ ਅਤੇ ਵਿਹਾਰਕ ਤਜਰਬੇ ਦੇ ਆਧਾਰ 'ਤੇ ਕੀਤੀ ਜਾ ਰਹੀ ਹੈ। ਸਿਹਤ ਵਿਭਾਗ ਅਨੁਸਾਰ, ਸੋਸਾਇਟੀ ਫਾਰ ਅਪਲਾਈਡ ਸਟੱਡੀਜ਼ ਅਤੇ ਵਿਸ਼ਵ ਸਿਹਤ ਸੰਗਠਨ ਨੇ ਹਰਿਆਣਾ ਸਰਕਾਰ ਦੇ ਸਹਿਯੋਗ ਨਾਲ ਅੰਬਾਲਾ ਸ਼ਹਿਰ ਦੇ ਜ਼ਿਲ੍ਹਾ ਹਸਪਤਾਲ ਵਿੱਚ ਇਮੀਡੀਏਟ ਕੰਗਾਰੂ ਮਦਰ ਕੇਅਰ ਸਬੰਧੀ ਇੱਕ ਕਾਰਜ-ਅਮਲ ਖੋਜ ਅਧਿਐਨ ਸ਼ੁਰੂ ਕੀਤਾ ਸੀ।

ਇਸ ਖੋਜ ਤਹਿਤ ਅੰਬਾਲਾ ਸ਼ਹਿਰ ਦੇ ਲੈਵਲ-2 ਸਿਹਤ ਸਹੂਲਤ ਵਾਲੇ ਜ਼ਿਲ੍ਹਾ ਹਸਪਤਾਲ ਵਿੱਚ ਦੇਸ਼ ਦੀ ਪਹਿਲੀ ਜ਼ਿਲ੍ਹਾ ਪੱਧਰੀ ਮਾਂ-ਨਵਜੰਮੇ ਬੱਚੇ ਦੀ ਦੇਖਭਾਲ ਇਕਾਈ ਸਥਾਪਤ ਕੀਤੀ ਗਈ।

ਇਸ ਪਹਿਲਕਦਮੀ ਨੇ ਇਹ ਦਰਸਾਇਆ ਕਿ ਵਿਸ਼ੇਸ਼ ਨਵਜੰਮੇ ਬੱਚਿਆਂ ਦੇ ਡਾਕਟਰੀ ਇਲਾਜ ਦੇ ਨਾਲ ਮਾਂ ਦੀ ਨਿਰੰਤਰ ਮੌਜੂਦਗੀ ਨੂੰ ਕਿਸ ਤਰ੍ਹਾਂ ਏਕੀਕ੍ਰਿਤ ਕੀਤਾ ਜਾ ਸਕਦਾ ਹੈ। ਅੰਬਾਲਾ ਦੀ ਪਹਿਲਕਦਮੀ ਤੋਂ ਬਾਅਦ ਕੁਰੂਕਸ਼ੇਤਰ ਜ਼ਿਲ੍ਹਾ ਹਸਪਤਾਲ ਵਿੱਚ ਵੀ ਇੱਕ ਮਾਂ-ਨਵਜੰਮੇ ਬੱਚੇ ਦੀ ਦੇਖਭਾਲ ਇਕਾਈ ਸਥਾਪਤ ਕੀਤੀ ਗਈ, ਜੋ ਬਾਅਦ ਵਿੱਚ ਸੂਬਾ ਪੱਧਰੀ ਪ੍ਰੋਗਰਾਮ ਲਈ ਮਾਡਲ ਸਹੂਲਤ ਬਣੀ।

ਹਰਿਆਣਾ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਸਿਹਤ ਅਧਿਕਾਰੀਆਂ ਨੇ ਕੁਰੂਕਸ਼ੇਤਰ ਸਥਿਤ ਇਸ ਇਕਾਈ ਦਾ ਦੌਰਾ ਕਰਕੇ ਉੱਥੇ ਉਪਲਬਧ ਬੁਨਿਆਦੀ ਢਾਂਚੇ, ਮੈਡੀਕਲ ਉਪਕਰਨਾਂ, ਇਨਫੈਕਸ਼ਨ ਕੰਟਰੋਲ ਉਪਾਵਾਂ, ਸਟਾਫ਼ ਦੀ ਵਿਵਸਥਾ ਅਤੇ ਡਾਕਟਰੀ ਪ੍ਰਕਿਰਿਆਵਾਂ ਦਾ ਅਧਿਐਨ ਕੀਤਾ, ਤਾਂ ਜੋ ਆਪਣੇ-ਆਪਣੇ ਜ਼ਿਲ੍ਹਿਆਂ ਵਿੱਚ ਵੀ ਇਸੇ ਤਰ੍ਹਾਂ ਦੀਆਂ ਸਹੂਲਤਾਂ ਸਥਾਪਤ ਕੀਤੀਆਂ ਜਾ ਸਕਣ।

ਰਾਸ਼ਟਰੀ ਸਿਹਤ ਮਿਸ਼ਨ, ਹਰਿਆਣਾ ਨੇ ਸੋਸਾਇਟੀ ਫਾਰ ਅਪਲਾਈਡ ਸਟੱਡੀਜ਼ ਦੇ ਤਾਲਮੇਲ ਨਾਲ ਇਹ ਓਰੀਐਂਟੇਸ਼ਨ ਦੌਰੇ ਕਰਵਾਏ, ਤਾਂ ਜੋ ਜ਼ਿਲ੍ਹਾ ਸਿਹਤ ਟੀਮਾਂ ਇਸ ਪਹਿਲਕਦਮੀ ਦੇ ਵਿਸਥਾਰ ਲਈ ਲੋੜੀਂਦੀਆਂ ਤਿਆਰੀਆਂ ਕਰ ਸਕਣ।

ਵਿਸ਼ੇਸ਼ ਨਵਜੰਮੇ ਬੱਚਿਆਂ ਦੀ ਦੇਖਭਾਲ ਇਕਾਈਆਂ ਨੂੰ ਅਪਗ੍ਰੇਡ ਕਰਨ ਦੀ ਸੂਬਾ ਪੱਧਰੀ ਯੋਜਨਾ

ਡਾ. ਸੁਮਿਤਾ ਮਿਸ਼ਰਾ ਨੇ 21 ਅਗਸਤ ਨੂੰ ਰਾਸ਼ਟਰੀ ਸਿਹਤ ਮਿਸ਼ਨ ਦੀ ਕਾਰਜਕਾਰੀ ਕਮੇਟੀ ਦੀ ਮੀਟਿੰਗ ਵਿੱਚ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਸਨ ਕਿ ਹਰਿਆਣਾ ਦੀਆਂ ਸਾਰੀਆਂ ਵਿਸ਼ੇਸ਼ ਨਵਜੰਮੇ ਬੱਚਿਆਂ ਦੀ ਦੇਖਭਾਲ ਇਕਾਈਆਂ ਨੂੰ 1 ਨਵੰਬਰ, 2026 ਤੱਕ ਮਾਂ-ਨਵਜੰਮੇ ਬੱਚੇ ਦੀ ਦੇਖਭਾਲ ਇਕਾਈਆਂ ਵਜੋਂ ਸਥਾਪਤ ਜਾਂ ਅਪਗ੍ਰੇਡ ਕੀਤਾ ਜਾਵੇ।

ਇਹ ਨਿਰਦੇਸ਼ ਹਸਪਤਾਲਾਂ ਵਿੱਚ ਨਵਜੰਮੇ ਬੱਚਿਆਂ ਦੀਆਂ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਅਤੇ ਮੌਜੂਦਾ ਮੈਡੀਕਲ ਸਹੂਲਤਾਂ ਵਿੱਚ ਪਰਿਵਾਰ-ਕੇਂਦਰਿਤ ਦੇਖਭਾਲ ਨੂੰ ਸ਼ਾਮਲ ਕਰਨ ਦੀ ਰਾਜ ਸਰਕਾਰ ਦੀ ਵਿਆਪਕ ਰਣਨੀਤੀ ਦਾ ਹਿੱਸਾ ਹਨ। ਅਗਸਤ ਵਿੱਚ ਮਾਂ ਅਤੇ ਬੱਚੇ ਦੀਆਂ ਸਿਹਤ ਸੇਵਾਵਾਂ ਦੀ ਸਮੀਖਿਆ ਦੌਰਾਨ ਜਾਰੀ ਕੀਤੇ ਗਏ ਅੰਕੜਿਆਂ ਅਨੁਸਾਰ, ਹਰਿਆਣਾ ਵਿੱਚ ਕੁੱਲ 29 ਵਿਸ਼ੇਸ਼ ਨਵਜੰਮੇ ਬੱਚਿਆਂ ਦੀ ਦੇਖਭਾਲ ਇਕਾਈਆਂ ਚੱਲ ਰਹੀਆਂ ਸਨ।

ਹਾਲਾਂਕਿ, ਬੁੱਧਵਾਰ ਨੂੰ ਜਾਰੀ ਕੀਤੀ ਗਈ ਜਾਣਕਾਰੀ ਵਿੱਚ ਇਹ ਸਪੱਸ਼ਟ ਨਹੀਂ ਕੀਤਾ ਗਿਆ ਕਿ ਇਨ੍ਹਾਂ ਵਿੱਚੋਂ ਕਿੰਨੀਆਂ ਇਕਾਈਆਂ ਪੂਰੀ ਤਰ੍ਹਾਂ ਮਾਂ-ਨਵਜੰਮੇ ਬੱਚੇ ਦੀ ਦੇਖਭਾਲ ਮਾਡਲ ਵਿੱਚ ਤਬਦੀਲ ਹੋ ਚੁੱਕੀਆਂ ਹਨ। ਵਿਭਾਗ ਅਨੁਸਾਰ, ਇਸ ਪਹਿਲਕਦਮੀ ਦੇ ਵਿਸਥਾਰ ਲਈ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਰਾਸ਼ਟਰੀ ਸਿਹਤ ਮਿਸ਼ਨ, ਜ਼ਿਲ੍ਹਾ ਸਿਹਤ ਅਥਾਰਟੀਆਂ ਅਤੇ ਸੋਸਾਇਟੀ ਫਾਰ ਅਪਲਾਈਡ ਸਟੱਡੀਜ਼ ਵਿਚਕਾਰ ਤਾਲਮੇਲ ਸਥਾਪਤ ਕੀਤਾ ਜਾ ਰਿਹਾ ਹੈ।

ਮਾਂ ਦੀ ਮੌਜੂਦਗੀ ਦੇ ਨਾਲ ਜਾਰੀ ਰਹੇਗਾ ਵਿਸ਼ੇਸ਼ ਡਾਕਟਰੀ ਇਲਾਜ

ਸਿਹਤ ਵਿਭਾਗ ਨੇ ਸਪੱਸ਼ਟ ਕੀਤਾ ਕਿ ਮਾਂ-ਨਵਜੰਮੇ ਬੱਚੇ ਦੀ ਦੇਖਭਾਲ ਮਾਡਲ ਵਿੱਚ ਮਾਂ ਦੀ ਭਾਗੀਦਾਰੀ ਨੂੰ ਢੁੱਕਵੀਂ ਡਾਕਟਰੀ ਜਾਂਚ, ਨਿਗਰਾਨੀ ਅਤੇ ਇਲਾਜ ਦੇ ਨਾਲ ਏਕੀਕ੍ਰਿਤ ਕੀਤਾ ਜਾਵੇਗਾ। ਨਵਜੰਮੇ ਬੱਚੇ ਦੀ ਡਾਕਟਰੀ ਸਥਿਤੀ ਅਤੇ ਸਿਹਤ ਕੇਂਦਰ ਦੀਆਂ ਸਹੂਲਤਾਂ ਅਨੁਸਾਰ ਇਲਾਜ ਵਿੱਚ ਆਕਸੀਜਨ ਸਪੋਰਟ, ਕੰਟੀਨਿਊਅਸ ਪਾਜ਼ੀਟਿਵ ਏਅਰਵੇਅ ਪ੍ਰੈਸ਼ਰ (ਸੀਪੀਏਪੀ) ਸਹਾਇਤਾ, ਪੀਲੀਆ ਦੇ ਇਲਾਜ ਲਈ ਫੋਟੋਥੈਰੇਪੀ, ਦੁੱਧ ਪਿਲਾਉਣ ਵਿੱਚ ਸਹਾਇਤਾ ਅਤੇ ਨਿਰਧਾਰਤ ਦਵਾਈਆਂ ਸ਼ਾਮਲ ਹੋ ਸਕਦੀਆਂ ਹਨ।

ਜਿਨ੍ਹਾਂ ਬੱਚਿਆਂ ਨੂੰ ਵਧੇਰੇ ਉੱਨਤ ਡਾਕਟਰੀ ਸਹੂਲਤਾਂ ਦੀ ਲੋੜ ਹੋਵੇਗੀ, ਉਨ੍ਹਾਂ ਨੂੰ ਡਾਕਟਰੀ ਜ਼ਰੂਰਤ ਅਨੁਸਾਰ ਉੱਚ ਪੱਧਰੀ ਸਿਹਤ ਸੰਸਥਾਵਾਂ ਵਿੱਚ ਰੈਫਰ ਕੀਤਾ ਜਾਂਦਾ ਰਹੇਗਾ। ਵਿਭਾਗ ਨੇ ਕਿਹਾ ਕਿ ਇਸ ਪ੍ਰੋਗਰਾਮ ਵਿੱਚ ਇਨਫੈਕਸ਼ਨ ਦੀ ਰੋਕਥਾਮ ਨੂੰ ਵਿਸ਼ੇਸ਼ ਮਹੱਤਵ ਦਿੱਤਾ ਜਾਵੇਗਾ। ਇਸ ਲਈ ਹੱਥਾਂ ਦੀ ਸਫ਼ਾਈ, ਹਸਪਤਾਲ ਦੇ ਅਹਾਤੇ ਦੀ ਨਿਯਮਤ ਸਫ਼ਾਈ, ਉਪਕਰਨਾਂ ਨੂੰ ਇਨਫੈਕਸ਼ਨ ਮੁਕਤ ਕਰਨਾ, ਬਾਇਓ ਮੈਡੀਕਲ ਵੇਸਟ ਦਾ ਪ੍ਰਬੰਧਨ ਅਤੇ ਵਿਸ਼ੇਸ਼ ਦੇਖਭਾਲ ਇਕਾਈਆਂ ਵਿੱਚ ਆਵਾਜਾਈ ਸਬੰਧੀ ਨਿਰਧਾਰਤ ਪ੍ਰੋਟੋਕੋਲ ਦੀ ਪਾਲਣਾ ਕੀਤੀ ਜਾਵੇਗੀ।

ਹਸਪਤਾਲ ਤੋਂ ਛੁੱਟੀ ਮਿਲਣ ਤੋਂ ਪਹਿਲਾਂ ਪਰਿਵਾਰਾਂ ਨੂੰ ਦਿੱਤਾ ਜਾਵੇਗਾ ਮਾਰਗਦਰਸ਼ਨ

ਇਸ ਪਹਿਲਕਦਮੀ ਦਾ ਇੱਕ ਮਹੱਤਵਪੂਰਨ ਉਦੇਸ਼ ਮਾਪਿਆਂ ਨੂੰ ਹਸਪਤਾਲ ਤੋਂ ਛੁੱਟੀ ਮਿਲਣ ਤੋਂ ਬਾਅਦ ਘਰ ਵਿੱਚ ਨਵਜੰਮੇ ਬੱਚੇ ਦੀ ਬਿਹਤਰ ਦੇਖਭਾਲ ਲਈ ਤਿਆਰ ਕਰਨਾ ਵੀ ਹੈ। ਮਾਵਾਂ ਅਤੇ ਹੋਰ ਯੋਗ ਦੇਖਭਾਲਕਰਤਾਵਾਂ ਨੂੰ ਦੁੱਧ ਚੁੰਘਾਉਣ, ਕੰਗਾਰੂ ਮਦਰ ਕੇਅਰ, ਨਵਜੰਮੇ ਬੱਚੇ ਦੀ ਸਫ਼ਾਈ, ਡਾਕਟਰੀ ਸਹਾਇਤਾ ਦੀ ਲੋੜ ਵਾਲੇ ਚੇਤਾਵਨੀ ਸੰਕੇਤਾਂ ਅਤੇ ਨਿਯਮਤ ਫਾਲੋਅੱਪ ਸਬੰਧੀ ਜਾਣਕਾਰੀ ਦਿੱਤੀ ਜਾਵੇਗੀ। ਵਿਭਾਗ ਅਨੁਸਾਰ, ਇਲਾਜ ਦੀਆਂ ਢੁੱਕਵੀਆਂ ਪ੍ਰਕਿਰਿਆਵਾਂ ਵਿੱਚ ਮਾਵਾਂ ਦੀ ਭਾਗੀਦਾਰੀ ਨਾਲ ਪਰਿਵਾਰ ਬੱਚੇ ਦੀਆਂ ਲੋੜਾਂ ਨੂੰ ਬਿਹਤਰ ਢੰਗ ਨਾਲ ਸਮਝ ਸਕਣਗੇ ਅਤੇ ਹਸਪਤਾਲ ਤੋਂ ਛੁੱਟੀ ਮਿਲਣ ਤੋਂ ਬਾਅਦ ਵੀ ਸੁਝਾਈ ਗਈ ਦੇਖਭਾਲ ਜਾਰੀ ਰੱਖਣ ਲਈ ਤਿਆਰ ਹੋਣਗੇ।

ਐੱਮਐੱਨਸੀਯੂ ਮਾਡਲ ਦਾ ਉਦੇਸ਼ ਸਿਹਤ ਕਰਮਚਾਰੀਆਂ ਵਿਚਕਾਰ ਬਿਹਤਰ ਤਾਲਮੇਲ ਸਥਾਪਤ ਕਰਨਾ, ਡਾਕਟਰੀ ਪ੍ਰਕਿਰਿਆਵਾਂ ਨੂੰ ਮਿਆਰੀ ਬਣਾਉਣਾ ਅਤੇ ਮੌਜੂਦਾ ਸਰਕਾਰੀ ਸਿਹਤ ਸਹੂਲਤਾਂ ਵਿੱਚ ਨਵਜੰਮੇ ਬੱਚਿਆਂ ਦੀ ਦੇਖਭਾਲ ਦੀ ਵਿਵਸਥਾ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣਾ ਵੀ ਹੈ। ਇਹ ਸੂਬਾ ਪੱਧਰੀ ਪਹਿਲਕਦਮੀ ਮਾਂ ਅਤੇ ਨਵਜੰਮੇ ਬੱਚੇ ਦੋਵਾਂ ਦੀਆਂ ਲੋੜਾਂ ਪ੍ਰਤੀ ਸਿਹਤ ਸੇਵਾਵਾਂ ਨੂੰ ਵਧੇਰੇ ਸੰਵੇਦਨਸ਼ੀਲ ਬਣਾਉਣ ਦੇ ਨਾਲ-ਨਾਲ ਡਾਕਟਰੀ ਸੁਰੱਖਿਆ ਅਤੇ ਢੁੱਕਵੀਂ ਨਿਗਰਾਨੀ ਯਕੀਨੀ ਬਣਾਉਣ ਦੀ ਦਿਸ਼ਾ ਵਿੱਚ ਹਰਿਆਣਾ ਸਰਕਾਰ ਦੇ ਯਤਨਾਂ ਨੂੰ ਦਰਸਾਉਂਦੀ ਹੈ।

ਡਾ. ਮਿਸ਼ਰਾ ਨੇ ਕਿਹਾ ਕਿ ਵਿਸ਼ੇਸ਼ ਡਾਕਟਰੀ ਇਲਾਜ ਦੇ ਨਾਲ ਮਾਂ ਦੀ ਮੌਜੂਦਗੀ ਅਤੇ ਪਰਿਵਾਰ ਦੀ ਭਾਗੀਦਾਰੀ ਨੂੰ ਜੋੜ ਕੇ ਇਸ ਪ੍ਰੋਗਰਾਮ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕਮਜ਼ੋਰ ਅਤੇ ਗੰਭੀਰ ਰੂਪ ਵਿੱਚ ਬਿਮਾਰ ਨਵਜੰਮੇ ਬੱਚਿਆਂ ਨੂੰ ਸਿਹਤਯਾਬ ਹੋਣ ਦੌਰਾਨ ਡਾਕਟਰੀ ਸਹੂਲਤਾਂ ਦੇ ਨਾਲ-ਨਾਲ ਆਪਣੀ ਮਾਂ ਦਾ ਪਿਆਰ, ਸੁਰੱਖਿਆ ਅਤੇ ਸਹਿਯੋਗ ਵੀ ਮਿਲ ਸਕੇ।

'ਮੇਰੀ ਫ਼ਸਲ ਮੇਰਾ ਬਿਓਰਾ' ਨਾਲ ਜੁੜੇ ਕਿਸਾਨਾਂ ਨੂੰ ਮਿਲੇਗੀ 80 ਫ਼ੀਸਦੀ ਸਬਸਿਡੀ : ਸ਼ਿਆਮ ਸਿੰਘ ਰਾਣਾ

ਚੰਡੀਗੜ੍ਹ, 5 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-



ਹਰਿਆਣਾ ਵਿੱਚ ਜੈਵਿਕ ਖੇਤੀ ਨੂੰ ਵਿਆਪਕ ਪੱਧਰ 'ਤੇ ਉਤਸ਼ਾਹਿਤ ਕਰਨ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਦੇ ਉਦੇਸ਼ ਨਾਲ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਵੱਲੋਂ ਕੀਤੇ ਗਏ ਬਜਟ ਐਲਾਨ 'ਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਨੇ ਤੇਜ਼ੀ ਨਾਲ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਨੇ ਦੱਸਿਆ ਕਿ ਸੂਬਾ ਸਰਕਾਰ ਕੁਦਰਤੀ ਅਤੇ ਜੈਵਿਕ ਖੇਤੀ ਨੂੰ ਉਤਸ਼ਾਹਿਤ ਕਰਨ ਲਈ ਵਚਨਬੱਧ ਹੈ।

ਸ੍ਰੀ ਰਾਣਾ ਨੇ ਦੱਸਿਆ ਕਿ 'ਮੇਰੀ ਫ਼ਸਲ ਮੇਰਾ ਬਿਓਰਾ' ਪੋਰਟਲ 'ਤੇ ਰਜਿਸਟਰਡ ਕਿਸਾਨਾਂ ਨੂੰ ਜੈਵਿਕ ਖਾਦ 'ਤੇ 80 ਫ਼ੀਸਦੀ ਤੱਕ ਦੀ ਭਾਰੀ ਸਬਸਿਡੀ ਦਿੱਤੀ ਜਾਵੇਗੀ। ਇਸ ਦੇ ਨਾਲ ਹੀ ਜੈਵਿਕ ਖਾਦਾਂ ਦੀ ਵਿਕਰੀ ਨੂੰ ਸੁਖਾਲਾ ਬਣਾਉਣ ਲਈ ਵਿਕਰੇਤਾਵਾਂ ਨੂੰ 5 ਕਿਲੋਗ੍ਰਾਮ ਤੱਕ ਦੀ ਛੋਟੀ ਪੈਕਿੰਗ ਦੀ ਵਿਕਰੀ ਸਬੰਧੀ ਲਾਇਸੈਂਸ ਪ੍ਰਕਿਰਿਆ ਤੋਂ ਛੋਟ ਦੇਣ ਦਾ ਫੈਸਲਾ ਕੀਤਾ ਗਿਆ ਹੈ।

ਸ੍ਰੀ ਸ਼ਿਆਮ ਸਿੰਘ ਰਾਣਾ ਨੇ ਵਿਭਾਗੀ ਕਾਰਵਾਈ ਦੀ ਜਾਣਕਾਰੀ ਦਿੰਦਿਆਂ ਸਪੱਸ਼ਟ ਕੀਤਾ ਕਿ ਫਰਮੈਂਟਿਡ ਆਰਗੈਨਿਕ ਮੈਨਿਊਰ (FOM), ਲਿਕਵਿਡ ਫਰਮੈਂਟਿਡ ਆਰਗੈਨਿਕ ਮੈਨਿਊਰ ਅਤੇ ਫਾਸਫੇਟ ਰਿਚ ਆਰਗੈਨਿਕ ਮੈਨਿਊਰ ਵਰਗੀਆਂ ਜੈਵਿਕ ਖਾਦਾਂ ਦੀ 5 ਕਿਲੋਗ੍ਰਾਮ ਤੱਕ ਦੀ ਛੋਟੀ ਪੈਕਿੰਗ ਅਤੇ 10 ਮੀਟ੍ਰਿਕ ਟਨ ਤੱਕ ਦਾ ਸਟਾਕ ਰੱਖਣ ਵਾਲੇ ਡੀਲਰਾਂ ਨੂੰ ਲਾਇਸੈਂਸਿੰਗ ਨਿਯਮਾਂ ਵਿੱਚ ਛੋਟ ਦੇਣ ਦੀ ਪ੍ਰਵਾਨਗੀ ਦੇ ਦਿੱਤੀ ਗਈ ਹੈ ਅਤੇ ਜਲਦੀ ਹੀ ਇਸ ਨੂੰ ਲਾਗੂ ਕਰ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਪਹਿਲਕਦਮੀ ਨਾਲ ਨਾ ਸਿਰਫ਼ ਸੂਬੇ ਵਿੱਚ ਜੈਵਿਕ ਉਤਪਾਦਾਂ ਦੀ ਵਰਤੋਂ ਵਧੇਗੀ, ਸਗੋਂ ਛੋਟੇ ਵਿਕਰੇਤਾਵਾਂ ਨੂੰ ਕਾਰੋਬਾਰ ਕਰਨ ਵਿੱਚ ਆਸਾਨੀ ਹੋਵੇਗੀ ਅਤੇ ਕਿਸਾਨਾਂ ਨੂੰ ਵੀ ਸਬਸਿਡੀ ਦਾ ਸਿੱਧਾ ਲਾਭ ਮਿਲੇਗਾ।

ਫਾਰਮ-6 ਭਰਨ ਨਾਲ ਨਹੀਂ ਹੋਵੇਗੀ ਕੋਈ ਕਾਨੂੰਨੀ ਕਾਰਵਾਈ : ਮੁੱਖ ਚੋਣ ਅਧਿਕਾਰੀ

ਚੰਡੀਗੜ੍ਹ, 5 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਰਿਆਣਾ ਦੇ ਮੁੱਖ ਚੋਣ ਅਧਿਕਾਰੀ ਏ. ਸ੍ਰੀਨਿਵਾਸ ਨੇ ਸਪੱਸ਼ਟ ਕੀਤਾ ਹੈ ਕਿ ਵਿਸ਼ੇਸ਼ ਗਹਿਰੀ ਸੋਧ (ਐਸਆਈਆਰ) ਦੌਰਾਨ ਜੇਕਰ ਕਿਸੇ ਵੋਟਰ ਦਾ ਨਾਮ ਮੁੱਢਲੀ ਵੋਟਰ ਸੂਚੀ ਵਿੱਚ ਸ਼ਾਮਲ ਨਹੀਂ ਹੋਇਆ ਹੈ ਤਾਂ ਉਹ ਵੋਟਰ ਸੂਚੀ ਵਿੱਚ ਆਪਣਾ ਨਾਮ ਦਰਜ ਕਰਵਾਉਣ ਲਈ ਫਾਰਮ-6 ਭਰ ਕੇ ਅਰਜ਼ੀ ਦੇ ਸਕਦਾ ਹੈ। ਇਹ ਵਿਵਸਥਾ ਸਾਰੇ ਯੋਗ ਨਾਗਰਿਕਾਂ 'ਤੇ ਲਾਗੂ ਹੋਵੇਗੀ, ਭਾਵੇਂ ਉਨ੍ਹਾਂ ਦਾ ਨਾਮ ਪਹਿਲਾਂ ਕਿਸੇ ਵੋਟਰ ਸੂਚੀ ਵਿੱਚ ਸ਼ਾਮਲ ਰਿਹਾ ਹੋਵੇ ਜਾਂ ਨਹੀਂ। ਉਨ੍ਹਾਂ ਦੱਸਿਆ ਕਿ ਭਾਰਤ ਦੇ ਚੋਣ ਕਮਿਸ਼ਨ ਨੇ ਸਪੱਸ਼ਟ ਕੀਤਾ ਹੈ ਕਿ ਜੇਕਰ ਕਿਸੇ ਵੋਟਰ ਦਾ ਨਾਮ ਡਰਾਫਟ ਵੋਟਰ ਸੂਚੀ ਵਿੱਚ ਸ਼ਾਮਲ ਨਹੀਂ ਹੈ ਤਾਂ ਉਸ ਨੂੰ ਐਸਆਈਆਰ ਦੌਰਾਨ ਜਾਂ ਇਸ ਤੋਂ ਬਾਅਦ ਵੋਟਰ ਸੂਚੀ ਵਿੱਚ ਨਾਮ ਸ਼ਾਮਲ ਕਰਵਾਉਣ ਲਈ ਨਵੇਂ ਸਿਰੇ ਤੋਂ ਫਾਰਮ-6 ਰਾਹੀਂ ਅਰਜ਼ੀ ਦੇਣੀ ਹੋਵੇਗੀ। ਮੁੱਖ ਚੋਣ ਅਧਿਕਾਰੀ ਨੇ ਦੱਸਿਆ ਕਿ ਪਹਿਲਾਂ ਵੋਟਰ ਸੂਚੀ ਵਿੱਚ ਨਾਮ ਦਰਜ ਹੋਣ ਦੇ ਬਾਵਜੂਦ ਸਿਰਫ਼ ਫਾਰਮ-6 ਭਰਨ ਨਾਲ ਕਿਸੇ ਵੀ ਤਰ੍ਹਾਂ ਦੀ ਗਲਤ ਘੋਸ਼ਣਾ ਜਾਂ ਕਾਨੂੰਨੀ ਕਾਰਵਾਈ ਦਾ ਆਧਾਰ ਨਹੀਂ ਬਣੇਗਾ। ਇਸ ਸਬੰਧ ਵਿੱਚ ਮਾਣਯੋਗ ਦਿੱਲੀ ਹਾਈ ਕੋਰਟ ਵੱਲੋਂ ਵੀ ਨਿਲੋਤਪਲ ਦੱਤਾ ਅਤੇ ਹੋਰ ਬਨਾਮ ਭਾਰਤ ਚੋਣ ਕਮਿਸ਼ਨ ਅਤੇ ਹੋਰ (ਫੈਸਲਾ ਮਿਤੀ 14.10.2026) ਦੇ ਮਾਮਲੇ ਵਿੱਚ ਇਹੀ ਸਥਿਤੀ ਸਪੱਸ਼ਟ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ ਕਿਸੇ ਵੀ ਚੋਣ ਰਜਿਸਟ੍ਰੇਸ਼ਨ ਅਧਿਕਾਰੀ (ਵੱਲੋਂ ਸਿਰਫ਼ ਇਸ ਆਧਾਰ 'ਤੇ ਲੋਕ ਪ੍ਰਤੀਨਿਧਤਾ ਐਕਟ, 1950 ਦੀ ਧਾਰਾ 31 ਤਹਿਤ ਕੋਈ ਕਾਰਵਾਈ ਨਹੀਂ ਕੀਤੀ ਜਾਵੇਗੀ ਕਿ ਬਿਨੈਕਾਰ ਦਾ ਨਾਮ ਪਹਿਲਾਂ ਵੋਟਰ ਸੂਚੀ ਵਿੱਚ ਸ਼ਾਮਲ ਸੀ ਅਤੇ ਉਸ ਨੇ ਐਸਆਈਆਰ ਦੌਰਾਨ ਜਾਂ ਇਸ ਤੋਂ ਬਾਅਦ ਫਾਰਮ-6 ਜਮ੍ਹਾਂ ਕਰਵਾਇਆ ਹੈ। ਹਾਲਾਂਕਿ, ਇਸ ਲਈ ਇਹ ਜ਼ਰੂਰੀ ਹੈ ਕਿ ਸਬੰਧਤ ਵੋਟਰ ਦਾ ਨਾਮ ਕਿਸੇ ਹੋਰ ਸੰਸਦੀ ਜਾਂ ਵਿਧਾਨ ਸਭਾ ਚੋਣ ਹਲਕੇ ਦੀ ਵੋਟਰ ਸੂਚੀ ਵਿੱਚ ਪਹਿਲਾਂ ਤੋਂ ਦਰਜ ਨਾ ਹੋਵੇ ਅਤੇ ਉਸ ਵੱਲੋਂ ਕੀਤੀ ਗਈ ਘੋਸ਼ਣਾ ਕਾਨੂੰਨ ਦੇ ਅਨੁਸਾਰ ਹੋਵੇ। ਮੁੱਖ ਚੋਣ ਅਧਿਕਾਰੀ, ਹਰਿਆਣਾ ਨੇ ਸਾਰੇ ਜ਼ਿਲ੍ਹਾ ਚੋਣ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਹਨ ਕਿ ਇਸ ਸਪੱਸ਼ਟੀਕਰਨ ਦਾ ਵਿਆਪਕ ਪ੍ਰਚਾਰ-ਪ੍ਰਸਾਰ ਯਕੀਨੀ ਬਣਾਇਆ ਜਾਵੇ, ਤਾਂ ਜੋ ਆਮ ਲੋਕਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਭੁਲੇਖੇ ਜਾਂ ਚਿੰਤਾ ਦੀ ਸਥਿਤੀ ਨਾ ਰਹੇ ਅਤੇ ਕੋਈ ਵੀ ਯੋਗ ਨਾਗਰਿਕ ਆਪਣਾ ਨਾਮ ਵੋਟਰ ਸੂਚੀ ਵਿੱਚ ਸ਼ਾਮਲ ਕਰਵਾਉਣ ਤੋਂ ਵਾਂਝਾ ਨਾ ਰਹੇ।



